ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
# ਆਵਾਜ਼ਿ ਕੌਮ
Awaze Qaum
(ਯੂ. ਕੇ. ਤੋਂ ਪ੍ਰਕਾਸ਼ਿਤ)
International Daily Newspaper & WEB TV
www.awazeqaumtv.com
Also On
Visit on facebook
https://www.facebook.com/awazeqaumtv/videos/1948995821245311/
https://youtu.be/LQwolgxDu7I
awazeqaumtvpunjab@gmail.com
ਵੀਰਵਾਰ, 4 ਦਸੰਬਰ 2025 (ਨਾਨਕਸ਼ਾਹੀ ਸੰਮਤ : ੫੫੭, ੧੯ ਮੱਘਰ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਕੇਂਦਰੀ ਮੰਤਰੀ ਰਵਨੀਤ ਬਿੱਟੂ ਨੂੰ ਨੋਟਿਸ ਹੋਇਆ ਜਾਰੀ

**ਨਵੀਂ ਦਿੱਲੀ, 3 ਦਸੰਬਰ (ਆਵਾਜ਼ਿ ਕੌਮ ਬਿਊਰੋ)**-



ਕੇਂਦਰੀ ਰਾਜ ਮੰਤਰੀ ਰਵਨੀਤ ਬਿੱਟੂ ਨੂੰ 17.62 ਲੱਖ ਰੁਪਏ ਦਾ ਰਿਕਵਰੀ ਨੋਟਿਸ ਜਾਰੀ ਕੀਤਾ ਗਿਆ ਹੈ। ਇਹ ਨੋਟਿਸ ਭਾਖੜਾ ਬਿਆਸ ਮੈਨੇਜਮੈਂਟ ਬੋਰਡ (BBMB) ਦੁਆਰਾ ਜਾਰੀ ਕੀਤਾ ਗਿਆ ਹੈ। ਦੋਸ਼ ਲਾਇਆ ਗਿਆ ਹੈ ਕਿ ਬਿੱਟੂ ਨੰਗਲ ਟਾਊਨਸ਼ਿਪ ਕਲੋਨੀ ਵਿੱਚ ਉਨ੍ਹਾਂ ਨੂੰ ਅਲਾਟ ਕੀਤੇ ਗਏ ਦੋ BBMB ਘਰਾਂ ਨੂੰ ਬਿਨਾਂ ਕਿਸੇ ਜਾਇਜ਼ ਕਬਜ਼ ਤੋਂ ਰੱਖਿਆ ਹੋਇਆ ਹੈ। ਇਹ ਘਰ ਬਿੱਟੂ ਨੂੰ ਕਾਂਗਰਸ ਦੇ ਸੰਸਦ ਮੈਂਬਰ (ਆਨੰਦਪੁਰ ਸਾਹਿਬ, 2009-14) ਦੇ ਕਾਰਜਕਾਲ ਦੌਰਾਨ ਅਲਾਟ ਕੀਤੇ ਗਏ ਸਨ। ਖਾਸ ਗੱਲ ਇਹ ਹੈ ਕਿ ਇਹਨਾਂ ਵਿੱਚੋਂ ਇੱਕ ਘਰ (48-9) ਅਜੇ ਵੀ ਕਾਂਗਰਸ ਦਫਤਰ ਵਜੋਂ ਵਰਤਿਆ ਜਾ ਰਿਹਾ ਹੈ। ਵਾਰ-ਵਾਰ ਨੋਟਿਸ ਦੇਣ ਦੇ ਬਾਵਜੂਦ ਮੰਤਰੀ ਬਿੱਟੂ ਨੇ ਜਵਾਬ ਦੇਣ ਵਿੱਚ ਅਸਫਲ ਰਹੇ। ਇਸ ਤੋਂ ਬਾਅਦ, BBMB ਨੇ ਉਨ੍ਹਾਂ ਤੋਂ ਕਿਰਾਇਆ ਵਸੂਲਣਾ ਸ਼ੁਰੂ ਕਰ ਦਿੱਤਾ। ਬੋਰਡ ਨੇ ਹੁਣ ਇਸ ਦੇ ਲਈ ਰਿਕਵਰੀ ਨੋਟਿਸ ਜਾਰੀ ਕੀਤਾ ਹੈ। ਸੂਤਰਾਂ ਅਨੁਸਾਰ, ਮੰਤਰੀ ਬਿੱਟੂ ਨੂੰ ਘਰ ਖਾਲੀ ਕਰਨ ਲਈ ਕਈ ਨੋਟਿਸ ਭੇਜੇ ਗਏ ਸਨ, ਪਰ ਉਨ੍ਹਾਂ ਨੇ ਕੋਈ ਜਵਾਬ ਨਹੀਂ ਦਿੱਤਾ। ਇਸ ਕਬਜ਼ੇ ਕਾਰਨ, ਬੋਰਡ ਨੇ ਇਨ੍ਹਾਂ ਘਰਾਂ 'ਤੇ ਜੁਰਮਾਨੇ ਦੀਆਂ ਦਰਾਂ ਲਗਾਉਣੀਆਂ ਸ਼ੁਰੂ ਕਰ ਦਿੱਤੀਆਂ।

## ਠਰ-ਠਰ ਕਰ ਰਹੇ ਪੰਜਾਬੀ, ਫਰੀਦਕੋਟ ਸਭ ਤੋਂ ਠੰਢਾ

# ਪੰਜਾਬ ਦੇ 8 ਜ਼ਿਲ੍ਹਿਆਂ 'ਚ ਸ਼ੀਤ ਲਹਿਰ ਦਾ ਅਲਰਟ

**ਚੰਡੀਗੜ੍ਹ, 3 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਲਓ ਵੀ ਪੰਜਾਬੀਓ ਤਿਆਰ ਹੋ ਜਾਓ ਹੁਣ ਠੰਡ ਛੇੜੇਗੀ ਕਾਂਬਾ ਤੇ ਵੱਧੇਗੀ ਠਾਰੀ। ਪੰਜਾਬ ਵਿੱਚ ਸਰਦੀ ਦੀ ਲਹਿਰ ਚੱਲ ਰਹੀ ਹੈ। ਪਿਛਲੇ 24 ਘੰਟਿਆਂ ਵਿੱਚ ਰਾਜ ਦੇ ਘੱਟੋ-ਘੱਟ ਤਾਪਮਾਨ ਵਿੱਚ 1 ਡਿਗਰੀ ਦੀ ਕਮੀ ਦਰਜ ਕੀਤੀ ਗਈ ਹੈ। ਇਹ ਸਧਾਰਣ ਤਾਪਮਾਨ ਤੋਂ 1.6 ਡਿਗਰੀ ਘੱਟ ਹੋ ਗਿਆ ਹੈ। ਸਥਿਤੀ ਧੁੰਦ ਵਾਲੀ ਵੀ ਹੈ। ਇਸ ਵੇਲੇ ਵੀ ਰਾਜ ਵਿੱਚ ਸ਼ੀਤ ਲਹਿਰ ਯਾਨੀਕਿ ਕੋਲਡ ਵੇਵ ਦਾ ਯੈਲੋ ਅਲਰਟ ਜਾਰੀ ਹੈ। ਰਾਜ ਵਿੱਚ ਸਭ ਤੋਂ ਘੱਟ ਘੱਟ ਤਾਪਮਾਨ ਫਰੀਦਕੋਟ ਵਿੱਚ 3 ਡਿਗਰੀ ਦਰਜ ਕੀਤਾ ਗਿਆ, ਜੋ ਕਿ ਰਾਜ ਦਾ ਸਭ ਤੋਂ ਠੰਢਾ ਸਥਾਨ ਹੈ। ਚੰਡੀਗੜ੍ਹ ਵਿੱਚ 6.6 ਡਿਗਰੀ ਤਾਪਮਾਨ ਦਰਜ ਕੀਤਾ ਗਿਆ ਹੈ। ਜਲੰਧਰ ਅਤੇ ਚੰਡੀਗੜ੍ਹ ਦੀ ਹਵਾ ਪ੍ਰਦੂਸ਼ਿਤ ਰਹੀ। 5 ਦਸੰਬਰ 2025 ਤੋਂ ਇੱਕ ਨਵਾਂ ਪਰ ਹਲਕਾ ਵੈਸਟਰਨ ਡਿਸਟਰਬੈਂਸ ਮੁੜ ਪੱਛਮੀ ਹਿਮਾਲਿਆ ਦੇ ਮੌਸਮ ਨੂੰ ਪ੍ਰਭਾਵਿਤ ਕਰੇਗਾ। ਮੌਸਮ ਵਿਭਾਗ ਦੇ ਅਨੁਸਾਰ, ਅੱਜ ਮੌਸਮ ਸੁੱਕਾ ਰਹੇਗਾ। ਇਸ ਵੇਲੇ ਇੱਕ ਵੈਸਟਰਨ ਡਿਸਟਰਬੈਂਸ ਉੱਤਰ ਪਾਕਿਸਤਾਨ ਦੇ ਉੱਪਰ ਬਣਿਆ ਹੋਇਆ ਹੈ, ਜਿਸ ਕਾਰਨ ਮੌਸਮ ਵਿੱਚ ਬਦਲਾਅ ਦੇਖਣ ਨੂੰ ਮਿਲ ਰਿਹਾ ਹੈ। ਇਸ ਕਾਰਨ ਹਰਿਆਣਾ ਦੇ ਨੇੜੇ ਹਵਾ ਦਾ ਘੁਮਾਓ (ਸਾਈਕਲੋਨ ਵਰਗੀ ਸਥਿਤੀ) ਹੁਣ ਦੱਖਣੀ ਹਿਮਾਚਲ ਪ੍ਰਦੇਸ਼ ਵੱਲ ਪਹੁੰਚ ਗਿਆ ਹੈ। ਹਾਲਾਂਕਿ, ਅੱਜ ਰਾਜਸਥਾਨ ਨਾਲ ਸਨੇਹੇ ਜ਼ਿਲ੍ਹਿਆਂ ਫਿਰੋਜ਼ਪੁਰ, ਫਰੀਦਕੋਟ, ਮੁਕਤਸਰ, ਫਾਜ਼ਿਲਕਾ, ਬਠਿੰਡਾ, ਮੋਗਾ, ਜਲੰਧਰ ਅਤੇ ਮਾਨਸਾ ਵਿੱਚ ਕੁਝ ਥਾਵਾਂ 'ਤੇ ਕੋਲਡ ਵੇਵ ਦਾ ਅਲਰਟ ਮੌਸਮ ਵਿਭਾਗ ਵੱਲੋਂ ਜਾਰੀ ਕੀਤਾ ਗਿਆ ਹੈ।



**ਸਾਰੇ ਜ਼ਿਲ੍ਹਿਆਂ ਦੀ ਹਵਾ ਪ੍ਰਦੂਸ਼ਿਤ** : ਸਵੇਰੇ ਛੇ ਵਜੇ ਬਠਿੰਡਾ ਅਤੇ ਰੂਪਨਗਰ ਨੂੰ ਛੱਡ ਕੇ ਪੰਜਾਬ ਦੇ ਸਾਰੇ ਸ਼ਹਿਰਾਂ ਦੀ ਹਵਾ ਪ੍ਰਦੂਸ਼ਿਤ ਸੀ। ਸਾਰੇ ਸ਼ਹਿਰਾਂ ਦਾ ਵਾਯੂ ਗੁਣਵੱਤਾ ਸੂਚਕਾਂਕ (AQI) 100 ਤੋਂ ਵੱਧ ਦਰਜ ਕੀਤਾ ਗਿਆ। ਬਠਿੰਡਾ ਅਤੇ ਰੂਪਨਗਰ ਦਾ AQI ਕ੍ਰਮਵਾਰ 76 ਅਤੇ 63 ਸੀ। ਜਲੰਧਰ ਦਾ AQI 171, ਖੰਨਾ 122, ਲੁਧਿਆਣਾ 124, ਮੰਡੀ ਗੋਬਿੰਦਗੜ੍ਹ 156, ਅਤੇ ਪਟਿਆਲਾ 143 ਦਰਜ ਕੀਤਾ ਗਿਆ। ਇਸੇ ਤਰ੍ਹਾਂ ਚੰਡੀਗੜ੍ਹ ਸੈਕਟਰ-22 ਦਾ AQI 181, ਮੋਹਾਲੀ ਨਾਲ ਸਨੇਹਾ ਸੈਕਟਰ-53 ਦਾ AQI 153 ਦਰਜ ਕੀਤਾ ਗਿਆ। ਹਾਲਾਂਕਿ ਸੈਕਟਰ-25 ਦਾ AQI ਦਰਜ ਨਹੀਂ ਹੋ ਸਕਿਆ।

## ਵਿਸਾਖੀ 'ਤੇ ਪਾਕਿਸਤਾਨ ਜਾਣ ਵਾਲੇ ਸ਼ਰਧਾਲੂਆਂ ਲਈ ਜ਼ਰੂਰੀ ਖ਼ਬਰ !

**ਅੰਮ੍ਰਿਤਸਰ, 3 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਖਾਲਸਾ ਸਾਜਨਾ ਦਿਵਸ (ਵਿਸਾਖੀ) ਦੇ ਮੌਕੇ 'ਤੇ ਪਾਕਿਸਤਾਨ ਦੇ ਗੁਰਦੁਆਰਾ ਸਾਹਿਬ ਦੇ ਦਰਸ਼ਨਾਂ ਲਈ ਜਾਣ ਵਾਲੇ ਸ਼ਰਧਾਲੂਆਂ ਲਈ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਹਨ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਾਰੇ ਦਿਲਚਸਪੀ ਰੱਖਣ ਵਾਲੇ ਸ਼ਰਧਾਲੂਆਂ ਨੂੰ 25 ਦਸੰਬਰ, 2025 ਤੱਕ ਆਪਣੇ ਪਾਸਪੋਰਟ ਜਮ੍ਹਾਂ ਕਰਾਉਣ ਦੀ ਬੇਨਤੀ ਕੀਤੀ ਹੈ। ਇਹ ਕਦਮ ਗੁਰਦੁਆਰਾ ਸ਼੍ਰੀ ਪੰਜਾ ਸਾਹਿਬ ਅਤੇ ਪਾਕਿਸਤਾਨ ਦੇ ਹੋਰ ਗੁਰਦੁਆਰਿਆਂ ਵਿੱਚ ਵਿਸ਼ੇਸ਼ ਪ੍ਰੋਗਰਾਮਾਂ ਅਤੇ ਦਰਸ਼ਨਾਂ ਨੂੰ ਯਕੀਨੀ ਬਣਾਉਣ ਲਈ ਚੁੱਕਿਆ ਗਿਆ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸਕੱਤਰ ਪ੍ਰਤਾਪ ਸਿੰਘ ਨੇ ਦੱਸਿਆ ਕਿ ਅਪ੍ਰੈਲ 2026 ਵਿੱਚ ਖਾਲਸਾ ਸਾਜਨਾ ਦਿਵਸ ਦੇ ਮੌਕੇ 'ਤੇ ਸਿੱਖ ਸ਼ਰਧਾਲੂਆਂ ਦੇ ਇੱਕ ਜਥੇ ਨੂੰ ਪਾਕਿਸਤਾਨ ਭੇਜਿਆ ਜਾਵੇਗਾ। ਇਸ ਜਥੇ ਦਾ ਮੁੱਖ ਸਥਾਨ ਗੁਰਦੁਆਰਾ ਸ਼੍ਰੀ ਪੰਜਾ ਸਾਹਿਬ ਹੋਵੇਗਾ, ਜਿੱਥੇ ਖ਼ਾਸ ਪ੍ਰੋਗਰਾਮ ਹੋਣਗੇ। ਇਸ ਤੋਂ ਇਲਾਵਾ, ਸ਼ਰਧਾਲੂ ਉੱਥੇ ਸਥਿਤ ਹੋਰ ਗੁਰਦੁਆਰਿਆਂ ਦੇ ਵੀ ਦਰਸ਼ਨ ਕਰਨਗੇ। ਪ੍ਰਤਾਪ ਸਿੰਘ ਨੇ ਦੱਸਿਆ ਕਿ ਜੱਥੇ ਵਿੱਚ ਹਿੱਸਾ ਲੈਣ ਵਾਲੇ ਸ਼ਰਧਾਲੂ 25 ਦਸੰਬਰ ਤੱਕ ਆਪਣੇ ਪਾਸਪੋਰਟ ਸ਼੍ਰੋਮਣੀ ਕਮੇਟੀ ਦਫ਼ਤਰ ਦੇ ਯਾਤਰਾ ਵਿਭਾਗ ਵਿੱਚ ਜਮ੍ਹਾਂ ਕਰਵਾ ਸਕਦੇ ਹਨ। ਹਰੇਕ ਸ਼ਰਧਾਲੂ ਨੂੰ ਆਪਣੇ ਹਲਕੇ ਦੇ ਸ਼੍ਰੋਮਣੀ ਕਮੇਟੀ ਮੈਂਬਰ ਤੋਂ ਸਿਫ਼ਾਰਸ਼ ਵੀ ਲੈਣੀ ਪਵੇਗੀ। ਪਛਾਣ ਦੇ ਸਬੂਤ ਵਜੋਂ ਆਪਣੇ ਆਧਾਰ ਕਾਰਡ ਜਾਂ ਵੋਟਰ ਆਈਡੀ ਕਾਰਡ ਦੀ ਫੋਟੋਕਾਪੀ ਵੀ ਜਮ੍ਹਾਂ ਕਰਵਾਉਣੀ ਪਵੇਗੀ। ਉਨ੍ਹਾਂ ਸਾਰੇ ਸ਼ਰਧਾਲੂਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਪਾਸਪੋਰਟ ਅਤੇ ਦਸਤਾਵੇਜ਼ ਆਖਰੀ ਮਿਤੀ ਤੱਕ ਜਮ੍ਹਾਂ ਕਰਵਾਉਣ ਤਾਂ ਜੋ ਵੀਜ਼ਾ ਪ੍ਰਕਿਰਿਆ ਸਮੇਂ ਸਿਰ ਪੂਰੀ ਹੋ ਸਕੇ। ਸ਼੍ਰੋਮਣੀ ਕਮੇਟੀ ਨੇ ਕਿਹਾ ਕਿ ਇਸ ਪ੍ਰਬੰਧ ਨਾਲ ਸ਼ਰਧਾਲੂ ਖਾਲਸਾ ਸਾਜਨਾ ਦਿਵਸ ਦੇ ਮੌਕੇ 'ਤੇ ਪਾਕਿਸਤਾਨ ਦੇ ਗੁਰਦੁਆਰਿਆਂ ਦੇ ਦਰਸ਼ਨ ਸੁਰੱਖਿਅਤ ਅਤੇ ਸੁਚੱਜੇ ਢੰਗ ਨਾਲ ਕਰ ਸਕਣਗੇ। ਹਰ ਸਾਲ ਵਾਂਗ ਇਸ ਵਾਰ ਵੀ ਪੂਰੀ ਪ੍ਰਕਿਰਿਆ ਨੂੰ ਸਫਲਤਾਪੂਰਵਕ ਲਾਗੂ ਕੀਤਾ ਜਾ ਰਿਹਾ ਹੈ।

## ਕੇਂਦਰ ਸਰਕਾਰ ਨੇ 'ਸੰਚਾਰ ਸਾਰਥੀ' ਨੂੰ ਲੈ ਕੇ ਬਦਲਿਆ ਆਪਣਾ ਫੈਸਲਾ, ਮੋਬਾਈਲ 'ਚ ਪ੍ਰੀ-ਇੰਸਟਾਲ ਨਹੀਂ ਹੋਵੇਗਾ ਐਪ

**ਨਵੀਂ ਦਿੱਲੀ, 3 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਕੇਂਦਰ ਸਰਕਾਰ ਨੇ 28 ਨਵੰਬਰ ਦੇ ਆਪਣੇ ਹੁਕਮ ਨੂੰ ਵਾਪਸ ਲੈ ਲਿਆ ਹੈ ,ਜਿਸ ਵਿੱਚ ਸਮਾਰਟਫੋਨ ਕੰਪਨੀਆਂ ਨੂੰ ਫੋਨ 'ਚ ਸੰਚਾਰ ਸਾਥੀ ਐਪ ਨੂੰ ਪ੍ਰੀ-ਇੰਸਟਾਲ ਕਰਕੇ ਵੇਚਣ ਲਈ ਕਿਹਾ ਸੀ। ਇਸ ਫੈਸਲੇ ਤੋਂ ਬਾਅਦ ਦੇਸ਼ ਭਰ ਵਿੱਚ ਨਿੱਜਤਾ ਅਤੇ ਆਜ਼ਾਦੀ ਨੂੰ ਲੈ ਕੇ ਇੱਕ ਵੱਡੀ ਬਹਿਸ ਛਿੜ ਗਈ। ਦੂਰਸੰਚਾਰ ਵਿਭਾਗ ਨੇ 90 ਦਿਨਾਂ ਦੇ ਅੰਦਰ ਪਾਲਣਾ ਨੂੰ ਲਾਜ਼ਮੀ ਕਰ ਦਿੱਤਾ ਸੀ, ਜਿਸਦੀ ਪਾਲਣਾ ਰਿਪੋਰਟ 120 ਦਿਨਾਂ ਦੇ ਅੰਦਰ ਦੂਰਸੰਚਾਰ ਵਿਭਾਗ ਨੂੰ ਸੌਂਪਣੀ ਸੀ। ਸਰਕਾਰ ਨੇ ਹੁਣ ਸੰਚਾਰ ਸਾਥੀ ਐਪ ਨੂੰ ਲਾਜ਼ਮੀ ਦੀ ਬਜਾਏ ਸਵੈਇੱਛਤ ਬਣਾਉਣ ਦਾ ਫੈਸਲਾ ਕੀਤਾ ਹੈ, ਕਿਉਂਕਿ ਲੋਕ ਇਸਨੂੰ ਤੇਜ਼ੀ ਨਾਲ ਅਪਣਾ ਰਹੇ ਹਨ। ਇਹ ਧਿਆਨ ਦੇਣ ਯੋਗ ਹੈ ਕਿ ਪਿਛਲੇ 24 ਘੰਟਿਆਂ ਵਿੱਚ ਲੱਖਾਂ ਲੋਕਾਂ ਨੇ ਐਪ ਡਾਊਨਲੋਡ ਕੀਤੀ ਹੈ ਅਤੇ ਸਰਕਾਰ ਹੁਣ ਮੰਨਦੀ ਹੈ ਕਿ ਲੋਕ ਇਸਨੂੰ ਬਿਨਾਂ ਕਿਸੇ ਮਜਬੂਰੀ ਦੇ ਅਪਣਾ ਰਹੇ ਹਨ। ਪਹਿਲਾਂ ਆਈਫੋਨ ਨਿਰਮਾਤਾ ਐਪਲ ਨੇ ਸਰਕਾਰ ਦੇ ਫੈਸਲੇ ਦੀ ਪਾਲਣਾ ਕਰਨ ਤੋਂ ਸਾਫ਼ ਇਨਕਾਰ ਕਰ ਦਿੱਤਾ ਸੀ। 28 ਨਵੰਬਰ ਨੂੰ ਸਰਕਾਰ ਨੇ ਇੱਕ ਆਦੇਸ਼ ਜਾਰੀ ਕੀਤਾ ਸੀ , ਜਿਸ ਵਿੱਚ ਭਾਰਤ ਵਿੱਚ ਬਣਾਏ ਅਤੇ ਵੇਚੇ ਜਾਣ ਵਾਲੇ ਸਾਰੇ ਸਮਾਰਟਫੋਨਾਂ ਵਿੱਚ ਸੰਚਾਰ ਸਾਥੀ ਐਪ ਪਹਿਲਾਂ ਤੋਂ ਇੰਸਟਾਲ ਹੋਣੀ ਚਾਹੀਦੀ ਹੈ ਅਤੇ ਉਪਭੋਗਤਾ ਇਸਨੂੰ ਹਟਾ ਨਹੀਂ ਸਕਣਗੇ। ਦੂਰਸੰਚਾਰ ਵਿਭਾਗ ਨੇ ਕੰਪਨੀਆਂ ਨੂੰ ਇਸ ਬਦਲਾਅ ਨੂੰ ਲਾਗੂ ਕਰਨ ਲਈ 90 ਦਿਨ ਦਾ ਸਮਾਂ ਦਿੱਤਾ ਸੀ ਇਸ ਆਦੇਸ਼ ਤੋਂ ਬਾਅਦ ਵੱਖ-ਵੱਖ ਸਮਾਰਟਫੋਨ ਕੰਪਨੀਆਂ ਅਤੇ ਵਿਅਕਤੀਆਂ ਵੱਲੋਂ ਸ਼ਿਕਾਇਤਾਂ ਆਉਣੀਆਂ ਸ਼ੁਰੂ ਹੋ ਗਈਆਂ। ਸਮਾਰਟਫੋਨ ਕੰਪਨੀਆਂ ਨੇ ਇਸ ਫੈਸਲੇ ਨੂੰ ਆਪਣੀ ਨੀਤੀ ਦੇ ਵਿਰੁੱਧ ਕਿਹਾ ਅਤੇ ਇਸਨੂੰ ਆਪਣੀ ਪ੍ਰਾਈਵੇਸੀ 'ਚ ਦਾਖਲ ਦੇ ਤੌਰ 'ਤੇ ਦੇਖਿਆ। ਵਧ ਰਹੇ ਵਿਵਾਦ ਦੇ ਵਿਚਕਾਰ ਸਰਕਾਰ ਨੇ ਮੰਗਲਵਾਰ ਨੂੰ ਸਪੱਸ਼ਟ ਕੀਤਾ ਕਿ ਐਪ ਇੱਕ ਵਿਕਲਪਿਕ ਐਪ ਹੋਵੇਗਾ ਅਤੇ ਉਪਭੋਗਤਾ ਜੇਕਰ ਚਾਹੁਣ ਤਾਂ ਇਸਨੂੰ ਆਸਾਨੀ ਨਾਲ ਡਿਲੀਟ ਕਰ ਸਕਣਗੇ। ਸਰਕਾਰ ਦੇ ਸਪੱਸ਼ਟੀਕਰਨ ਦੇ ਬਾਵਜੂਦ ਆਈਫੋਨ ਨਿਰਮਾਤਾ ਨੇ ਫੈਸਲੇ ਨੂੰ ਸਵੀਕਾਰ ਕਰਨ ਤੋਂ ਇਨਕਾਰ ਕਰ ਦਿੱਤਾ। ਐਪਲ ਨੇ ਇਸ ਫੈਸਲੇ ਨੂੰ ਆਪਣੀ ਨੀਤੀ ਦੇ ਵਿਰੁੱਧ ਮੰਨਿਆ ਕਿਉਂਕਿ ਇਹ ਆਪਣੇ ਫੋਨਾਂ 'ਤੇ ਕੋਈ ਵੀ ਐਪ ਪਹਿਲਾਂ ਤੋਂ ਸਥਾਪਤ ਨਹੀਂ ਕਰਦਾ ਹੈ। ਇਸ ਤੋਂ ਇਲਾਵਾ ਐਪਲ ਨੇ ਸੰਚਾਰ ਸਾਥੀ ਸੰਬੰਧੀ ਉਪਭੋਗਤਾ ਦੀ ਗੋਪਨੀਯਤਾ ਬਾਰੇ ਚਿੰਤਾ ਪ੍ਰਗਟ ਕੀਤੀ। ਇਸ ਤੋਂ ਬਾਅਦ ਹੁਣ ਖ਼ਬਰਾਂ ਸਾਹਮਣੇ ਆਈਆਂ ਹਨ ਕਿ ਸਰਕਾਰ ਨੇ ਇਸ ਫੈਸਲੇ ਨੂੰ ਵਾਪਸ ਲੈ ਲਿਆ ਹੈ ਅਤੇ ਫੋਨਾਂ 'ਤੇ ਸੰਚਾਰ ਸਾਥੀ ਐਪ ਨੂੰ ਪਹਿਲਾਂ ਤੋਂ ਇੰਸਟਾਲ ਕਰਨ ਦੀ ਸ਼ਰਤ ਨੂੰ ਹਟਾ ਦਿੱਤਾ ਹੈ।




## ਜਲੰਧਰ ਵਿਖੇ ਕਤਲ ਕੀਤੀ ਕੁੜੀ ਦੇ ਮਾਮਲੇ 'ਚ ਮੁਲਜ਼ਮ ਕੋਰਟ 'ਚ ਪੇਸ਼, 2 ਦਿਨ ਦਾ ਹੋਰ ਰਿਮਾਂਡ ਮਿਲਿਆ



**ਜਲੰਧਰ, 3 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਜਲੰਧਰ ਵਿਖੇ 22 ਨਵੰਬਰ 13 ਸਾਲਾ ਕੁੜੀ ਨਾਲ ਜਬਰ-ਜ਼ਿਨਾਹ ਕਰਨ ਅਤੇ ਉਸ ਦਾ ਗਲਾ ਘੁੱਟ ਕੇ ਕਤਲ ਕਰਨ ਦੇ ਮੁਲਜ਼ਮ ਹਰਮਿੰਦਰ ਨੂੰ ਅੱਜ 9 ਦਿਨ ਦਾ ਰਿਮਾਂਡ ਖ਼ਤਮ ਹੋਣ ਮਗਰੋਂ ਅਦਾਲਤ ਵਿਚ ਪੇਸ਼ ਕੀਤਾ ਗਿਆ। ਇਥੋਂ ਅਦਾਲਤ ਵੱਲੋਂ ਉਸ ਨੂੰ ਦੋ ਦਿਨ ਦੇ ਹੋਰ ਰਿਮਾਂਡ 'ਤੇ ਭੇਜ ਦਿੱਤਾ ਗਿਆ ਹੈ। ਕੋਰਟ ਵਿਚ ਪੇਸ਼ ਕਰਨ ਤੋਂ ਪਹਿਲਾਂ ਦੋਸ਼ੀ ਨੂੰ ਸਿਵਲ ਹਸਪਤਾਲ ਵਿਚ ਲਿਜਾ ਕੇ ਉਸ ਦਾ ਮੈਡੀਕਲ ਕਰਵਾਇਆ ਗਿਆ। ਇਥੇ ਇਹ ਵੀ ਦੱਸ ਦੇਈਏ ਕਿ ਮੰਗਲਵਾਰ ਨੂੰ ਥਾਣਾ ਬਸਤੀ ਬਾਵਾ ਖੇਲ ਦੀ ਪੁਲਸ ਡਿਊਟੀ ਮੈਜਿਸਟ੍ਰੇਟ ਦੀ ਮੌਜੂਦਗੀ ਵਿਚ ਵਾਰਦਾਤ ਵਾਲੀ ਜਗ੍ਹਾ 'ਤੇ ਲੈ ਕੇ ਗਈ ਸੀ ਅਤੇ ਇਸ ਦੌਰਾਨ ਕਮਿਸ਼ਨਰੇਟ ਪੁਲਸ ਦੇ ਕਈ ਸੀਨੀਅਰ ਅਧਿਕਾਰੀ ਅਤੇ ਭਾਰੀ ਪੁਲਸ ਫੋਰਸ ਵੀ ਤਾਇਨਾਤ ਕੀਤੀ ਗਈ ਸੀ। ਇਸ ਦੌਰਾਨ ਪੁਲਸ ਨੇ ਮੁਲਜ਼ਮ ਹਰਮਿੰਦਰ ਤੋਂ ਵਾਰਦਾਤ ਵਾਲੇ ਦਿਨ ਦੀ ਪੂਰੀ ਜਾਣਕਾਰੀ ਲਈ ਗਈ ਅਤੇ ਇਸ ਪੂਰੇ ਘਟਨਾਕ੍ਰਮ ਦੀ ਵੀਡੀਓਗ੍ਰਾਫੀ ਵੀ ਕੀਤੀ ਗਈ। ਵਾਰਦਾਤ ਵਾਲੇ ਦਿਨ ਨਾਬਾਲਗਾ ਦੇ ਕਤਲ ਤੋਂ ਬਾਅਦ ਭੜਕੇ ਲੋਕਾਂ ਵੱਲੋਂ ਜਿਹੜੀ ਗੱਡੀ ਤੋੜ ਦਿੱਤੀ ਗਈ ਸੀ, ਉਸ ਨੂੰ ਵੀ ਪੁਲਸ ਨੇ ਆਪਣੇ ਕਬਜ਼ੇ ਵਿਚ ਲੈ ਲਿਆ। ਮੁਲਜ਼ਮ ਨੂੰ ਪੀੜਤ ਪਰਿਵਾਰ ਅਤੇ ਹੋਰਨਾਂ ਲੋਕਾਂ ਵੱਲੋਂ ਫਾਂਸੀ ਦਿੱਤੇ ਜਾਣ ਦੀ ਮੰਗ ਲਗਾਤਾਰ ਕੀਤੀ ਜਾ ਰਹੀ ਹੈ। ਮੁਲਜ਼ਮ ਖ਼ਿਲਾਫ਼ 23 ਨਵੰਬਰ ਨੂੰ ਥਾਣਾ ਬਸਤੀ ਬਾਵਾ ਖੇਲ ਵਿਚ ਨਾਬਾਲਗਾ ਦੀ ਮਾਂ ਦੇ ਬਿਆਨਾਂ 'ਤੇ 230 ਨੰਬਰ ਐੱਫ਼. ਆਈ. ਆਰ. ਦਰਜ ਕੀਤੀ ਗਈ ਸੀ ਅਤੇ ਉਸ ਤੋਂ ਬਾਅਦ ਉਸ ਨੂੰ ਅਦਾਲਤ ਵਿਚ ਪੇਸ਼ ਕਰਕੇ 10 ਦਿਨ ਦਾ ਪੁਲਸ ਰਿਮਾਂਡ ਮੰਗਿਆ ਗਿਆ ਸੀ ਪਰ ਮਾਣਯੋਗ ਜੱਜ ਨੇ 9 ਦਿਨ ਦਾ ਪੁਲਸ ਰਿਮਾਂਡ ਦਿੱਤਾ ਸੀ, ਜਿਸ ਤੋਂ ਬਾਅਦ ਪੁਲਸ ਮੁਲਜ਼ਮ ਤੋਂ ਲਗਾਤਾਰ ਪੁੱਛਗਿੱਛ ਕਰਦੀ ਰਹੀ। ਅੱਜ ਉਸ ਨੂੰ ਮੁੜ ਅਦਾਲਤ ਵਿਚ ਪੇਸ਼ ਕੀਤਾ ਗਿਆ, ਜਿੱਥੇ ਜੱਜ ਨੇ 2 ਦਿਨ ਦਾ ਹੋਰ ਰਿਮਾਂਡ ਦੇ ਦਿੱਤਾ ਹੈ।

## ਭਿਖੀਵਿੰਡ 'ਚ 'ਆਪ' ਦੀ ਧੱਕੇਸ਼ਾਹੀ ਖਿਲਾਫ਼ ਅਕਾਲੀ ਦਲ ਨੇ ਸੁਖਬੀਰ ਸਿੰਘ ਬਾਦਲ ਦੀ ਅਗਵਾਈ 'ਚ ਲਾਇਆ ਰੋਸ ਧਰਨਾ

**ਭਿਖੀਵਿੰਡ, 3 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਨੇ ਅੱਜ ਭਿੱਖੀਵਿੰਡ ਚੌਂਕ ਵਿਚ ਆਮ ਆਦਮੀ ਪਾਰਟੀ ਵੱਲੋਂ ਅਕਾਲੀ ਦਲ ਦੇ ਉਮੀਦਵਾਰਾਂ ਦੇ ਨਾਮਜ਼ਦਗੀ ਪੱਤਰ ਪਾੜੇ ਜਾਣ ਅਤੇ ਉਹਨਾਂ ਨੂੰ ਬਲਾਕ ਸੰਮਤੀ ਅਤੇ ਜ਼ਿਲ੍ਹਾ ਪ੍ਰੀਸ਼ਦ ਚੋਣਾਂ ਲੜਨ ਰੋਕਣ ਲਈ ਕੀਤੀ ਕਾਰਵਾਈ ਦੇ ਖਿਲਾਫ ਰੋਸ ਧਰਨਾ ਦਿੱਤਾ। ਇਸ ਰੋਸ ਧਰਨੇ ਵਿਚ ਪਾਰਟੀ ਵਰਕਰਾਂ ਦੀ ਅਗਵਾਈ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਦੋਸ਼ ਲਾਇਆ ਕਿ ਆਮ ਆਦਮੀ ਪਾਰਟੀ ਧੱਕੇਸ਼ਾਹੀ ਕਰ ਰਹੀ ਹੈ, ਪਰ ਉਹ ਬਲਾਕ ਸੰਮਤੀ ਤੇ ਜ਼ਿਲ੍ਹਾ ਪ੍ਰੀਸਦ ਚੋਣਾਂ ਵਿਚ ਲੋਕਤੰਤਰ ਦੀ ਰਾਖੀ ਵਾਸਤੇ ਪਾਰਟੀ ਵਰਕਰਾਂ ਦੇ ਨਾਲ ਹਨ ਅਤੇ ਹਮੇਸ਼ਾ ਮੋਹਰੀ ਹੋ ਕੇ ਲੜਨਗੇ। ਉਹਨਾਂ ਕਿਹਾ ਕਿ ਅਸੀਂ ਇਸ ਭ੍ਰਿਸ਼ਟ ਤੇ ਫੇਲ੍ਹ ਹੋਈ ਸਰਕਾਰ ਨੂੰ ਕਿਸੇ ਵੀ ਕੀਮਤ 'ਤੇ ਲੋਕਤੰਤਰ ਦਾ ਕਤਲ ਨਹੀਂ ਕਰਨ ਦਿਆਂਗੇ। ਉਹਨਾਂ ਨੇ ਮੌਕੇ 'ਤੇ ਸੂਬਾ ਚੋਣ ਕਮਿਸ਼ਨ ਨੂੰ ਫੋਨ ਵੀ ਕੀਤਾ ਅਤੇ ਦੱਸਿਆ ਕਿ ਅਕਾਲੀ ਦਲ ਕੋਲ ਇਸ ਗੱਲ ਦੇ ਵੀਡੀਓ ਸਬੂਤ ਮੌਜੂਦ ਹਨ ਕਿ ਆਪ ਆਗੂ ਪੁਲਿਸ ਦੀ ਮਦਦ ਨਾਲ ਅਕਾਲੀ ਉਮੀਦਵਾਰਾਂ ਦੇ ਨਾਮਜ਼ਦਗੀ ਪੱਤਰ ਪਾੜ ਰਹੇ ਹਨ। ਇਸ ਮੌਕੇ ਐਸਐਸਪੀ ਖੁਦ ਧਰਨੇ ਵਾਲੀ ਥਾਂ ਪਹੁੰਚ ਕੇ ਭਰੋਸਾ ਦੁਆਇਆ ਕਿ ਅਕਾਲੀ ਦਲ ਦੇ ਸਾਰੇ ਉਮੀਦਵਾਰਾਂ ਦੇ ਨਾਮਜ਼ਦਗੀ ਪੱਤਰ ਭਲਕੇ ਭਰਨ ਦਿੱਤੇ ਜਾਣਗੇ ਜਿਸ ਮਗਰੋਂ ਧਰਨਾ ਚੁੱਕਿਆ ਗਿਆ। ਸੁਖਬੀਰ ਸਿੰਘ ਬਾਦਲ ਨੇ ਸੂਬੇ ਭਰ ਵਿਚ ਪਾਰਟੀ ਆਗੂਆਂ ਨੂੰ ਅਪੀਲ ਕੀਤੀ ਕਿ ਉਹ ਬੇਖੌਫ ਹੋ ਕੇ ਆਪਣੇ ਨਾਮਜ਼ਦਗੀ ਪੱਤਰ ਦਾਖਲ ਕਰਨ ਅਤੇ ਅਪੀਲ ਕੀਤੀ ਕਿ ਜੇਕਰ ਉਹਨਾਂ ਨੂੰ ਨਾਮਜ਼ਦਗੀ ਪੱਤਰ ਦਾਖਲ ਕਰਨ ਤੋਂ ਰੋਕਿਆ ਜਾਂਦਾ ਹੈ ਤਾਂ ਫਿਰ ਉਹ ਲੋਕਤੰਤਰੀ ਢੰਗ ਨਾਲ ਰੋਸ ਪ੍ਰਦਰਸ਼ਨ ਕਰਨ। ਉਹਨਾਂ ਨੇ ਸਿਵਲ ਅਫਸਰਾਂ ਨੂੰ ਵੀ ਅਪੀਲ ਕੀਤੀ ਕਿ ਉਹ ਅਕਾਲੀ ਦਲ ਦੇ ਉਮੀਦਵਾਰਾਂ ਦੇ ਕਾਗਜ਼ ਰੱਦ ਕਰਨ ਵਾਸਤੇ ਇਕਪਾਸੜ ਰਵੱਈਏ ਵਜੋਂ ਕੰਮ ਨਾ ਕਰਨ ਅਤੇ ਕਿਹਾ ਕਿ ਕਾਨੂੰਨ ਮੁਤਾਬਕ ਤੁਹਾਨੂੰ ਤੁਹਾਡੇ ਗੁਨਾਹਾਂ ਲਈ ਜ਼ਿੰਮੇਵਾਰ ਠਹਿਰਾਇਆ ਜਾਵੇਗਾ। ਅਕਾਲੀ ਦਲ ਦੇ ਪ੍ਰਧਾਨ ਨੇ ਪੱਟੀ ਵਿਖੇ ਪਾਰਟੀ ਵਰਕਰਾਂ ਨੂੰ ਵੀ ਸੰਬੋਧਨ ਕੀਤਾ ਅਤੇ ਅੱਜ ਨਾਮਜ਼ਦਗੀ ਪੱਤਰ ਦਾਖਲ ਕਰਨ ਵੇਲੇ ਪਾਰਟੀ ਵਰਕਰਾਂ ਦੇ ਨਾਲ ਵੀ ਗਏ ਅਤੇ ਜ਼ੋਰ ਦੇ ਕੇ ਕਿਹਾ ਕਿ ਆਮ ਆਦਮੀ ਪਾਰਟੀ (ਆਪ) ਬਲਾਕ ਸੰਮਤੀ ਅਤੇ ਜ਼ਿਲ੍ਹਾ ਪ੍ਰੀਸ਼ਦ ਚੋਣਾਂ ਵਿਚ ਧੱਕੇਸ਼ਾਹੀ ਕਰ ਰਹੀ ਹੈ ਕਿਉਂਕਿ ਇਸਨੂੰ ਡਰ ਹੈ ਕੇ ਲੋਕ ਇਸਨੂੰ ਹਰਾ ਦੇਣਗੇ।



# ਸੱਦਾ ਪੱਤਰ

# 8ਵੀਂ ਬਰਸੀ ਦੀ ਮਿੱਠੀ ਯਾਦ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਪਾਠ ਦਾ ਭੋਗ 19 ਦਸੰਬਰ ਨੂੰ



ਸਵ. ਸ. ਪਿਆਰਾ ਸਿੰਘ ਜੀ ਪਹਿਲਵਾਨ

## ਸਵਰਗੀ ਸਰਦਾਰ ਪਿਆਰਾ ਸਿੰਘ ਪਹਿਲਵਾਨ ਜੀ ਦੀ

## 8ਵੀਂ ਬਰਸੀ ਤੇ ਮਿੱਠੀ ਯਾਦ ਮੌਕੇ

ਪਰਿਵਾਰ ਵਲੋਂ ਗੁਰਦੁਆਰਾ ਨਾਨਕਸਰ ਪਲੈਕ ਵਾਲਸਾਲ ਵਿਖੇ ਅਰੰਭ ਸ੍ਰੀ ਅਖੰਡਪਾਠ ਸਾਹਿਬ 19 ਦਸੰਬਰ 2025 ਦਿਨ ਸ਼ੁੱਕਰਵਾਰ ਸਵੇਰੇ 10 ਵਜੇ ਅਤੇ ਭੋਗ ਸ੍ਰੀ ਅਖੰਡਪਾਠ ਸਾਹਿਬ 21 ਦਸੰਬਰ 2025 ਦਿਨ ਐਤਵਾਰ ਸਵੇਰੇ 10 ਵਜੇ ਪਾਏ ਜਾਣਗੇ

**ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਦੀ ਅਰਦਾਸ ਉਪਰੰਤ ਗੁਰਦੁਆਰਾ ਸਾਹਿਬ ਦਾ ਹਜ਼ੂਰੀ ਜਥਾ ਕੀਰਤਨ ਕਰੇਗਾ। ਸਿੱਖ ਪ੍ਰਚਾਰਕ ਬਾਬਾ ਬਘੇਲ ਸਿੰਘ ਜੀ ਗੁਰਬਾਣੀ ਕਥਾ ਦੁਆਰਾ ਨਿਹਾਲ ਕਰਨਗੇ। ਭਾਈ ਹਰਮੇਲ ਸਿੰਘ ਦਿਲਬਰ ਦਾ ਢਾਡੀ ਜੱਥਾ ਅਤੇ ਪੰਥਕ ਬੁਲਾਰੇ ਸੰਗਤਾਂ ਨੂੰ ਨਿਹਾਲ ਕਰਨਗੇ।**

ਗੁਰੂ ਪਿਆਰੀ ਸਾਧ ਸੰਗਤ ਜੀਓ,
ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ।।

ਸਾਡੇ ਬਹੁਤ ਹੀ ਸਤਿਕਾਰਯੋਗ ਪਿਤਾ ਜੀ ਸਰਦਾਰ ਪਿਆਰਾ ਸਿੰਘ ਪਹਿਲਵਾਨ ਅਕਾਲ ਪੁਰਖ ਵਲੋਂ ਬਖਸੀ ਹੋਈ ਸਵਾਸਾਂ ਦੀ ਪੂੰਜੀ ਨੂੰ ਭੋਗਦੇ ਹੋਏ 16 ਦਸੰਬਰ 2017 ਸਾਨੂੰ ਸਦਾ ਲਈ ਸਦੀਵੀ ਵਿਛੋੜਾ ਦੇ ਗਏ ਸਨ। ਉਨ੍ਹਾਂ ਦੀ **ਅੱਠਵੀਂ ਬਰਸੀ** 'ਤੇ ਪਰਿਵਾਰ ਵਲੋਂ ਮਿੱਠੀ ਯਾਦ ਵਿੱਚ ਗੁਰਦੁਆਰਾ ਨਾਨਕਸਰ ਪਲੈਕ ਵਾਲਸਾਲ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਪਾਠ ਕਰਵਾਏ ਜਾ ਰਹੇ ਹਨ ।

**ਆਪ ਜੀ ਨੂੰ ਬੇਨਤੀ ਹੈ ਕਿ ਪਰਿਵਾਰ ਸਮੇਤ ਪਹੁੰਚ ਕੇ ਅਰਦਾਸ ਵਿੱਚ ਸ਼ਾਮਲ ਹੋਣ ਦੀ ਕ੍ਰਿਪਾਲਤਾ ਕਰਨੀ ਜੀ**

### --- ✶ ਗੁਰਦੁਆਰਾ ਸਾਹਿਬ ਦਾ ਪਤਾ ✶----

**Gurdawara Nanaksar Pleck 4 Wellington St, Walsall , WS2 9QR, West Midlands , Tel. : 01922 641040**

### -- ✶ ਸਤਿਗੁਰੂ ਦੇ ਭਾਣੇ ਵਿੱਚ ✶--

| | | | |
|---|---|---|---|
| ਬੀਬੀ ਗੁਰਮੀਤ ਕੌਰ | (ਪਤਨੀ) | ਕੁਲਵਿੰਦਰ ਕੌਰ | (ਪੁੱਤਰੀ) |
| ਰਘਵੀਰ ਸਿੰਘ | (ਪੁੱਤਰ) | ਜਸਵਿੰਦਰ ਕੌਰ | (ਪੁੱਤਰੀ) |
| ਜਰਨੈਲ ਸਿੰਘ | (ਪੁੱਤਰ) | ਅਤੇ ਸਮੂਹ ਪਰਿਵਾਰ | |

Contact : 07830202647 (Jarnail Singh Johal), 07976210161 (Raghbir Singh)

ਆਵਾਜ਼ਿ ਕੌਮ AWAZE QAUM International Newspaper & WEB TV










ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛਕ ਕੇ ਗੁਰੂ ਵਾਲੇ ਬਣੋ**
Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**
Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**
Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**
Learn Gurmukhi Punjabi

**ਗਤਕਾ ਸਿੱਖੋ** Learn Gatka
www.damdamitaksal.net


# ਆਵਾਜ਼ਿ ਕੌਮ
Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243


ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

# ਸਾਂਝਾ ਪੰਜਾਬ

## VEG & NON-VEG INDIAN

WE CATER FOR
★★★★★









# SANJHA PUNJAB

VEG & NON-VEG INDIAN

TAKE AWAY MENU

0116 291 1565
075 9999 5787
47 BELGRAVE ROAD
LEICESTER LE4 6AR
visit us : www.sanjhapunjab.co.uk
email: sanjha47@hotmail.com

0784 102 9416

# SANJHA PUNJAB

VEG & NON-VEG INDIAN

0116 291 1565
visit us : www.sanjhapunjab.co.uk
email: sanjha47@hotmail.com

ALLERGY ADVICE !!

Please ask a member of staff if you have any food intolerance or allergies.

ਆਵਾਜ਼ਿ ਕੌਮ AWAZE QAUM
International Newspaper & WEB TV




# SAROA DENTAL CLINIC & IMPLANT CENTRE

**A Multispeciality Dental Clinic...**

- DENTAL CHECKUP
- CLEANING
- ROOT CANALS
- PREVENTIVE CARE

**LATEST FACILITIES AVAILABLE :**

Dental Implants
Dental Laset
Tooth Coloured Braces
Digital IOPA x-ray
Digital OPG x-ray

**DR. KAMALJIT SAROA**
B.D.S., Dental Surgeon
Moti Nagar, Near Railway Crossing, Maqsudan
Jalandhar-144 008

**Contact :**
98150-83338
70879-59639



ਮੈਂ ਖ਼ੁਦ ਆਪਣਾ ਇਲਾਜ ਆਪਣੀ ਇੰਡੀਆ ਵਿਜਿਟ ਦੌਰਾਨ ਇੱਥੋਂ ਕਰਵਾਇਆ ਹੈ ਅਤੇ ਮੈਂ ਸਮੂਹ ਐਨ. ਆਰ. ਆਈਜ਼ ਅਤੇ ਲੋਕਲ ਵਸਨੀਕਾਂ ਨੂੰ ਵਿਸ਼ਵਾਸ ਦਿਵਾਉਂਦਾ ਹਾਂ ਕਿ ਸਰੋਆ ਡੈਂਟਲ ਕਲੀਨਿਕ ਅਤੇ ਇੰਪਲਾਂਟ ਸੈਂਟਰ ਵੱਲੋਂ ਬਹੁਤ ਹੀ ਵਧੀਆ ਅਤੇ ਵਾਜਬ ਸੇਵਾਵਾਂ ਪ੍ਰਦਾਨ ਕੀਤੀਆਂ ਹਨ ਅਤੇ ਇਸੇ ਕਾਰਨ ਮੈਂ ਅਪੀਲ ਕਰਦਾ ਹਾਂ ਕਿ ਜੇਕਰ ਕਿਸੇ ਨੂੰ ਵੀ, ਕਿਸੇ ਵੀ ਤਰ੍ਹਾਂ ਦੀ ਦੰਦਾਂ ਨਾਲ ਸੰਬੰਧਤ ਕੋਈ ਤਕਲੀਫ਼ ਹੈ ਤਾਂ ਇੱਕ ਵਾਰ ਇੱਥੇ ਜ਼ਰੂਰ ਵਿਜ਼ਿਟ ਕਰੋ।

-ਰਘਵੀਰ ਸਿੰਘ ਵਾਲਸਾਲ, ਮੁੱਖ ਸੰਪਾਦਕ 'ਆਵਾਜ਼ਿ ਕੌਮ, ਯੂ. ਕੇ.'




## ਅੱਜ 4 ਦਸੰਬਰ ਬਰਸੀ 'ਤੇ ਵਿਸ਼ੇਸ਼

# ਸਿੱਖ ਸੋਚ ਦੇ ਨਿਸ਼ਠਾਵਾਨ ਵਿਦਵਾਨ - ਡਾ: ਭਾਈ ਜੋਧ ਸਿੰਘ

80 ਵਰ੍ਹਿਆਂ ਦੀ ਵਡੇਰੀ ਉਮਰ ਵਿੱਚ ਪੰਜਾਬੀ ਯੂਨੀਵਰਸਿਟੀ ਦੇ ਉੱਪ-ਕੁਲਪਤੀ ਬਣਨ ਵਾਲੇ, ਸਰਦਾਰ ਬਹਾਦਰ ਅਤੇ ਪਦਮ ਭੂਸ਼ਣ ਦਾ ਸਨਮਾਨ ਪ੍ਰਾਪਤ ਕਰਨ ਵਾਲੇ ਡਾ: ਭਾਈ ਜੋਧ ਸਿੰਘ ਅਜਿਹੇ ਸਿੱਖ ਚਿੰਤਕ ਸਨ, ਜਿਨ੍ਹਾਂ ਨੂੰ ਉਨ੍ਹਾਂ ਦੇ ਪ੍ਰਸ਼ੰਸਕ ਅੱਜ ਵੀ ਉਸੇ ਸ਼ਿਦਤ ਨਾਲ ਪਿਆਰ ਤੇ ਸਨੇਹ ਦਿੰਦੇ ਹਨ, ਜਿੰਨਾ ਉਨ੍ਹਾਂ ਨੂੰ ਆਪਣੇ ਜਿਊਂਦੇ ਜੀਅ ਮਿਲਦਾ ਰਿਹਾ। ਡਾ: ਭਾਈ ਜੋਧ ਸਿੰਘ ਨੇ ਆਪਣੀ ਹਯਾਤੀ ਦੌਰਾਨ ਨਿਸ਼ਠਾਵਾਨ ਵਿਦਵਾਨ ਵਜੋਂ ਸਿੱਖ ਸੋਚ ਤੇ ਸਿੱਖ ਸੱਭਿਆਚਾਰ ਦੇ ਵਿਸਥਾਰ ਲਈ ਅਜਿਹੇ ਯਾਦਗਾਰੀ ਕਾਰਜ ਕੀਤੇ, ਜਿਹੜੇ ਬਹੁਤ ਸਾਰੀਆਂ ਸੰਸਥਾਵਾਂ ਇਕੱਠੇ ਹੋ ਕੇ ਵੀ ਨਹੀਂ ਕਰ ਸਕੀਆਂ। ਇਸ ਉੱਘੀ ਸ਼ਖ਼ਸੀਅਤ ਦਾ ਜਨਮ 31 ਮਈ, 1882 ਈ: ਨੂੰ ਬਖਸ਼ੀ ਰਾਮ ਲਾਂਬਾ ਦੇ ਘਰ ਮਾਈ ਗੁਲਾਬ ਦੇਵੀ ਦੇ ਕੁੱਖ ਤੋਂ ਪਿੰਡ ਘੁੰਗਰੀਲਾ, ਤਹਿਸੀਲ ਗੁਜਰਖਾਨ, ਜ਼ਿਲ੍ਹਾ ਰਾਵਲਪਿੰਡੀ (ਲਹਿੰਦਾ ਪੰਜਾਬ) ਪਾਕਿਸਤਾਨ ਵਿਖੇ ਹੋਇਆ। ਅੰਮ੍ਰਿਤ ਛਕਣ ਤੋਂ ਪਹਿਲਾਂ ਆਪ ਦਾ ਨਾਂਅ ਸੰਤ ਸਿੰਘ ਸੀ। ਜਨਮ ਤੋਂ ਪਿੱਛੋਂ ਦੋ ਸਾਲ ਦੀ ਮਾਸੂਮੀਅਤ ਦੀ ਉਮਰ ਵਿੱਚ ਪਿਤਾ ਜੀ ਸਦੀਵੀ ਵਿਛੋੜਾ ਦੇ ਗਏ। ਇਨ੍ਹਾਂ ਦੀ ਪਰਵਰਿਸ਼ ਦਾਦਾ ਸ। ਤੇਜਾ ਸਿੰਘ ਨੇ ਕੀਤੀ। ਮੈਟ੍ਰਿਕ ਦਾ ਇਮਤਿਹਾਨ ਮਿਸ਼ਨ ਹਾਈ ਸਕੂਲ ਰਾਵਲਪਿੰਡੀ ਤੋਂ ਪਾਸ ਕੀਤਾ। ਇਸ ਤੋਂ ਪਹਿਲਾਂ ਮੁੱਢਲੀ ਤਾਲੀਮ ਪਿੰਡ ਦੇ ਸਕੂਲ ਤੋਂ ਪ੍ਰਾਪਤ ਕੀਤੀ। ਜਦੋਂ 1898 ਈ: ਵਿੱਚ ਪੰਜਾਬ ਯੂਨੀਵਰਸਿਟੀ ਤੋਂ ਮੈਟ੍ਰਿਕ ਵਿੱਚ ਸਕਾਲਰਸ਼ਿੱਪ ਪ੍ਰਾਪਤ ਕੀਤਾ, ਤਾਂ ਸਾਰੇ ਪਰਿਵਾਰ ਵੱਲੋਂ ਭਰਪੂਰ ਪਿਆਰ ਮਿਲਿਆ। 30 ਦਸੰਬਰ, 1897 ਨੂੰ ਗਿਆਨੀ ਠਾਕਰ ਸਿੰਘ ਦੀ ਅਗਵਾਈ ਵਿੱਚ ਪੰਜਾਂ ਪਿਆਰਿਆਂ ਤੋਂ ਖੰਡੇ ਦੀ ਪਾਹੁਲ ਪ੍ਰਾਪਤ ਕੀਤੀ। ਹੁਣ ਸੰਤ ਸਿੰਘ ਤੋਂ ਜੋਧ ਸਿੰਘ ਨਾਂਅ ਪ੍ਰਾਪਤ ਹੋਇਆ। ਸਿੰਘ ਸਭਾ ਲਹਿਰ ਉਸ ਸਮੇਂ ਜ਼ੋਰ-ਸ਼ੋਰ ਨਾਲ ਪ੍ਰਚਾਰ ਕਰ ਰਹੀ ਸੀ। ਸਾਂਝੇ ਪੰਜਾਬ ਦੇ ਉਸ ਸਮੇਂ ਦੇ ਪਿੰਡਾਂ ਸ਼ਹਿਰਾਂ ਵਿੱਚ ਸਿੰਘ ਸਭਾ ਲਹਿਰ ਦਾ ਪ੍ਰਚਾਰ ਪਹੁੰਚ ਚੁੱਕਾ ਸੀ। ਇਸੇ ਪ੍ਰਭਾਵ ਅਧੀਨ ਆਪ ਨੇ ਸਿੱਖ ਧਰਮ ਦੇ ਗ੍ਰੰਥਾਂ ਅਤੇ ਸਿੱਖ ਇਤਿਹਾਸ ਦਾ ਡੂੰਘਾ ਅਧਿਐਨ ਕੀਤਾ। ਆਪ ਧਾਰਮਿਕ ਦੀਵਾਨਾਂ ਵਿੱਚ ਸਫ਼ਲ ਬੁਲਾਰੇ ਵਜੋਂ ਸਤਿਕਾਰੇ ਜਾਂਦੇ ਸਨ।

ਜਿਸ ਸਕੂਲ ਤੋਂ ਮੈਟ੍ਰਿਕ ਦਾ ਇਮਤਿਹਾਨ ਵਜ਼ੀਫੇ ਸਹਿਤ ਪਾਸ ਕੀਤਾ ਸੀ, ਇਥੋਂ ਹੀ ਐੱਫ ਏ। ਦਾ ਇਮਤਿਹਾਨ ਪਾਸ ਕੀਤਾ। ਸੰਨ 1900 ਈ: ਵਿੱਚ ਡਾਕਖਾਨੇ ਦੀ ਨੌਕਰੀ ਤੋਂ ਪਿੱਛੋਂ ਟਰਾਂਸਪੋਰਟ ਵਿਭਾਗ ਵਿੱਚ ਵੀ ਕਾਰਜਸ਼ੀਲ ਰਹੇ। 1902 ਈ: ਵਿੱਚ ਸ। ਸੁੰਦਰ ਸਿੰਘ ਮਜੀਠੀਆ ਨੇ ਭਾਈ ਜੋਧ ਸਿੰਘ ਨੂੰ ਆਪਣੇ ਬੱਚਿਆਂ ਦੇ ਅਧਿਆਪਕ ਵਜੋਂ ਨਿਯੁਕਤ ਕੀਤਾ। 1904 ਈ: ਵਿੱਚ ਖ਼ਾਲਸਾ ਕਾਲਜ ਅੰਮ੍ਰਿਤਸਰ ਤੋਂ ਗ੍ਰੈਜੂਏਸ਼ਨ ਕਰਨ ਤੋਂ ਪਿੱਛੋਂ ਫਾਰਮਨ ਕ੍ਰਿਸ਼ਚੀਅਨ ਕਾਲਜ ਲਾਹੌਰ ਤੋਂ ਗਣਿਤ ਦੇ ਵਿਸ਼ੇ ਵਿੱਚ ਪੋਸਟ ਗ੍ਰੈਜੂਏਸ਼ਨ ਦੀ ਪ੍ਰੀਖਿਆ ਪਾਸ ਕੀਤੀ। ਇਨ੍ਹਾਂ ਦੋਵਾਂ ਇਮਤਿਹਾਨਾਂ ਵਿੱਚ ਪੰਜਾਬ ਯੂਨੀਵਰਸਿਟੀ ਵਿੱਚੋਂ ਪਹਿਲੇ ਦਰਜੇ 'ਤੇ ਰਹੇ ਅਤੇ ਗੋਲਡ ਮੈਡਲ ਪ੍ਰਾਪਤ ਕੀਤੇ।



1906 ਈ: ਵਿੱਚ ਖ਼ਾਲਸਾ ਕਾਲਜ ਅੰਮ੍ਰਿਤਸਰ ਵਿੱਚ ਗਣਿਤ ਤੇ ਧਾਰਮਿਕ ਸਿੱਖਿਆ ਦੇ ਲੈਕਚਰਾਰ ਵਜੋਂ ਨਿਯੁਕਤੀ ਪ੍ਰਾਪਤ ਕੀਤੀ। ਉਨ੍ਹਾਂ ਦਿਨਾਂ ਵਿੱਚ ਖ਼ਾਲਸਾ ਕਾਲਜ ਉੱਪਰ ਅੰਗ੍ਰੇਜ਼ ਸਰਕਾਰ ਦਾ ਪੂਰਾ ਗਲਬਾ ਬਣ ਚੁੱਕਾ ਸੀ। ਅੰਗ੍ਰੇਜ਼ੀ ਸਰਕਾਰ ਦੇ ਇਸ ਗਲਬੇ ਤੋਂ ਕਾਲਜ ਨੂੰ ਅਜ਼ਾਦ ਕਰਵਾਉਣ ਲਈ ਆਪ ਨੇ ਅਤੇ ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਲਈ ਨਿਸ਼ਠਾਵਾਨ ਅਧਿਆਪਕਾਂ ਅਤੇ ਸਮਾਜ ਸੇਵੀਆਂ ਦੇ ਮਾਂ-ਬੋਲੀ ਨਾਲ ਪਿਆਰ ਕਰਨ ਵਾਲੇ ਪ੍ਰੋਫੈਸਰਾਂ ਦੇ ਗਰੁੱਪ ਵਿੱਚ ਸ਼ਾਮਿਲ ਹੋ ਕੇ ਵੱਧ-ਚੜ੍ਹ ਕੇ ਹਿੱਸਾ ਲਿਆ। ਇਸੇ ਕਾਰਨ ਹੀ ਅੰਗ੍ਰੇਜ਼ ਹਕੂਮਤ ਵੱਲੋਂ ਖ਼ਾਲਸਾ ਕਾਲਜ ਦੇ ਪ੍ਰਬੰਧ ਵਿੱਚ ਦਖ਼ਲ ਤੋਂ ਦੁਖੀ ਹੋ ਕੇ 1913 ਈ: ਵਿੱਚ ਨੌਕਰੀ ਤੋਂ ਤਿਆਗ ਪੱਤਰ ਦੇ ਕੇ ਨੌਕਰੀ ਤੋਂ ਮੁਕਤੀ ਪ੍ਰਾਪਤ ਕਰ ਲਈ। ਜਦੋਂ ਇਸ ਲੰਬੀ ਲੜਾਈ ਤੋਂ ਪਿੱਛੋਂ 1924 ਵਿੱਚ ਅੰਗ੍ਰੇਜ਼ ਸਰਕਾਰ ਨੇ ਕਾਲਜ ਦੇ ਪ੍ਰਬੰਧ ਵਿੱਚ ਆਪਣੀ ਦਖ਼ਲ-ਅੰਦਾਜ਼ੀ ਖ਼ਤਮ ਕੀਤੀ, ਮੁੜ ਇਸੇ ਕਾਲਜ ਵਿੱਚ ਲੈਕਚਰਾਰ ਰੱਖ ਲਿਆ ਗਿਆ।

ਆਪ ਨੇ ਅੰਗ੍ਰੇਜ਼ੀ ਭਾਸ਼ਾ ਵਿੱਚ ਜਪੁਜੀ, ਲਾਈਫ ਆਫ਼ ਸ੍ਰੀ ਗੁਰੂ ਅਮਰਦਾਸ ਜੀ, 33 ਸਵੱਯੇ, ਸਮ ਸਟਡੀਜ਼ ਇਨ ਸਿੱਖ-ਇਜ਼ਮ, ਗੋਸਪਾਲ ਆਫ਼ ਗੁਰੂ ਨਾਨਕ ਇਨ ਹਿਜ਼ ਓਨ ਵਰਡਜ਼ ਅਤੇ ਕਬੀਰ ਆਦਿ ਪੁਸਤਕਾਂ ਪਾਠਕਾਂ ਦੀ ਝੋਲੀ ਪਾਈਆਂ। ਜੋ ਉਸ ਸਮੇਂ ਦੇ ਵਿਦਵਾਨਾਂ ਤੇ ਪਾਠਕਾਂ ਵਿੱਚ ਦੁਨੀਆਂ ਭਰ ਵਿੱਚ ਸਲਾਹੀਆਂ ਗਈਆਂ। ਇਸ ਵੱਡੇ ਕਾਰਜ ਤੋਂ ਇਲਾਵਾ ਕਈ ਵਿਸ਼ਵ ਕੋਸ਼ਾਂ ਅਤੇ ਪੁਸਤਕਾਂ ਵਿੱਚ ਉਨ੍ਹਾਂ ਵੱਲੋਂ ਕੀਤੇ ਇੰਦਰਾਜ਼ ਅਤੇ ਵੱਖ-ਵੱਖ ਵਿਸ਼ਿਆਂ 'ਤੇ ਲਿਖੇ ਲੇਖ ਵੀ ਯਾਦਗਾਰੀ ਕੰਮ ਵਜੋਂ ਸਤਿਕਾਰੇ ਜਾਂਦੇ ਹਨ।

ਡਾ: ਭਾਈ ਜੋਧ ਸਿੰਘ ਨੇ ਆਪਣੇ ਜੀਵਨ ਦੇ ਅੰਤਿਮ ਦਿਨ ਲੁਧਿਆਣਾ ਵਿਖੇ ਆਪਣੀ ਰਿਹਾਇਸ਼ ਵਿੱਚ ਬਿਤਾਏ। ਇਸ ਸਮੇਂ ਦੌਰਾਨ ਉਨ੍ਹਾਂ ਪ੍ਰੋ: ਗੁਰਬਚਨ ਸਿੰਘ ਤਾਲਿਬ ਵੱਲੋਂ ਤਿਆਰ ਕੀਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅੰਗ੍ਰੇਜ਼ੀ ਅਨੁਵਾਦ ਦੀ ਸੋਧ-ਸੁਧਾਈ ਦਾ ਕਾਰਜ ਕੀਤਾ। ਆਪਣੀ ਲੰਮੀ, ਸੂਝ, ਸਹਿਜ ਵਾਲੀ ਉਮਰ ਦੇ ਸੌਵੇਂ ਵਰ੍ਹੇ ਵਿੱਚ ਉਨ੍ਹਾਂ 4 ਦਸੰਬਰ, 1981 ਨੂੰ ਆਪਣੇ ਅੰਤਿਮ ਸੁਆਸ ਲੁਧਿਆਣਾ ਵਿਖੇ ਲਏ। ਡਾ: ਭਾਈ ਜੋਧ ਸਿੰਘ ਸਿੱਖ ਜਗਤ ਦੀਆਂ ਲਿਆਕਤ ਅਤੇ ਸਿਆਣਪ ਵਾਲੀਆਂ ਹੁਣ ਤੱਕ ਹੋਈਆਂ ਪ੍ਰਮੁੱਖ ਸ਼ਖ਼ਸੀਅਤਾਂ ਵਿੱਚੋਂ ਅਜਿਹੇ ਇਨਸਾਨ ਸਨ, ਜੋ ਸਿੱਖੀ ਲਈ ਜੀਵੇ, ਸਿੱਖੀ ਦੇ ਪ੍ਰਚਾਰ ਤੇ ਪ੍ਰਸਾਰ ਲਈ ਪੂਰਾ ਜੀਵਨ ਸਮਰਪਿਤ ਰਹੇ। ••



-ਭਗਵਾਨ ਸਿੰਘ ਜੌਹਲ
bhagwansinghjohal@gmail.com
ਮੋਬਾਈਲ : 98143-24040


ਆਵਾਜ਼ਿ ਕੌਮ AWAZE QAUM International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ

☛ ਸ਼ਹੀਦੀ ਦਿਹਾੜਾ ਦਮਦਮੀ ਟਕਸਾਲ ਦੇ ਦੂਸਰੇ ਮੁਖੀ ਸ੍ਰੀਮਾਨ ਸੰਤ ਬਾਬਾ ਗੁਰਬਖਸ਼ ਸਿੰਘ ਸਾਹਿਬ ਜੀ 6 / 7 ਦਸੰਬਰ 2025 ਨੂੰ ਸਮਰਪਿਤ ਦੀਵਾਨ ਸੱਜਣਗੇ। ☛ ਸ਼ਹੀਦੀ ਜੋੜ ਮੇਲਾ ਸਿੰਘ ਸਿੰਘਣੀਆਂ ਗੁ: ਸ਼ਹੀਦ ਗੰਜ ਮਸ਼ਿਕਆਣਾ ਸਾਹਿਬ ਪਿੰਡ ਮੁੱਲਾਪਰ। ☛ ਜਨਮ ਦਿਵਸ਼ ਡਾਂ ਭਾਈ ਵੀਰ ਸਿੰਘ ਸਾਹਿਬ ਜੀ ਅੰਮ੍ਰਿਤਸਰ। ☛ ਜਨਮ ਦਿਵਸ ਸ੍ਰੋਮਣੀ ਭਗਤ, ਭਗਤ ਸੈਣ ਸਾਹਿਬ ਜੀ ਪਿੰਡ ਸੋਹਲ ਝਬਾਲ ਅੰਮ੍ਰਿਤਸਰ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।

**ਸ਼ਨਿੱਚਰਵਾਰ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ।**

ਐਤਵਾਰ 7 ਦਸੰਬਰ 2025 ਨੂੰ 6:30 ਵਜੇ ਸਵੇਰੇ ਚੋਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10 ਵਜੇ ਭੋਗ ਪੈਣਗੇ ਉਪਰੰਤ 12 ਵਜੇ ਤੱਕ ਦੀਵਾਨ ਸੱਜਣਗੇ।

ਕਥਾ ਵਾਚਕ ਭਾਈ ਮਨਜੀਤ ਸਿੰਘ ਗੁਰਦਾਸਪੁਰ ਵਾਲੇ ਕਥਾ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

**ਗੁਰੂ ਕਾ ਲੰਗਰ ਅਤੁੱਟ ਵਰਤੇਗਾ**

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

## ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

ਜੋ ਉਪਜਿਓ ਸੋ ਬਿਨਸਿ ਹੈ ਪਰੋ ਆਜੁ ਕੈ ਕਾਲ॥ ਨਾਨਕ ਹਰਿ ਗੁਨ ਗਾਇ ਲੇ ਛਾਡਿ ਸਗਲ ਜੰਜਾਲ॥

# ਭੋਗ ਅਤੇ ਅੰਤਿਮ ਅਰਦਾਸ



ਆਪ ਜੀ ਨੂੰ ਦੁੱਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਸਾਡੇ ਸਤਿਕਾਰਯੋਗ

## ਸਵ: ਸਰਦਾਰਨੀ ਹਰਜਿੰਦਰ ਕੌਰ ਜੀ

ਧਰਮਪਤਨੀ ਬਾਬਾ ਸੁਖਵੰਤ ਸਿੰਘ ਚੰਨਣਕੇ

ਮਿਤੀ: 30.11.2025 ਨੂੰ ਆਪਣੀ ਸੰਸਾਰਿਕ ਯਾਤਰਾ ਪੂਰੀ ਕਰਦਿਆਂ ਅਕਾਲ ਪੁਰਖ ਵਾਹਿਗੁਰੂ ਦੇ ਹੁਕਮ ਅਨੁਸਾਰ ਪ੍ਰਲੋਕ ਗਮਨ ਕਰ ਗਏ ਹਨ। ਉਹਨਾਂ ਦੀ ਆਤਮਿਕ ਸ਼ਾਂਤੀ ਨਮਿੱਤ ਰੱਖੇ ਗਏ ਸ੍ਰੀ ਆਖੰਡ ਪਾਠ ਸਾਹਿਬ ਜੀ ਦਾ ਭੋਗ ਉਹਨਾਂ ਦੇ ਗ੍ਰਹਿ ਪਿੰਡ ਚੰਨਣਕੇ (ਜਿਲ੍ਹਾ ਅੰਮ੍ਰਿਤਸਰ) ਵਿਖੇ ਪਵੇਗਾ।

ਉਪਰੰਤ ਅੰਤਿਮ ਅਰਦਾਸ ਅਤੇ ਕਥਾ-ਕੀਰਤਨ 11 ਤੋਂ 1 ਵਜੇ ਤੱਕ

## ਮਿਤੀ 9 ਦਸੰਬਰ 2025, ਦਿਨ ਮੰਗਲਵਾਰ ਨੂੰ

## ਗੁਰਦੁਆਰਾ ਸਾਹਿਬ ਬਾਬਾ ਚੰਨਣ ਜੀ

## ਪਿੰਡ ਚੰਨਣਕੇ (ਜਿਲ੍ਹਾ ਅੰਮ੍ਰਿਤਸਰ) ਵਿਖੇ ਹੋਵੇਗੀ।

ਆਪ ਜੀ ਨੇ ਅੰਤਿਮ ਅਰਦਾਸ 'ਚ ਸ਼ਾਮਿਲ ਹੋਣ ਦੀ ਕ੍ਰਿਪਾਲਤਾ ਕਰਨੀ ਜੀ।

ਵਾਹਿਗੁਰੂ ਦੇ ਭਾਣੇ 'ਚ

ਬਾਬਾ ਸੁਖਵੰਤ ਸਿੰਘ ਚੰਨਣਕੇ ਅਤੇ ਸਮੂਹ ਪਰਿਵਾਰ

ਮੋ: 99886-02656, 98782-12416, 98145-61418, 98155-06439

ਆਵਾਜ਼ਿ ਕੌਮ AWAZE QAUM International Newspaper & WEB TV

**ਅੱਜ 4 ਦਸੰਬਰ ਨੂੰ ਸ਼ਹੀਦੀ ਦਿਹਾੜੇ 'ਤੇ ਵਿਸ਼ੇਸ਼**

# ਸ੍ਰੀ ਦਰਬਾਰ ਸਾਹਿਬ ਦੀ ਅਜ਼ਮਤ ਲਈ ਅਸਾਵੀਂ ਜੰਗ ਦਾ ਸ਼ਹੀਦ ਬਾਬਾ ਗੁਰਬਖ਼ਸ਼ ਸਿੰਘ ਜੀ






ਅਹਿਮਦ ਸ਼ਾਹ ਦੁਰਾਨੀ (ਅਬਦਾਲੀ) ਵੱਲੋਂ ਹਿੰਦੁਸਤਾਨ ਉੱਤੇ ਕੀਤੇ ਗਏ ਸੱਤਵੇਂ ਹਮਲੇ ਮੌਕੇ ਦਸੰਬਰ 1764 ਦੌਰਾਨ ਜਦੋਂ ਉਹ 18 ਹਜ਼ਾਰ ਅਫਗਾਨੀ ਫ਼ੌਜ ਨਾਲ ਈਮਾਨਾਬਾਦ ਪਹੁੰਚਿਆ ਤਾਂ ਉਸ ਨੇ ਕਲਾਤ ਦੇ ਹਾਕਮ ਮੀਰ ਨਸੀਰ ਖਾਨ ਨੂੰ ਜਿਹਾਦ ਦੇ ਨਾਮ 'ਤੇ ਆਪਣੇ ਨਾਲ ਰਲਾ ਲਿਆ, ਜਿਸ ਕੋਲ 12 ਹਜ਼ਾਰ ਦੀ ਫ਼ੌਜ ਸੀ। ਉਸ ਵਕਤ ਕਿਸੇ ਇਕ ਇਲਾਕੇ ਦਾ ਕਾਜ਼ੀ ਨਿਯੁਕਤ ਕਰਨ ਦੀ ਸ਼ਰਤ ਨਾਲ ਜੰਗ ਦਾ ਪੂਰਾ ਹਾਲ ਲਿਖਦਿਆਂ ਨਸੀਰ ਖਾਨ ਦੀ ਖ਼ਿਦਮਤ ਵਿਚ ਪੇਸ਼ ਕਰਨ ਦੇ ਦਾਅਵੇ ਦੇ ਨਾਲ ਉਨ੍ਹਾਂ ਨਾਲ ਪੰਜਾਬ ਆਏ ਬਲੋਚੀ ਇਤਿਹਾਸਕਾਰ ਕਾਜ਼ੀ ਨੂਰ ਮੁਹੰਮਦ ਸੱਚਖੰਡ ਸ੍ਰੀ ਦਰਬਾਰ ਸਾਹਿਬ ਉੱਤੇ ਕੀਤੇ ਗਏ ਹਮਲੇ ਬਾਰੇ ਅੱਖੀਂ ਡਿੱਠਾ ਹਾਲ ਆਪਣੀ ਫ਼ਾਰਸੀ ਕਾਵਿ 'ਜੰਗਨਾਮਾ' ਵਿਚ ਲਿਖਦਾ ਹੈ ਕਿ ,

"ਜਦ ਬਾਦਸ਼ਾਹ ਅਤੇ ਸ਼ਾਹੀ ਲਸ਼ਕਰ (ਗੁਰੂ ਕੇ) ਚੱਕ( ਅੰਮ੍ਰਿਤਸਰ) ਪੁੱਜਾ ਤਾਂ ਕੋਈ ਕਾਫ਼ਰ ( ਸਿੱਖ) ਉੱਥੇ ਨਜ਼ਰ ਨਾ ਆਇਆ, ਪਰ ਕੁੱਝ ਥੋੜ੍ਹੇ ਜਿਹੇ ਬੰਦੇ ਗੜ੍ਹੀ ( ਬੁੰਗੇ) ਵਿਚ ਟਿਕੇ ਹੋਏ ਸਨ ਕਿ ਆਪਣਾ ਖ਼ੂਨ ਡੋਲ੍ਹ ਦੇਣ ਅਤੇ ਜਿਨ੍ਹਾਂ ਨੇ ਆਪਣੇ ਆਪ ਨੂੰ ਗੁਰੂ ਤੋਂ ਕੁਰਬਾਨ ਕਰ ਦਿੱਤਾ। ਜਦ ਉਨ੍ਹਾਂ ਨੇ ਬਾਦਸ਼ਾਹ ਅਤੇ ਇਸਲਾਮੀ ਲਸ਼ਕਰ ਨੂੰ ਦੇਖਿਆ ਤਾਂ ਉਹ ਸਾਰੇ ਬੁੰਗੇ ਵਿਚੋਂ ਨਿਕਲ ਕੇ ਜਲਾਲ ਵਿਚ ਆਉਂਦਿਆਂ ਵੈਰੀ ਨਾਲ ਗੁੱਥਮ ਗੁੱਥਾ ਹੋ ਗਏ। ਉਹ ਸਾਰੇ ਗਿਣਤੀ ਵਿਚ ਤੀਹ ਸਨ। ਉਹ ਜ਼ਰਾ ਭਰ ਵੀ ਡਰੇ, ਘਬਰਾਏ ਨਹੀਂ। ਉਨ੍ਹਾਂ ਨੂੰ ਨਾ ਕਤਲ ਹੋਣ ਦਾ ਡਰ ਸੀ, ਨਾ ਮੌਤ ਦਾ ਭੈਅ। ਉਹ ਗਾਜ਼ੀਆਂ ਨਾਲ ਜੁੱਟ ਪਏ ਅਤੇ ਉਲਝਣ ਵਿਚ ਆਪਣਾ ਖ਼ੂਨ ਡੋਲ੍ਹ ਗਏ। ਮੈਦਾਨ ਛੱਡ ਕੇ ਨਹੀਂ ਨੱਸੇ, ਇਸ ਤਰਾਂ ਸਾਰੇ ਸਿੰਘ ਕਤਲ ਹੋਏ।"



ਆਪਣਿਆਂ ਦੀ ਉਸਤਤ ਲਈ ਆਏ ਕਾਜ਼ੀ ਨੂਰ ਮੁਹੰਮਦ ਵੱਲੋਂ ਬਿਆਨ ਕੀਤੇ ਗਏ ਉਕਤ ਵਰਤਾਰੇ 'ਚ ਸਿੱਖਾਂ ਦੀ ਸੂਰਮਤਾਈ ਦਾ ਨਾਲ ਨਾਲ ਉਨ੍ਹਾਂ ਦੀ ਸ੍ਰੀ ਦਰਬਾਰ ਸਾਹਿਬ ਪ੍ਰਤੀ ਅਥਾਹ ਸ਼ਰਧਾ ਤੇ ਸਤਿਕਾਰ ਦੀ ਝਲਕ ਪੈਂਦੀ ਹੈ। ਅਬਦਾਲੀ ਦੇ 30 ਹਜ਼ਾਰ ਅਫਗਾਨੀ ਅਤੇ ਬਲੋਚੀ ਫ਼ੌਜ ਨਾਲ ਨਿਡਰਤਾ ਅਤੇ ਬਹਾਦਰੀ ਨਾਲ ਭਿੜਦਿਆਂ ਸ੍ਰੀ ਦਰਬਾਰ ਸਾਹਿਬ ਦੀ ਅਜ਼ਮਤ ਲਈ ਜਿਨ੍ਹਾਂ 30 ਸਿੰਘਾਂ ਦੇ ਸ਼ਹਾਦਤਾਂ ਪਾ ਜਾਣ ਦੇ ਸੋਹਲੇ ਗਾਉਣ ਲਈ ਕਾਜ਼ੀ ਨੂਰ ਮੁਹੰਮਦ ਮਜਬੂਰ ਹੋਇਆ, ਸ੍ਰੀ ਦਰਬਾਰ ਸਾਹਿਬ ਦੀ ਅਜ਼ਮਤ ਲਈ ਲੜੇ ਗਏ ਉਸ ਅਸਾਵੀਂ ਜੰਗ 'ਚ ਮਰਜੀਵੜੇ ਸਿੰਘਾਂ ਦੀ ਅਗਵਾਈ ਕਰਨ ਵਾਲਾ ਹੋਰ ਕੋਈ ਨਹੀਂ ਦਮਦਮੀ ਟਕਸਾਲ ਦੇ ਦੂਸਰੇ ਮੁਖੀ ਅਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਦੂਜੇ ਜਥੇਦਾਰ ਹੋਣ ਤੋਂ ਇਲਾਵਾ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਤਤਕਾਲੀ ਜਥੇਦਾਰ ਅਮਰ ਸ਼ਹੀਦ ਬਾਬਾ ਗੁਰਬਖ਼ਸ਼ ਸਿੰਘ ਜੀ ਸਨ।

ਬਾਬਾ ਗੁਰਬਖ਼ਸ਼ ਸਿੰਘ ਜੀ ਦਾ ਜਨਮ, ਪਿਤਾ ਭਾਈ ਦਸੌਂਦਾ ਸਿੰਘ ਅਤੇ ਮਾਤਾ ਲੱਛਮੀ ਜੀ ਦੀ ਕੁੱਖੋਂ ਉਨ੍ਹਾਂ ਦੇ ਘਰ ਪਿੰਡ ਲੀਲ੍ਹ ਨੇੜੇ ਖੇਮਕਰਨ ਵਿਖੇ ਬਿਕਰਮੀ 1745 ਵਿਸਾਖ ਵਦੀ 5 ਨੂੰ ਹੋਇਆ। ਮਾਤਾ ਪਿਤਾ ਵੱਲੋਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੀ ਨਿਸ਼ਕਾਮ ਤੇ ਸ਼ਰਧਾ ਭਾਵਨਾ ਨਾਲ ਕੀਤੀ ਜਾਂਦੀ ਰਹੀ ਸੇਵਾ ਤੋਂ ਖ਼ੁਸ਼ ਹੋਕੇ ਗੁਰੂ ਦਸਮੇਸ਼ ਪਿਤਾ ਵੱਲੋਂ ਉਨ੍ਹਾਂ ਦੀ ਮਨ ਇੱਛਿਤ ਸੂਰਬੀਰ ਸੰਤ ਸਿਪਾਹੀ ਪੁੱਤਰ ਦਾ ਵਰਦਾਨ ਸੀ। 11 ਸਾਲ ਦੀ ਉਮਰੇ ਆਪ ਜੀ ਨੂੰ ਅੰਮ੍ਰਿਤਪਾਨ ਕਰਾਇਆ ਗਿਆ। 15 ਸਾਲ ਦੀ ਉਮਰੇ ਆਪ ਜੀ ਦੇ ਮਾਤਾ ਪਿਤਾ ਜੀ ਸ੍ਰੀ ਅਨੰਦਪੁਰ ਸਾਹਿਬ ਵਿਖੇ ਅਕਾਲ ਚਲਾਣਾ ਕਰ ਗਏ ਸਨ। ਬਾਬਾ ਗੁਰਬਖ਼ਸ਼ ਸਿੰਘ ਜੀ ਨੇ ਅਮਰ ਸ਼ਹੀਦ ਭਾਈ ਮਨੀ ਸਿੰਘ ਜੀ ਅਤੇ ਅਮਰ ਸ਼ਹੀਦ ਬਾਬਾ ਦੀਪ ਸਿੰਘ ਜੀ ਤੋਂ ਗੁਰਬਾਣੀ ਅਤੇ ਗੁਰਮਤਿ ਵਿੱਦਿਆ ਹਾਸਲ ਕੀਤੀ। ਜੱਦੋ ਦਸਮ ਪਿਤਾ ਜੀ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਸੰਪੂਰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਰਥ ਬੋਧ ਕਰਾਉਂਦੇ ਰਹੇ ਤਾਂ ਆਪ ਜੀ ਉਨ੍ਹਾਂ 48 ਸਿੰਘਾਂ 'ਚ ਸ਼ਾਮਲ ਸਨ ਜਿਨ੍ਹਾਂ ਨੂੰ ਉਕਤ ਰੂਹਾਨੀ ਅਵਸਰ ਪ੍ਰਾਪਤ ਹੋਇਆ।

ਆਵਾਜ਼ਿ ਕੌਮ
AWAZE QAUM
International Newspaper & WEB TV

ਆਪ ਜੀ ਸ਼ਸਤਰ ਵਿੱਦਿਆ ਦੇ ਵੀ ਧਨੀ ਸਨ ਅਤੇ ਬਾਬਾ ਦੀਪ ਸਿੰਘ ਜੀ ਦੇ ਜਥੇ ਨਾਲ ਸੰਬੰਧਿਤ ਸਨ। ਪੱਕੇ ਨਿੱਤਨੇਮੀ, ਰਹਿਤ 'ਚ ਪਰਪੱਕ ਅਤੇ ਜਿੱਧਰ ਵੀ ਜੰਗ ਯੁੱਧ ਹੁੰਦਾ ਆਪ ਜੀ ਹਮੇਸ਼ਾਂ ਮੂਹਰੇ ਹੋ ਡਟਦੇ ਰਹੇ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਨੇ ਸ੍ਰੀ ਅਨੰਦਪੁਰ ਸਾਹਿਬ ਨੂੰ ਛੱਡਣ ਸਮੇਂ ਬਾਬਾ ਗੁਰਬਖ਼ਸ਼ ਸਿੰਘ ਜੀ ਨੂੰ ਸ੍ਰੀ ਅਨੰਦਪੁਰ ਸਾਹਿਬ ਰਹਿਣ ਦਾ ਹੁਕਮ ਕੀਤਾ ਸੀ। ਆਪ ਜੀ ਇੱਥੇ ਰਹਿ ਕੇ ਗੁਰਮਤਿ ਪ੍ਰਚਾਰ ਪ੍ਰਸਾਰ ਅਤੇ ਗੁਰਧਾਮ ਦੀ ਸੇਵਾ ਸੰਭਾਲ ਕਰਦੇ ਰਹੇ।

ਬਾਬਾ ਦੀਪ ਸਿੰਘ ਜੀ ਦੀ ਸ਼ਹੀਦੀ ਪਿੱਛੋਂ ਬਾਬਾ ਗੁਰਬਖ਼ਸ਼ ਸਿੰਘ ਜੀ ਦਮਦਮੀ ਟਕਸਾਲ ਦੇ ਮੁਖੀ ਬਣੇ ਅਤੇ ਹੈੱਡ ਕੁਆਟਰ ਸ੍ਰੀ ਅਨੰਦਪੁਰ ਸਾਹਿਬ ਨੂੰ ਹੀ ਬਣਾਈ ਰੱਖਿਆ। ਆਪ ਜੀ ਬਾਬਾ ਦੀਪ ਸਿੰਘ ਸ਼ਹੀਦ ਜੀ ਵਾਂਗ ਸਿੰਘਾਂ ਨੂੰ ਗੁਰਬਾਣੀ ਅਰਥ ਪੜਾਉਣ, ਸੰਥਿਆ ਦੇਣ ਤੋਂ ਇਲਾਵਾ ਆਪਣੇ ਹੱਥੀਂ ਗੁਰਬਾਣੀ ਪੋਥੀਆਂ ਅਤੇ ਗੁਟਕੇ ਲਿਖ ਕੇ ਯੋਗ ਸਥਾਨਾਂ 'ਤੇ ਭੇਜਦੇ ਰਹੇ। ਆਪ ਜੀ ਵੱਲੋਂ ਸਰਬ ਲੋਹ ਗ੍ਰੰਥ ਦੇ ਉਤਾਰੇ ਦਾ ਜ਼ਿਕਰ ਵੀ ਮਿਲਦਾ ਹੈ। ਦਮਦਮੀ ਟਕਸਾਲ ਦੇ ਤੀਸਰੇ ਮੁਖੀ ਭਾਈ ਸੂਰਤ ਸਿੰਘ ਜੀ ਨੇ ਆਪ ਜੀ ਪਾਸੋਂ ਗੁਰਮਤਿ ਵਿੱਦਿਆ ਹਾਸਲ ਕੀਤੀ।

ਭਾਈ ਮਨੀ ਸਿੰਘ ਜੀ ਦੀ ਸ਼ਹੀਦੀ ਉਪਰੰਤ ਸੱਚ ਖੰਡ ਸ੍ਰੀ ਦਰਬਾਰ ਸਾਹਿਬ ਵਿਖੇ ਕਾਫ਼ੀ ਸਮਾਂ ਗੁਰਬਾਣੀ ਅਤੇ ਮੁੱਖ ਵਾਕ ਦੀ ਕਥਾ ਬੰਦ ਰਹੀ, ਇਸ ਪਰੰਪਰਾ ਨੂੰ ਬਾਬਾ ਗੁਰਬਖ਼ਸ਼ ਸਿੰਘ ਜੀ ਵੱਲੋਂ ਮੁੜ ਸ਼ੁਰੂ ਕੀਤਾ ਗਿਆ।

ਸੋਨੇ ਦੀ ਚਿੜੀ ਹਿੰਦੁਸਤਾਨ ਨੂੰ ਹੜੱਪਣ ਲਈ ਵਿਦੇਸ਼ੀਆਂ ਦੀਆਂ ਹਮੇਸ਼ਾਂ ਨਜ਼ਰਾਂ ਰਹੀਆਂ। ਪਰ ਹਿੰਦ ਤਕ ਪਹੁੰਚਣ ਲਈ ਉਨ੍ਹਾਂ ਨੂੰ ਪੰਜਾਬ ਵਿਚੋਂ ਤਾਂ ਗੁਜਰਣਾ ਹੀ ਪੈਣਾ ਸੀ, ਜਿੱਥੇ ਕਿ 'ਸਵਾ ਲਾਖ ਸੇ ਏਕ ਲੜਾਊਂ" ਦੀ ਗੁੜ੍ਹਤੀ ਵਾਲਿਆਂ ਨਾਲ ਉਨ੍ਹਾਂ ਨੂੰ ਦੋ ਚਾਰ ਹੋਣਾ ਪੈਂਦਾ। ਅਹਿਮਦ ਸ਼ਾਹ ਅਬਦਾਲੀ ਵੀ ਤਾਕਤ ਦੇ ਨਸ਼ੇ 'ਚ ਵਹਿਸ਼ੀ ਬਣ ਚੁਕਾ ਸੀ। ਸਿੰਘਾਂ ਵੱਲੋਂ ਬੇਖ਼ੌਫ ਹੋਕੇ ਰਸਤਾ ਰੋਕਣ ਤੋਂ ਅਬਦਾਲੀ ਕਾਫ਼ੀ ਦੁਖੀ ਸੀ। ਜਿਸ ਲਈ ਉਸ ਨੇ ਫ਼ੈਸਲਾ ਕੀਤਾ ਕਿ ਉਹ ਸਿੰਘਾਂ ਦਾ ਸਫ਼ਾਇਆ ਕਰ ਕੇ ਹੀ ਰਹੇਗਾ। ਅਬਦਾਲੀ ਇਹ ਸਮਝ ਦਾ ਸੀ ਕਿ ਸਿੰਘਾਂ ਨੂੰ ਅਗੰਮੀ ਸ਼ਕਤੀ ਅਤੇ ਹੌਸਲਾ ਸ੍ਰੀ ਹਰਮਿੰਦਰ ਸਾਹਿਬ ਦੇ ਅੰਮ੍ਰਿਤ ਸਰੋਵਰ ਵਿਚ ਇਸ਼ਨਾਨ ਨਾਲ ਮਿਲਦਾ ਹੈ। ਇਸ ਲਈ ਸਿੰਘਾਂ ਦੀ ਹਸਤੀ ਨੂੰ ਖ਼ਤਮ ਕਰਨ, ਜੰਗ 'ਚ ਜੂਝਣ ਅਤੇ ਤਿਆਰ ਬਰ ਤਿਆਰ ਹੋਣ ਤੋਂ ਰੋਕਣ ਲਈ ਸਿੱਖਾਂ ਦੇ ਧਾਰਮਿਕ ਕੇਂਦਰ ਅਤੇ ਅੰਮ੍ਰਿਤ ਸਰੋਵਰ ਦਾ ਖ਼ਾਤਮਾ ਕਰਨਾ ਜ਼ਰੂਰੀ ਸਮਝਿਆ ਗਿਆ।

ਅਹਿਮਦ ਸ਼ਾਹ ਅਬਦਾਲੀ ਵੱਲੋਂ ਦਸੰਬਰ 1764 ਈ. ਨੂੰ ਜਦ ਹਿੰਦੁਸਤਾਨ 'ਤੇ ਸੱਤਵਾਂ ਹਮਲਾ ਕੀਤਾ ਗਿਆ, ਉਸ ਵਕਤ ਬਾਬਾ ਗੁਰਬਖ਼ਸ਼ ਸਿੰਘ ਜੀ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੀ ਜਥੇਦਾਰੀ ਦੇ ਨਾਲ ਨਾਲ ਤਖ਼ਤ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸੇਵਾ ਵੀ ਨਿਭਾ ਰਹੇ ਸਨ। ਉਸ ਵਕਤ ਸਿੱਖ ਸਰਦਾਰ ਵੱਖੋ ਵੱਖ ਮੁਹਿੰਮਾਂ 'ਤੇ ਚੜ੍ਹੇ ਹੋਣ ਕਾਰਨ ਅੰਮ੍ਰਿਤਸਰ ਤੋਂ ਦੂਰ ਦੁਰਾਡੇ ਸਨ। ਕੇਂਦਰੀ ਪੰਜਾਬ ਲਗਭਗ ਸਿੰਘਾਂ ਤੋਂ ਖ਼ਾਲੀ ਸੀ। ਸਰਦਾਰ ਜੱਸਾ ਸਿੰਘ ਆਹਲੂਵਾਲੀਆ ਅਤੇ ਜਵਾਹਰ ਸਿੰਘ ਭਰਤਪੁਰੀਆ ਦਿੱਲੀ ਦੀ ਚੜ੍ਹਾਈ 'ਤੇ ਸੀ ਤਾਂ ਭੰਗੀ ਸਰਦਾਰ ਸਾਂਦਲ ਬਾਰ 'ਚ। ਅਜਿਹੀ ਸਥਿਤੀ 'ਚ ਸਰਦਾਰ ਚੜ੍ਹਤ ਸਿੰਘ ਹੀ ਸਿਆਲਕੋਟ ਵਿਚ ਸੀ ਜਿਸ ਨੇ ਅਚਾਨਕ ਅਬਦਾਲੀ ਦੀ ਕੈਂਪ 'ਤੇ ਹਮਲਾ ਕਰਦਿਆਂ ਮੌਕੇ ਦੀ ਤਾੜ ਲਈ ਇਕ ਪਾਸੇ ਨਿਕਲ ਗਏ। ਇਸੇ ਦੌਰਾਨ ਅਬਦਾਲੀ ਨੂੰ ਖ਼ਬਰ ਮਿਲੀ ਕਿ ਸਿੰਘ ਅੰਮ੍ਰਿਤਸਰ ਵਲ ਗਏ ਹਨ। ਸਿੰਘਾਂ ਦਾ ਪਿੱਛਾ ਕਰਨ ਲਈ ਉਸ ਨੇ ਅੰਮ੍ਰਿਤਸਰ ਵਲ ਧਾਈ ਕੀਤੀ। ਜਿੱਥੇ ਉਸ ਵਕਤ ਸਿਰਫ਼ 30 ਸਿੰਘ ਹੀ ਸਨ, ਜਿਨ੍ਹਾਂ ਦੀ ਅਗਵਾਈ ਬਾਬਾ ਗੁਰਬਖ਼ਸ਼ ਸਿੰਘ ਕਰ ਰਹੇ ਸਨ।

ਅਬਦਾਲੀ ਦੇ ਹਮਲੇ ਦੀ ਖ਼ਬਰ ਮਿਲਦਿਆਂ ਹੀ ਇਨ੍ਹਾਂ ਸਿੰਘਾਂ ਨੇ ਸ੍ਰੀ ਦਰਬਾਰ ਸਾਹਿਬ ਦੀ ਰਖਵਾਲੀ ਅਤੇ ਅਸਾਵੀਂ ਜੰਗ ਲਈ ਤਿਆਰੀਆਂ ਸ਼ੁਰੂ ਕਰ ਦਿੱਤਿਆਂ। ਸਾਰੇ ਹੀ ਸਨਮੁਖ ਸ਼ਹੀਦੀਆਂ ਪਾਣ ਦੇ ਚਾਹਵਾਨ ਸਨ ਅਤੇ ਅਰਜੋਈਆਂ ਕਰ ਰਹੇ ਸਨ। ਕਿਸੇ ਨੇ ਨੀਲਾ ਬਾਣਾ ਸਜਾਇਆ ਕਿਸੇ ਨੇ ਸਫ਼ੈਦ ਤਾਂ ਕੋਈ ਕੇਸਰੀ ਰੰਗਾਈ ਬੈਠਾ ਸੀ। ਸ: ਰਤਨ ਸਿੰਘ ਭੰਗੂ ਲਿਖਦਾ ਹੈ ਕਿ, ਕਿਸੈ ਪੁਸ਼ਾਕ ਥੀ ਨੀਲੀ ਸਜਾਈ।

ਕਿਸੈ ਸੇਤ ਕਿਸੈ ਕੇਸਰੀ ਰੰਗਵਾਈ।।

ਸਭ ਨੇ ਸ਼ਸਤਰ ਤੇ ਬਸਤਰ ਸਜਾ ਲਏ। ਮਾਨੋ ਇਹ ਤਿਆਰੀਆਂ ਇਕ ਵਿਆਹ ਦੀ ਤਰਾਂ ਸਨ। ਪੂਰੀ ਤਿਆਰੀ ਕਰਦਿਆਂ ਸਭ ਨੇ ਅਨੰਦ ਸਾਹਿਬ ਦੀਆਂ ਪੰਜ ਪਾਉੜੀਆਂ ਦਾ ਪਾਠ ਕੀਤਾ। ਫਿਰ ਅਕਾਲ ਬੁੰਗੇ ਤੋਂ ਉਤਰ ਕੇ ਸ੍ਰੀ ਦਰਬਾਰ ਸਾਹਿਬ ਜਾ ਮੱਥਾ ਟੇਕਿਆ, ਚਾਰ ਪ੍ਰਕਰਮਾਂ ਕੀਤੀਆਂ ਅਤੇ ਇਹ ਅਰਦਾਸ ਕੀਤੀ ਕਿ,

ਹਰਿਮੰਦਰ ਕੇ ਹਜੂਰ ਇਮ ਖੜ ਕਰ ਕਰੀ ਅਰਦਾਸ।
ਸਤਿਗੁਰ ਸਿੱਖੀ ਸੰਗ ਨਿਭੈ ਸੀਸ ਕੇਸਨ ਕੇ ਸਾਸ।।

ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਵਾਕ ਲਿਆ। ਘੋੜੀਆਂ ਦੇ ਸ਼ਬਦ ਸੁਣੇ। ਸਿੰਘਾਂ ਨੂੰ ਕਿਹਾ ਅੱਜ ਲਾੜੀ ਮੌਤ ਵਿਆਹੁਣ ਜਾ ਰਹੇ ਹਾਂ। ਕੜਾਹ ਪ੍ਰਸ਼ਾਦ ਵਰਤਾਇਆ ਗਿਆ ਅਤੇ ਸਿੰਘ ਬਾਹਰ ਆਏ ਤਾਂ ਇੰਨੇ ਨੂੰ ਅਬਦਾਲੀ ਦੀਆਂ 36 ਹਜ਼ਾਰ ਫ਼ੌਜਾਂ ਪ੍ਰਕਰਮਾਂ 'ਚ ਆਣ ਪੁੱਜੀਆਂ ਇਹ ਦੇਖ ਸਿੰਘ ਵੀ ਤਲਵਾਰਾਂ ਧੂਹ ਕੇ ਵੈਰੀ 'ਤੇ ਟੁੱਟ ਪਏ। ਇਕ ਦੂਜੇ ਤੋਂ ਅੱਗੇ ਹੋ ਹੋ ਦੁਸ਼ਮਣ ਦੀਆਂ ਸਫ਼ਾਂ ਵਿਛਾਈ ਜਾਂਦਿਆਂ ਦੀ ਅਗਵਾਈ ਕਰਦਿਆਂ ਬਾਬਾ ਗੁਰਬਖ਼ਸ਼ ਸਿੰਘ ਸਭ ਨੂੰ ਹੌਸਲਾ ਅਤੇ ਪ੍ਰੇਰਨਾ ਦੇ ਰਹੇ ਸਨ । ਉਨ੍ਹਾਂ ਲਲਕਾਰਦਿਆਂ ਕਿਹਾ ਕਿ,

ਪਗ ਆਗੈ ਸਿਰ ਉਭਰੈ ਪਗ ਪਾਛੈ ਪਤਿ ਜਾਇ।
ਬੈਰੀ ਖੰਡੈ ਸਿਰ ਧਰੈ ਫਿਰ ਕਥਾ ਤਕਨ ਸਹਾਇ।।
ਸਿੰਘ ਲੜਦੇ ਲੜਦੇ ਅੱਗੇ ਹੀ ਵੱਧਦੇ ਗਏ।
ਮਤ ਕੋਈ ਆਖੈ ਜਗਤ ਕੋ ਸਿਖ ਮੁਯੋ ਮੁੱਖ ਫੇਰ ਪਛਾਹਿ।।

ਸੋ ਦੁਰਾਨੀਆਂ ਪਾਸ ਭਾਵੇਂ ਸੰਜੋਅ ਸਨ ਅਤੇ ਲੰਮੀ ਮਾਰ ਵਾਲੇ ਹਥਿਆਰ ਤੀਰ, ਬੰਦੂਕਾਂ ਆਦਿ, ਪਰ ਦੂਜੇ ਪਾਸੇ ਸਿੰਘਾਂ ਕੋਲ ਤਲਵਾਰਾਂ ਅਤੇ ਬਰਛੇ ਤੋਂ ਇਲਾਵਾ ਆਪਣੇ ਪਵਿੱਤਰ ਅਸਥਾਨ ਦੀ ਰਾਖੀ ਲਈ ਦੂਜੇ ਤੋਂ ਪਹਿਲਾਂ ਜੂਝਦਿਆਂ ਸ਼ਹੀਦ ਹੋਣ ਦਾ ਪ੍ਰਬਲ ਜਜ਼ਬਾ ਸੀ।

**ਆਪ ਬਿਚ ਤੇ ਕਰੇ ਕਰਾਰ। ਤੁਹਿ ਆਗੈ ਮੈਂ ਹੋਗੁ ਸਿਧਾਰ।।**

ਸਿੰਘਾਂ ਦੇ ਇਸ ਜੋਸ਼ ਨੇ ਦੁਸ਼ਮਣਾਂ ਦੇ ਕੰਨਾ ਨੂੰ ਹੱਥ ਲਵਾ ਦਿੱਤੇ। ਜਦ ਕਾਫ਼ੀ ਸਿੰਘ ਸ਼ਹੀਦ ਹੋ ਚੁੱਕੇ ਤਾਂ ਬਾਬਾ ਗੁਰਬਖ਼ਸ਼ ਸਿੰਘ ਜੀ ਆਪ ਤੇਗ਼ਾ ਲੈ ਕੇ ਵੈਰੀ ਦੇ ਸਿਰ ਜਾ ਖਲੋਤੇ ਅਤੇ ਉਨ੍ਹਾਂ ਦੇ ਆਹੂ ਲਾਉਣੇ ਸ਼ੁਰੂ ਕਰ ਦਿੱਤੇ। ਵੈਰੀ ਢਾਲ ਦਾ ਸਹਾਰਾ ਲੈ ਦੇ ਸਨ ਪਰ ਬਾਬਾ ਜੀ ਨੇ ਢਾਲ ਵੀ ਛੱਡ ਦਿਤੀ ਸੀ। ਫਿਰ ਕੀ ਨੇੜੇ ਆਉਣ ਦੀ ਥਾਂ ਵੈਰੀ ਦੂਰੋਂ ਹੀ ਤੀਰਾਂ ਤੇ ਗੋਲੀਆਂ ਨਾਲ ਹਮਲਾਵਰ ਹੋਏ। ਅਣਗਿਣਤ ਤੀਰਾਂ ਗੋਲੀਆਂ ਨਾਲ ਬਾਬਾ ਜੀ ਦਾ ਸਰੀਰ ਵਿੰਨ੍ਹਿਆ ਪਿਆ ਸੀ। ਖ਼ੂਨ ਨਾਲ ਲੱਥਪੱਥ ਸੀ। ਸਰੀਰ ਭਾਵੇਂ ਰੱਤ-ਹੀਣ ਹੋ ਰਿਹਾ ਸੀ, ਪਰ ਪੈਰ ਨਹੀਂ ਠਮ ਰਿਹਾ ਸੀ। ਇਸ ਅਸਾਵੀਂ ਖ਼ੂਨ ਡੋਲਵੀਂ ਲੜਾਈ ਵਿਚ ਇਕ ਵਕਤ ਅਜਿਹਾ ਆਇਆ ਕਿ ਦਸ ਹਜ਼ਾਰੀ ਖਾਨ ਅਤੇ ਬਾਬਾ ਜੀ ਦਾ ਸਾਂਝਾ ਵਾਰ ਚਲਿਆ ਜਿਸ ਨਾਲ ਦੋਹਾਂ ਦੇ ਸਿਰ ਲੱਥ ਗਏ। ਫਿਰ ਕੀ, ਬਾਬਾ ਜੀ ਧੜ 'ਤੇ ਸਿਰ ਬਿਨਾ ਹੀ ਲੜਨ ਲੱਗੇ, ਜਿਸ ਤੋਂ ਭੈਅ ਭੀਤ ਹੋ ਕੇ ਵੈਰੀ ਫ਼ੌਜ ਨੱਸਣ ਲੱਗੀ। ਬਾਬਾ ਜੀ ਨੇ ਬਹੁਤ ਸਾਰੇ ਜ਼ਾਲਮਾਂ ਨੂੰ ਮੌਤ ਦੇ ਘਾਟ ਉਤਾਰਿਆ। ਕਿਹਾ ਜਾਂਦਾ ਹੈ ਕਿ ਉਸ ਵਕਤ ਇਕ ਮੁਸਲਮਾਨ ਪੀਰ ਦੀ ਸਲਾਹ 'ਤੇ ਸੂਬਾ ਭੇਟਾ ਲੈ ਕੇ ਚਰਨੀਂ ਪਿਆ। ਕਿ ਅੱਗੇ ਤੋਂ ਤੁਰਕ ਸ੍ਰੀ ਦਰਬਾਰ ਸਾਹਿਬ ਦੀ ਬੇਅਦਬੀ ਨਹੀਂ ਕਰਨਗੇ। ਬਖ਼ਸ਼ਣਾ ਕਰੇ, ਤਾਂ ਜਾ ਕੇ ਬਾਬਾ ਜੀ ਦਾ ਸਰੀਰ ਸ਼ਾਂਤ ਹੋਇਆ। ਬਾਬਾ ਜੀ ਦਾ ਸਸਕਾਰ ਸਤਿਕਾਰ ਅਤੇ ਮਰਿਆਦਾ ਸਹਿਤ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਪਿਛਲੇ ਪਾਸੇ ਕੀਤਾ ਗਿਆ ਜਿੱਥੇ ਬਾਬਾ ਜੀ ਦੀ ਯਾਦ 'ਚ ਅੱਜ ਗੁਰਦੁਆਰਾ ਸ਼ਹੀਦ ਗੰਜ ਸੁਸ਼ੋਭਿਤ ਹੈ। ਆਪ ਜੀ ਨੇ ਜਿਸ ਸੂਰਬੀਰਤਾ ਨਾਲ ਵੈਰੀਆਂ ਦਾ ਟਾਕਰਾ ਕੀਤਾ ਉਸ ਨੇ ਦਸ ਦਿੱਤਾ ਕਿ ਸਿੱਖ ਆਪਣੇ ਗੁਰਧਾਮਾਂ ਲਈ ਜਿਉਂਦੇ ਹਨ। ਸਿੰਘਾਂ ਦੇ ਹੁੰਦਿਆਂ ਸੱਚਖੰਡ ਸ੍ਰੀ ਦਰਬਾਰ ਸਾਹਿਬ ਦੀ ਬੇਅਦਬੀ ਕਰਨ ਵਾਲਾ ਸੁਖ ਦੀ ਨੀਂਦ ਨਹੀਂ ਸੌਂ ਸਕਦਾ। ਬਾਬਾ ਜੀ ਦੀ ਲਾਸਾਨੀ ਸ਼ਹੀਦੀ ਸਿੱਖ ਕੌਮ ਦੇ ਇਤਿਹਾਸ ਵਿਚ ਪ੍ਰਮੁੱਖ ਸ਼ਹੀਦਾਂ ਵਿਚ ਗਿਣੇ ਜਾਂਦੇ ਹਨ। ਖ਼ਾਲਸਾ ਪੰਥ ਅਜਿਹੇ ਮਹਾਨ ਸ਼ਹੀਦਾਂ ਅਤੇ ਯੋਧਿਆਂ ਸਦਕਾ ਸਦਾ ਚੜ੍ਹਦੀਕਲਾ ਵਿਚ ਰਹੇਗਾ। ਬਾਬਾ ਜੀ ਦਾ ਸ਼ਹੀਦੀ ਦਿਹਾੜਾ 19 ਮੱਘਰ ਭਾਵ 4 ਦਸੰਬਰ ਨੂੰ ਮਨਾਇਆ ਜਾ ਰਿਹਾ ਹੈ।



**-ਪ੍ਰੋ. ਸਰਚਾਂਦ ਸਿੰਘ ਖਿਆਲਾ,**
**9781355522**

### ਗੁਰੂ ਕਾਸ਼ੀ ਯੂਨੀਵਰਸਿਟੀ ਨੇ ਮਨਾਇਆ "ਰਾਸ਼ਟਰੀ ਪ੍ਰਦੂਸ਼ਨ ਨਿਯੰਤਰਣ ਦਿਹਾੜਾ"

# ਪ੍ਰਦੂਸ਼ਨ ਘਟਾਉਣਾ ਸਭਨਾਂ ਦੀ ਸਾਂਝੀ ਜ਼ਿੰਮੇਵਾਰੀ- ਡਾ. ਧੀਮਾਨ





**ਤਲਵੰਡੀ ਸਾਬੋ, 03 ਦਸੰਬਰ (ਗੁਰਜੰਟ ਸਿੰਘ ਨਥੇਹਾ)**-ਗੁਰੂ ਕਾਸ਼ੀ ਯੂਨੀਵਰਸਿਟੀ ਦੇ ਫੈਕਲਟੀ ਆਫ਼ ਐਗਰੀਕਲਚਰ ਵੱਲੋਂ "ਰਾਸ਼ਟਰੀ ਪ੍ਰਦੂਸ਼ਨ ਨਿਯੰਤਰਣ ਦਿਹਾੜਾ" ਪ੍ਰਦੂਸ਼ਨ ਦੇ ਵੱਖ-ਵੱਖ ਪਹਿਲੂਆਂ ਤੇ ਐਕਸਪਰਟ ਲੈਕਚਰ ਕਰਕੇ ਮਨਾਇਆ ਗਿਆ। ਜਿਸ ਵਿੱਚ ਪਰੋ ਵਾਈਸ ਚਾਂਸਲਰ ਡਾ. ਜਗਤਾਰ ਸਿੰਘ ਧੀਮਾਨ ਨੇ ਮੁੱਖ ਮਹਿਮਾਨ ਅਤੇ ਮਾਹਿਰ ਵਕਤਾ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਡੀਨ ਡਾ. ਲੋਕੇਂਦਰ ਕਸ਼ਯਪ, ਅਧਿਆਪਕ ਅਤੇ ਵਿਦਿਆਰਥੀ ਹਾਜ਼ਰ ਹੋਏ। ਡਾ. ਧੀਮਾਨ ਨੇ ਪ੍ਰਦੂਸ਼ਨ ਦੇ ਮੁੱਦੇ ਨੂੰ ਹੱਲ ਕਰਨਾ ਸਮੇਂ ਦੀ ਵੱਡੀ ਲੋੜ ਦੱਸਦਿਆਂ ਕਿਹਾ ਕਿ ਕੁਦਰਤ ਵੱਲੋਂ ਰਚੇ ਗਏ ਸਾਫ਼ ਸੁਥਰੇ ਸੋਹਣੇ ਵਾਤਾਵਰਨ ਨੂੰ ਮਨੁੱਖਾਂ ਵੱਲੋਂ ਆਪਣੇ ਸਵਾਰਥਾਂ ਤੇ ਨਿਜੀ ਹਿੱਤਾਂ ਕਾਰਨ ਪਲੀਤ ਕੀਤਾ ਜਾ ਰਿਹਾ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਭੂਮੀ ਪ੍ਰਦੂਸ਼ਨ, ਹਵਾ ਪ੍ਰਦੂਸ਼ਨ, ਪਾਣੀ ਪ੍ਰਦੂਸ਼ਨ, ਧੁਨੀ ਪ੍ਰਦੂਸ਼ਨ, ਪਲਾਸਟਿਕ ਪ੍ਰਦੂਸ਼ਨ, ਐਟਮੀ ਪ੍ਰਦੂਸ਼ਨ, ਰੋਸ਼ਨੀ ਪ੍ਰਦੂਸ਼ਨ ਆਦਿ ਬਾਰੇ ਚਾਨਣਾ ਪਾਉਂਦੇ ਹੋਏ ਆਂਕੜਿਆਂ ਸਹਿਤ ਦੱਸਿਆ ਕਿ ਧਰਤੀ ਦੇ ਤਾਪਮਾਨ ਦੇ ਇੱਕ ਦਮ ਘੱਟਣ ਅਤੇ ਵੱਧਣ ਦਾ ਵੱਡਾ ਕਾਰਨ ਮਨੁੱਖਾਂ ਵੱਲੋਂ ਕੀਤਾ ਜਾ ਰਿਹਾ ਵਾਤਾਵਰਨ ਪ੍ਰਦੂਸ਼ਨ ਹੈ। ਉਨ੍ਹਾਂ ਦੱਸਿਆ ਕਿ ਝੋਨੇ ਦੀ ਪਰਾਲੀ ਦੇ ਸਾੜਨ ਕਾਰਨ ਹੋ ਰਿਹਾ ਹਵਾ ਪ੍ਰਦੂਸ਼ਨ ਵਾਤਾਵਰਣ ਪ੍ਰਦੂਸ਼ਨ ਦਾ ਇਕੱਲਾ ਕਾਰਨ ਨਹੀਂ ਸਗੋਂ ਰੁੱਖਾਂ ਦੀ ਕੀਤੀ ਜਾ ਰਹੀ ਅੰਨੇਵਾਹ ਕਟਾਈ, ਸੜਕਾਂ ਤੇ ਮੋਟਰ ਕਾਰਾਂ ਦੀ ਗਿਣਤੀ ਵੱਧਣ ਅਤੇ ਸਨਅਤੀ ਇਕਾਈਆਂ ਕਾਰਨ ਨਿਕਲ ਰਹੀਆਂ ਜਹਿਰੀਲੀਆਂ ਗੈਸਾਂ, ਘਰਾਂ ਤੇ ਦਫਤਰਾਂ ਵਿੱਚ ਏਅਰ ਕੰਡੀਸ਼ਨਰਾਂ ਦੇ ਚਲਾਉਣ ਕਾਰਨ ਹੁੰਦਾ ਪ੍ਰਦੂਸ਼ਨ, ਭੱਠੇ ਅਤੇ ਕੋਇਲੇ ਨਾਲ ਚੱਲਣ ਵਾਲੇ ਥਰਮਲ ਪਲਾਂਟ ਅਤੇ ਚਿਣਾਈ ਆਦਿ ਦੇ ਕੰਮਾਂ ਕਾਰਣ ਹਵਾ ਵਿੱਚ ਫੈਲਦੇ ਰੇਤ ਮਿੱਟੀ ਦੇ ਕਣਾਂ ਕਰਕੇ ਵੀ ਵਾਤਾਵਰਨ ਪਲੀਤ ਹੋ ਰਿਹਾ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਜੈਵਿਕ ਖੇਤੀ ਪ੍ਰਤੀ ਕਿਸਾਨਾਂ ਨੂੰ ਜਾਗਰੂਕ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਜੈਵਿਕ ਖੇਤੀ, ਰਸਾਇਨਾਂ ਤੇ ਜ਼ਿਹਰਾਂ ਦੀ ਘੱਟ ਵਰਤੋਂ ਕਰਕੇ ਵੀ ਫਸਲਾਂ ਤੋਂ ਵੱਧ ਝਾੜ ਲਿਆ ਜਾ ਸਕਦਾ ਹੈ। ਉਨ੍ਹਾਂ ਸਭਨਾਂ ਨੂੰ ਪਾਣੀ ਦੀ ਸੁਚੱਜੀ ਵਰਤੋਂ ਅਤੇ ਇਸ ਦੀ ਸਾਂਭ ਸੰਭਾਲ ਲਈ ਪ੍ਰੇਰਿਤ ਕੀਤਾ। ਉਨ੍ਹਾਂ ਵਿਦਿਆਰਥੀਆਂ ਨਾਲ ਵਾਤਾਵਰਣ ਦੀ ਸਾਂਭ ਸੰਭਾਲ ਦੇ ਨੁਕਤੇ ਸਾਂਝੇ ਕੀਤੇ। ਇਸ ਮੌਕੇ ਸਰੋਤਿਆਂ ਨੇ ਵਾਤਾਵਰਨ ਦੀ ਸੰਭਾਲ ਅਤੇ ਪੌਦੇ ਲਗਾਉਣ ਦਾ ਪ੍ਰਣ ਲਿਆ ਤੇ ਵਿਦਿਆਰਥੀਆਂ ਦੇ ਸੁਆਲਾਂ ਦਾ ਨਿਵਾਰਨ ਵੀ ਕੀਤਾ। ਮੁੱਖ ਵਕਤਾ ਨੇ ਵਿਦਿਆਰਥੀਆਂ ਨੂੰ ਆਪਣੇ-ਆਪਣੇ ਰਾਜਾਂ ਤੋਂ ਬੀਜ ਜਾਂ ਪੌਦ ਲਿਆ ਕੇ 'ਵਰਸਿਟੀ ਵਿੱਚ ਉਨ੍ਹਾਂ ਦੀ ਖੇਤੀ ਕਰਕੇ ਜੈਵਿਕ ਸੰਪ੍ਰਦਾ ਨੂੰ ਹੁਲਾਰਾ ਦੇਣ ਦਾ ਮਸ਼ਵਰਾ ਵੀ ਦਿੱਤਾ। ਡਾ. ਕਸ਼ਯਪ ਨੇ ਆਪਣੇ ਧੰਨਵਾਦੀ ਭਾਸ਼ਣ ਵਿੱਚ ਵਿਦਿਆਰਥੀਆਂ ਨੂੰ ਪ੍ਰਦੂਸ਼ਨ ਰਹਿਤ ਖੇਤੀ ਦੇ ਵਿਕਾਸ ਲਈ ਖੋਜ ਕਾਰਜ ਕਰਨ ਦਾ ਸੁਝਾਅ ਦਿੱਤਾ। ਉਨ੍ਹਾਂ ਕਿਹਾ ਕਿ ਵਿਦਿਆਰਥੀ ਆਪਣੀ ਖੋਜ ਕਾਰਜਾਂ ਰਾਹੀਂ ਖੇਤੀ ਦੀ ਰਹਿੰਦ- ਖੂੰਹਦ ਦੀ ਸੁਚੱਜੀ ਸਾਂਭ ਸੰਭਾਲ ਅਤੇ ਉਸਦੇ ਉੱਤਮ ਉਪਯੋਗ ਦੇ ਹੱਲ ਲੱਭ ਸਕਦੇ ਹਨ। ਆਯੋਜਕਾਂ ਵੱਲੋਂ ਮੁੱਖ ਵਕਤਾ ਨੂੰ ਪੌਦਾ ਦੇ ਕੇ ਸਨਮਾਨਿਤ ਕੀਤਾ ਗਿਆ।

### ਪੰਜਾਬੀ ਯੂਨੀਵਰਸਿਟੀ ਕੈਂਪਸ ਤਲਵੰਡੀ ਸਾਬੋ ਨੇ ਪਟਿਆਲਾ ਵਿਖੇ ਹੋਏ

# ਮੁੱਕੇਬਾਜ਼ੀ ਦੇ ਅੰਤਰ-ਕਾਲਜ ਮੁਕਾਬਲਿਆਂ 'ਚ ਸ਼ਾਨਦਾਰ ਪ੍ਰਦਰਸ਼ਨ



**ਤਲਵੰਡੀ ਸਾਬੋ, 03 ਦਸੰਬਰ (ਗੁਰਜੰਟ ਸਿੰਘ ਨਥੇਹਾ)**-ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਖੇ ਕਰਵਾਏ ਗਏ ਅੰਤਰ-ਕਾਲਜ ਮੁੱਕੇਬਾਜ਼ੀ ਮੁਕਾਬਲਾ ਚੈਂਪੀਅਨਸ਼ਿਪ ਵਿੱਚ ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਦਮਦਮਾ ਸਾਹਿਬ, ਤਲਵੰਡੀ ਸਾਬੋ ਦੇ ਲੜਕੇ ਅਤੇ ਲੜਕੀਆਂ ਦੀਆਂ ਬਾਕਸਿੰਗ ਟੀਮਾਂ ਵੱਲੋਂ ਭਾਗ ਲਿਆ ਗਿਆ ਅਤੇ ਵੱਖ-ਵੱਖ ਭਾਰ-ਵਰਗ ਦੇ ਮੁਕਾਬਲਿਆਂ 'ਚ ਵਧੀਆ ਪ੍ਰਦਰਸ਼ਨ ਕੀਤਾ। ਟੀਮ ਇੰਚਾਰਜ ਮੈਡਮ ਅਮਨਦੀਪ ਕੌਰ ਨੇ ਜਾਣਕਾਰੀ ਸਾਂਝੀ ਕਰਦੇ ਦੱਸਿਆ ਕਿ ਇਸ ਚੈਂਪੀਅਨਸ਼ਿਪ ਵਿੱਚ ਇਸ ਕੈਂਪਸ ਦੇ ਬੀ. ਏ. ਭਾਗ ਪਹਿਲਾ ਦੇ ਖੁਸ਼ਦੀਪ ਕੌਰ ਅਤੇ ਭਵਜੀਤ ਸਿੰਘ ਨੇ ਕ੍ਰਮਵਾਰ ਸਿਲਵਰ ਅਤੇ ਬਰੌਂਜ਼ ਮੈਡਲ ਅਤੇ ਬੀ. ਏ. ਭਾਗ ਦੂਜਾ ਦੀ ਹਰਪ੍ਰੀਤ ਕੌਰ ਨੇ ਬਰੌਂਜ਼ ਮੈਡਲ ਜਿੱਤ ਕੇ ਤਲਵੰਡੀ ਸਾਬੋ ਕੈਂਪਸ ਦੀ ਝੋਲੀ ਪਾਇਆ। ਇਸ ਪ੍ਰਾਪਤੀ ਤੇ ਵਿਦਿਆਰਥੀਆਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ ਅਤੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਸੰਦੇਸ਼ ਪ੍ਰਾਪਤ ਹੋ ਰਹੇ ਹਨ। ਕੈਂਪਸ ਦੇ ਪੰਜੇ ਵਿਭਾਗਾਂ ਦੇ ਮੁਖੀ ਸਹਿਬਾਨ ਡਾ ਬਲਦੇਵ ਸਿੰਘ, ਡਾ. ਸੰਦੀਪ ਰਾਣਾ, ਡਾ. ਨਰਿੰਦਰ ਕੌਰ, ਡਾ. ਪ੍ਰੀਤੀ ਬਾਂਸਲ ਅਤੇ ਡਾ. ਨਵਦੀਪ ਗੋਇਲ ਵੱਲੋਂ ਜੇਤੂ ਖਿਲਾੜੀਆਂ ਦੀ ਜਿੱਤ 'ਤੇ ਖ਼ੁਸ਼ੀ ਪ੍ਰਗਟ ਕਰਦਿਆਂ ਵਧਾਈ ਸੰਦੇਸ਼ ਭੇਜੇ। ਕੈਂਪਸ ਦੇ ਸਪੋਰਟਸ ਇੰਚਾਰਜ ਡਾ. ਗੁਰਦੀਪ ਸਿੰਘ ਨੇ ਜੇਤੂ ਵਿਦਿਆਰਥੀਆਂ ਨੂੰ ਕੈਂਪਸ ਡਾਇਰੈਕਟਰ ਪ੍ਰੋਫੈਸਰ (ਡਾ.) ਅਮਨਦੀਪ ਸਿੰਘ ਨਾਲ ਮਿਲਾਇਆ ਅਤੇ ਇੱਕ ਵਾਰ ਫਿਰ ਤੋਂ ਜੇਤੂਆਂ ਨੂੰ ਮੈਡਲ ਪਹਿਨਾ ਕੇ ਹੌਸਲਾ ਅਫਜਾਈ ਕੀਤੀ। ਕੈਂਪਸ ਡਾਇਰੈਕਟਰ ਨੇ ਜੇਤੂ ਵਿਦਿਆਰਥੀਆਂ, ਸਪੋਰਟਸ ਵਿਭਾਗ ਸਮੇਤ ਸਮੂਹ ਕੈਂਪਸ ਨੂੰ ਇਸ ਸ਼ਨਦਾਰ ਪ੍ਰਦਰਸ਼ਨ ਤੇ ਵਧਾਈ ਦਿੱਤੀ ਅਤੇ ਭਵਿੱਖ ਵਿੱਚ ਹੋਰ ਸਫਲਤਾ ਲਈ ਸ਼ੁਭ ਕਾਮਨਾਵਾਂ ਵਿਅਕਤ ਕੀਤੀਆਂ।

# ਪੰਜਾਬ ਨੂੰ ਹੁਣ ਇੱਕ ਦਰਵੇਸ਼ ਸਿਆਸਤਦਾਨ ਆਗੂ ਦੀ ਜ਼ਰੂਰਤ, ਮੌਜੂਦਾ ਰਾਜਨੀਤਕ ਅਤੇ ਅਫਸਰਸਾਹੀ ਨੇ ਪੰਜਾਬ ਨੂੰ ਅਬਦਾਲੀਆ ਵਾਂਗੂੰ ਲੁੱਟ ਲਿਆ ਹੈ - ਪੰਜੋਲੀ

**ਫਤਹਿਗੜ ਸਾਹਿਬ, 3 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਬਹੁਤ ਦੇਰ ਪਹਿਲਾ ਕਿਸੇ ਕਵੀ ਨੇ ਗੀਤ ਲਿਖਿਆ ਸੀ " ਤੇਰਾ ਲੁੱਟਿਆ ਸ਼ਹਿਰ ਭਬੋਲ ਨੀ ਸੱਸੀਏ ਬੇ ਖਬਰੇ " ਇਸ ਗੀਤ ਦੇ ਇਹ ਬੋਲ ਪੰਜਾਬੀਆ ਉੱਤੇ ਬਿੱਲਕੁੱਲ ਠੀਕ ਢੁੱਕਦੇ ਹਨ । ਜਦੋਂ ਪ੍ਰਤਾਪ ਸਿੰਘ ਕੈਰੋ ਵਰਗੇ ਬੰਦੇ ਪੰਜਾਬ ਦੇ ਮੁੱਖ ਮੰਤਰੀ ਹੁੰਦੇ ਹਨ ।ਉਸ ਸਮੇਂ ਪੰਜਾਬ ਵਿੱਚ ਇੱਕ ਵੀ ਬੰਦਾ ਖੁਦਕਸੀ ਨਹੀਂ ਸੀ ਕਰਦਾ । ਪੰਜਾਬ ਸਿਰ ਕੋਈ ਕਰਜ਼ਾ ਨਹੀਂ ਸੀ । ਪੰਜਾਬ ਅਤੇ ਪੰਜਾਬੀ ਦੋਵੇਂ ਖੁਸ਼ਹਾਲ ਸਨ । ਪੰਜਾਬ ਵਿੱਚ ਗਿੱਧੇ ਭੰਗੜੇ ਪਾਏ ਜਾਂਦੇ ਲੋਕ ਖੁਸ਼ ਸਨ ਜਦੋਂ ਕਿ ਅੱਜ ਪੰਜਾਬ ਵਿੱਚ ਹਰ ਰੋਜ ਕਿਸੇ ਨਾ ਕਿਸੇ ਪਿੰਡ ਵਿੱਚ ਵੈਣ ਪੈਂਦੇ ਹਨ । ਪੰਜਾਬ ਉਦਾਸ਼ ਅਤੇ ਨਿਰਾਸ਼ ਹੈ ।ਮੈਨੂੰ ਲੱਗਦਾ ਹੈ ਕਿ ਜਦੋਂ 2026 ਖਤਮ ਹੋਏਗਾ ਤਾਂ ਪੰਜਾਬ ਦੇ ਸਿਰ ਪੰਜ ਲੱਖ ਕਰੋੜ ਰੂਪੈ ਦਾ ਕਰਜ਼ਾ ਹੋ ਜਾਏਗਾ । ਮੌਜੂਦਾ ਸਮੇਂ ਵਿੱਚ ਕਿਸੇ ਪਾਰਟੀ ਕੌਲ ਕੋਈ ਅਜਿਹਾ ਆਗੂ ਨਹੀਂ ਹੈ ਜੋ ਦਰਵੇਸ਼ਾਂ ਵਾਂਗੂ ਜੀਵਨ ਜੀਅ ਕੇ ਅਪਣੀ ਜਨਮ ਭੂੰਮੀ ਅਤੇ ਕਰਮ ਭੂੰਮੀ ਨੂੰ ਇਸ ਮੰਝਦਾਰ ਵਿੱਚੋਂ ਕੱਢ ਸਕੇ । ਇਹ ਪੰਜਾਬ ਮੌਜੂਦਾ ਰਾਜਨੀਤਕ ਲੋਕਾਂ ਅਤੇ ਅਫ਼ਸਰਸ਼ਾਹੀ ਨੇ ਅਬਦਾਲੀਆ ਅਤੇ ਨਾਦਰਾ ਵਾਗੁੰ ਲੁੱਟ ਲਿਆ ਗਿਆ ਹੈ । ਕਈ ਵੱਡੇ ਰਾਜਨੀਤਕ ਆਗੂਆ ਪਾਸ ਤਾ ਪੰਜ ਪੰਜ ਘਰ ਹਨ , ਦੂਸਰੇ ਪਾਸੇ ਕਿਰਤੀਆਂ ਨੂੰ ਕੁੱਲੀ ਵੀ ਨਹੀਂ ਜੁੜਦੀ । ਇਹ ਠੀਕ ਹੈ ਕਿ ਤਰੱਕੀ ਲਈ ਕਰਜ਼ਾ ਲੈਣਾ ਪੈਂਦਾ ਹੈ ਪਰਾਤੂੰ ਉਸ ਕਰਜ਼ੇ ਨੂੰ ਮੋੜਨ ਲਈ ਆਮਦਨ ਦੇ ਸਾਧਨ ਵੀ ਪੈਦਾ ਕਰਨੇ ਹੁੰਦੇ ਹਨ । ਕਰਜ਼ਾ ਲੈ ਕੇ ਤਨਖਾਹਾ ਦੇ ਰਹੇ , ਕਰਜ਼ਾ ਲੈ ਕੇ ਮੁਫ਼ਤ ਸਕੀਮਾਂ ਚਲਾਈਆਂ ਜਾ ਰਹੀਆਂ ਹਨ । ਕਰਜ਼ਾ ਕਿੱਥੋਂ ਮੋੜੋਗੇ ਅਤੇ ਕਿਵੇਂ ਮੋੜੋਗੇ ,ਪੰਜਾਬ ਨੂੰ ਕੋਣ ਬਚਾਏਗਾ । ਮੈਨੂੰ ਨਹੀਂ ਲੱਗਦਾ ਮੌਜੂਦਾ ਰਾਜਨੀਤਕ ਆਗੂਆਂ ਵਿੱਚੋਂ ਕੋਈ ਪੰਜਾਬ ਨੂੰ ਬਚਾ ਸਕੇ । ਹੁਣ ਕਿਸੇ ਦਰਵੇਸ਼ ਸਿਆਸਦਾਨ ਆਗੂ ਦੀ ਜ਼ਰੂਰਤ ਹੈ ਜਿਸ ਦੀ ਕੋਈ ਨਿੱਜ ਦੀ ਲੋੜ ਨਾ ਹੋ ਕੇ ਕੇਵਲ ਤੇ ਕੇਵਲ ਅਪਣੀ ਜਨਮ ਭੂੰਮੀ ਅਤੇ ਕਰਮ ਭੂੰਮੀ ਪੰਜਾਬ ਨੂੰ ਬਚਾ ਸਕੇ । ਅਫਿਸਰਾ ਦੀ ਲੁੱਟ ਕਿੰਨੀ ਕੂ ਹੈ ਇਹ ਤੁਸੀਂ ਡੀ ਆਈ ਜੀ ਹਰਚਰਨ ਸਿੰਘ ਭੁੱਲਰ ਵੱਲੋਂ ਕੀਤੀ ਗਈ ਲੁੱਟ ਵੇਖ ਹੀ ਲਈ ਹੈ । ਇਸ ਲਈ ਪੰਜਾਬੀਓ ਪੰਜਾਬ ਨੂੰ ਲਾਵਾਰਿਸ ਛੱਡ ਕੇ ਨਾ ਜਾਓ ਬਲਕਿ ਇਸ ਨੂੰ ਬਚਾਉਣ ਵਾਲੇ ਆਗੂਆ ਨੂੰ ਲੱਭੋ ਭਾਵੇਂ ਕਿਸੇ ਵੀ ਪਾਰਟੀ ਵਿੱਚ ਹੋਣ । ਉਹਨਾ ਨੂੰ ਅਪੀਲ ਕਰੌ ਕਿ ਉਹ ਸਿਰ ਜੌੜ ਕੇ ਪੰਜਾਬ ਨੂੰ ਬਚਾਉਣ ਲਈ ਕੋਈ ਰਸਤਾ ਲੱਭਣ । ਉਦਾਸ ਮਨ ਨਾਲ ਕਰਨੈਲ ਸਿੰਘ ਪੰਜੋਲੀ ।



# ਜਸਮੀਤ ਕੌਰ ਚਹਿਲ ਘਨੌਰੀ ਕਲਾਂ ਜੋਨ ਤੋਂ ਜਿਲ੍ਹਾ ਪਰਿਸ਼ਦ ਦੇ ਲਈ ਅੱਜ ਕਾਗਜ਼ ਦਾਖਲ ਕਰਨਗੇ





**ਧੂਰੀ (ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੇ ਹਲਕੇ ਵਿੱਚ ਪੈਂਦੇ ਜਿਲਾ ਪਰਿਸ਼ਦ ਜੋਨ ਘਨੌਰੀ ਕਲਾਂ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਜਸਮੀਤ ਕੌਰ ਚਹਿਲ ਅੱਜ ਆਪਣੇ ਕਾਫਲੇ ਸਮੇਤ ਕਾਗਜ਼ ਦਾਖਲ ਕਰਨਗੇ। ਇਸ ਮੌਕੇ ਚੋਣਵੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜਸਮੀਤ ਕੌਰ ਚਹਿਲ ਪਤਨੀ ਸਰਪੰਚ ਅੰਮ੍ਰਿਤ ਚਹਿਲ ਨੇ ਕਿਹਾ ਕਿ ਉਹ ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ, ਸੁਖਵੀਰ ਸਿੰਘ ਓਐਸਡੀ ਮੁੱਖ ਮੰਤਰੀ, ਓਐਸਡੀ ਰਾਜਵੀਰ ਸਿੰਘ, ਦਫਤਰ ਇੰਚਾਰਜ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਅਤੇ ਦਫਤਰ ਇੰਚਾਰਜ ਸ, ਦਲਬੀਰ ਸਿੰਘ ਢਿੱਲੋ ਚੇਅਰਮੈਨ ਲਘੂ ਉਦਯੋਗ ਪੰਜਾਬ ਦਾ ਦਿਲ ਦੀਆਂ ਗਹਿਰਾਈਆਂ ਚੋਂ ਧੰਨਵਾਦ ਕਰਦੇ ਹਨ, ਜਿਨਾਂ ਨੇ ਉਹਨਾਂ ਤੇ ਵਿਸ਼ਵਾਸ ਪ੍ਰਗਟ ਕਰਕੇ ਜਿਲ੍ਹਾ ਪਰਿਸ਼ਦ ਜੋਨ ਘਨੌਰੀ ਕਲਾਂ ਤੋਂ ਸੇਵਾ ਕਰਨ ਦਾ ਮੌਕਾ ਦਿੱਤਾ ਹੈ।

# ਰਮਨਦੀਪ ਕੌਰ ਨੂੰ ਘਨੋਰੀ ਐਸ,ਸੀ ਜੋਨ ਤੋਂ ਆਪ ਨੇ ਉਮੀਦਵਾਰ ਐਲਾਨਿਆ

**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਹਲਕੇ ਦੇ ਵਿੱਚ ਪੈਂਦੇ ਪਿੰਡ ਘਨੌਰੀ ਕਲਾ ਬਲਾਕ ਸੰਮਤੀ ਐਸੀ ਜੋਨ ਤੋਂ ਉਕੀ ਸਮਾਜ ਸੇਵੀ ਰਮਨਦੀਪ ਕੌਰ ਨੂੰ ਉਮੀਦਵਾਰ ਐਲਾਨਿਆ। ਉਨ੍ਹਾਂ ਵੱਲੋਂ ਆਪਣੇ ਜੋਨ ਵਿੱਚ ਸਰਗਰਮੀਆਂ ਤੇਜ਼ ਕੀਤੀਆਂ ਗਈਆਂ ਹਨ । ਇਸ ਮੌਕੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਬੀਬੀ ਰਮਨਜੀਤ ਦੀਪ ਕੌਰ ਨੇ ਕਿਹਾ ਕਿ ਕਿਹਾ ਕਿ ਉਹ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਓਐਸਡੀ ਸ, ਰਾਜਵੀਰ ਸਿੰਘ ਓਐਸਡੀ ਸ, ਸੁਖਬੀਰ ਸਿੰਘ ਦਫਤਰ ਇੰਚਾਰਜ ਰਾਜਵੰਤ ਸਿੰਘ ਘੁੱਲੀ, ਦਫ਼ਤਰ ਇੰਚਾਰਜ ਦਲਵੀਰ ਸਿੰਘ ਢਿੱਲੋ ਦਾ ਦਿਲ ਦੀਆਂ ਗਹਿਰਾਈਆਂ ਚੋਂ ਧੰਨਵਾਦ ਕਰਦੀ ਹਾਂ ਜਿਨਾਂ ਨੇ ਮੇਰੇ ਤੇ ਵਿਸ਼ਵਾਸ ਪ੍ਰਗਟ ਕਰਕੇ ਮੈਨੂੰ ਸੇਵਾ ਕਰਨ ਦਾ ਮੌਕਾ ਦਿੱਤਾ ਮੈਂ ਉਹਨਾਂ ਨੂੰ ਵਿਸ਼ਵਾਸ ਦਵਾਉਂਦੀ ਹਾਂ ਕਿ ਇਹ ਸੀਟ ਵੱਡੇ ਮਾਰਜਨ ਨਾਲ ਜਿੱਤ ਕੇ ਉਹ ਪਾਰਟੀ ਦੀ ਝੋਲੀ ਪਾਉਣਗੇ।



ਆਈਡੀਅਲ ਕੌਨਵੈਂਟ ਸਕੂਲ ਹਠੂਰ ਦਾ

# ਤਿੰਨ ਰੋਜ਼ਾ ਖੇਡ ਮੇਲਾ ਮਿੱਠੀਆਂ ਯਾਦਾਂ ਛੱਡਦਾ ਸਮਾਪਤ ਹੋਇਆ







**ਹਠੂਰ / ਜਗਰਾਉਂ** - (ਵਰਿਆਮ ਹਠੂਰ) ਮੀਰੀ ਪੀਰੀ ਦੇ ਮਾਲਕ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੀ ਚਰਨ ਛੋਹ ਪ੍ਰਾਪਤ ਇਤਿਹਾਸਕ ਕਸਬਾ ਹਠੂਰ ਦੀ ਭਾਗਾਂ ਭਰੀ ਧਰਤੀ ਤੇ ਅੱਚਰਵਾਲ ਰੋਡ ਉੱਪਰ ਸਥਿੱਤ ਨਾਮਵਰ ਵਿੱਦਿਅਕ ਸੰਸਥਾ ਆਈਡੀਅਲ ਕੌਨਵੈਂਟ ਸਕੂਲ ਹਠੂਰ ਵਿਖੇ ਤਿੰਨ ਰੋਜ਼ਾ ਖੇਡ ਮੇਲਾ ਮਿੱਠੀਆਂ ਯਾਦਾਂ ਛੱਡਦਾ ਸਮਾਪਤ ਹੋਇਆ, ਤਿੰਨ ਰੋਜ਼ਾ ਚੱਲੇ ਖੇਡ ਮੇਲੇ ਦੇ ਸ਼ੁਰੂਆਤ ਵਾਲੇ ਦਿਨ ਪ੍ਰਿੰਸੀਪਲ ਅਜੇਪਾਲ ਸਿੰਘ ਧਾਲੀਵਾਲ ਅਤੇ ਵਾਇਸ ਪ੍ਰਿੰਸੀਪਲ ਮੈਡਮ ਮਨਪ੍ਰੀਤ ਕੌਰ ਧਾਲੀਵਾਲ ਨੇ ਤਾੜੀਆਂ ਦੀ ਗੂੰਜ ਵਿੱਚ ਰੀਬਨ ਕੱਟਣ ਦੀ ਰਸਮ ਅਦਾ ਕੀਤੀ, ਉਸ ਤੋਂ ਬਾਅਦ ਸਕੂਲ ਦੇ ਬੱਚਿਆਂ ਵੱਲੋਂ ਸ਼ਾਨਦਾਰ ਢੰਗ ਨਾਲ ਮਿਸਾਲ ਮਾਰਚ ਕੀਤਾ ਗਿਆ, ਸਕੂਲ ਦੇ ਬੱਚਿਆਂ ਵੱਲੋਂ ਵੈਲਕਮ ਗੀਤ ਨਾਲ ਸਭ ਦਾ ਸਵਾਗਤ ਕੀਤਾ, ਉੱਥੇ ਲੜਕਿਆਂ ਦਾ ਭੰਗੜਾ ਅਤੇ ਲੜਕੀਆਂ ਨੇ ਲੁੱਡੀ ਬੋਲੀਆਂ ਦੀ ਸ਼ਾਨਦਾਰ ਪੇਸ਼ਕਾਰੀ ਕੀਤੀ ਗਈ, ਖੇਡਾਂ ਵਿੱਚ ਸਕੂਲ ਦੇ ਬੱਚਿਆਂ ਨੇ ਬੜੀ ਹੀ ਦਿਲਚਸਪੀ ਨਾਲ ਹਿੱਸਾ ਲਿਆ, ਖੇਡ ਮੁਕਾਬਲਿਆਂ ਵਿੱਚ ਬੱਚਿਆਂ ਦੀ 100 ਮੀਟਰ ਰੇਸ, 200 ਮੀਟਰ ਰੇਸ 400 ਮੀਟਰ ਰੇਸ, ਕ੍ਰਿਕਟ, ਖੋ-ਖੋ, ਬਾਸਕਟਬਾਲ, ਲੌਂਗ ਜੰਪ, ਸਪੂਨ ਰੇਸ, ਥ੍ਰੀ ਲਿੱਗ ਰੇਸ, ਬੈਗ ਐਕਟੀਵਿਟੀ, ਰੱਸਾਕਸੀ, ਸਮੇਤ ਹੋਰ ਖੇਡ ਮੁਕਾਬਲੇ ਬੱਚਿਆਂ ਵਿਚਕਾਰ ਕਰਵਾਏ ਗਏ, ਤੇ ਆਖਰੀ ਦਿਨ ਜੇਤੂ ਬੱਚਿਆਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ, ਗੱਲਬਾਤ ਕਰਦਿਆਂ ਸਕੂਲ ਪ੍ਰਿੰਸੀਪਲ ਅਜੇਪਾਲ ਸਿੰਘ ਧਾਲੀਵਾਲ ਅਤੇ ਵਾਇਸ ਪ੍ਰਿੰਸੀਪਲ ਮੈਡਮ ਮਨਪ੍ਰੀਤ ਕੌਰ ਧਾਲੀਵਾਲ ਸਲਾਨਾ ਖੇਡ ਮੁਕਾਬਲਿਆਂ ਵਿੱਚ ਬੱਚਿਆਂ ਨੇ ਦਿਲਚਸਪੀ ਵਿਖਾਈ ਤੇ ਮੁਕਾਬਲਿਆਂ ਵਿੱਚ ਹਿੱਸਾ ਲਿਆ, ਉਨ੍ਹਾਂ ਕਿਹਾ ਕਿ ਬੱਚਿਆਂ ਵਿੱਚ ਖੇਡਾਂ ਨੂੰ ਲੈਕੇ ਹਰ ਵਾਰ ਦੀ ਤਰ੍ਹਾਂ ਬੜਾ ਉਤਸ਼ਾਹ ਵੇਖਣ ਨੂੰ ਮਿਲਿਆ, ਉਨ੍ਹਾਂ ਕਿਹਾ ਕਿ ਸਾਡੇ ਸਕੂਲ ਦੇ ਮਿਹਨਤੀ ਸਟਾਫ ਵੱਲੋਂ ਬੱਚਿਆਂ ਨੂੰ ਚੰਗੀ ਵਿੱਦਿਆ ਹਾਸਲ ਕਰਵਾਉਣ ਦੇ ਨਾਲ ਨਾਲ ਖੇਡਾਂ ਨਾਲ ਵੀ ਜੋੜਿਆ ਜਾਂਦਾ ਹੈ। ਤਾਂ ਜੋ ਬੱਚਿਆਂ ਦੇ ਮਾਨਸਿਕ ਅਤੇ ਸਰੀਰਕ ਵਿਕਾਸ ਵਿੱਚ ਵਾਧਾ ਹੋ ਸਕੇ, ਤੇ ਬੱਚੇ ਖੇਡਾਂ ਵਿੱਚ ਤਰੱਕੀਆਂ ਕਰਕੇ ਆਪਣਾ ਅਤੇ ਆਪਣੇ ਮਾਪਿਆਂ ਦੇ ਨਾਲ ਨਾਲ ਸਕੂਲ ਅਤੇ ਪੰਜਾਬ ਦਾ ਵੀ ਨਾਮ ਰੌਸ਼ਨ ਕਰਨ, ਇਸੇ ਤਰ੍ਹਾਂ ਸਮੇਂ ਸਮੇਂ ਤੇ ਸਕੂਲ ਵਿੱਚ ਬੱਚਿਆਂ ਵਿਚਕਾਰ ਖੇਡ ਕੰਪੀਟੀਸ਼ਨ, ਅਤੇ ਵਿੱਦਿਆ ਨਾਲ ਸਬੰਧਿਤ ਮੁਕਾਬਲੇ ਕਰਵਾਏ ਜਾਂਦੇ ਹਨ। ਤੇ ਸਕੂਲ ਦਾ ਸਮੂਹ ਮਿਹਨਤੀ ਸਟਾਫ਼ ਵਧਾਈ ਦਾ ਪਾਤਰ ਹੈ। ਜਿੰਨ੍ਹਾਂ ਦੀ ਬਦੌਲਤ ਬੱਚਿਆਂ ਵਿੱਚ ਅੱਛੇ ਸੰਸਕਾਰ ਪੈਦਾ ਹੋ ਰਹੇ ਹਨ। ਪ੍ਰਿੰਸੀਪਲ ਅਜੇਪਾਲ ਸਿੰਘ ਧਾਲੀਵਾਲ ਅਤੇ ਵਾਇਸ ਪ੍ਰਿੰਸੀਪਲ ਮੈਡਮ ਮਨਪ੍ਰੀਤ ਕੌਰ ਧਾਲੀਵਾਲ ਨੇ ਅੱਗੇ ਕਿਹਾ ਕਿ ਆਈਡੀਅਲ ਕੌਨਵੈਂਟ ਸਕੂਲ ਵੱਲੋਂ ਬੱਚਿਆਂ ਨੂੰ ਧਾਰਮਿਕ, ਅਤੇ ਸਭਿਆਚਾਰਕ ਗਤੀਵਿਧੀਆਂ ਵੱਲ ਵੀ ਪ੍ਰੇਰਿਤ ਕੀਤਾ ਜਾਂਦਾ ਹੈ। ਬੱਚਿਆਂ ਨੂੰ ਗੁਰਬਾਣੀ ਕੀਰਤਨ, ਦੀ ਸਿਖਲਾਈ ਦੇ ਨਾਲ ਨਾਲ ਸਮੇਂ ਸਮੇਂ ਤੇ ਵੱਖ ਵੱਖ ਧਾਰਮਿਕ ਸਥਾਨਾਂ, ਇਤਿਹਾਸਕ ਗੁਰਦੁਆਰਿਆਂ ਦੇ ਦਰਸ਼ਨ ਦੀਦਾਰੇ ਕਰਵਾਏ ਜਾਂਦੇ ਹਨ। ਤਾਂ ਜੋ ਬੱਚਿਆਂ ਵਿਚਕਾਰ ਬਚਪਨ ਤੋਂ ਹੀ ਸਿੱਖੀ ਪ੍ਰਤੀ ਮੋਹ ਪੈਦਾ ਹੋਵੇ। ਤੇ ਸਾਡੇ ਸਕੂਲ ਦੇ ਮਿਹਨਤੀ ਸਟਾਫ਼ ਦੀ ਬਦੌਲਤ ਬੱਚੇ ਚੰਗੀ ਵਿੱਦਿਆ ਦੇ ਨਾਲ ਨਾਲ ਖੇਡਾਂ ਵਿੱਚ ਵੀ ਤਰੱਕੀਆਂ ਕਰ ਰਹੇ ਹਨ। ਇਸ ਤੋਂ ਇਲਾਵਾ ਮੈਡਮ ਸੁਖਦੀਪ ਕੌਰ ਅਤੇ ਸਕੂਲ ਦੇ ਹੋਰ ਸਟਾਫ ਮੈਂਬਰਾਂ ਨੇ ਸਕੂਲ ਗਤੀਵਿਧੀਆਂ ਬਾਰੇ ਚਰਚਾ ਕੀਤੀ, ਇਸ ਮੌਕੇ ਕਲਾਕਾਰ ਗੁਰਮੀਤ ਹਠੂਰ ਮੈਡਮ ਸੁਖਦੀਪ ਕੌਰ, ਸੰਦੀਪ ਕੌਰ, ਹਰਪ੍ਰੀਤ ਕੌਰ, ਰਮਨਦੀਪ ਕੌਰ, ਸਨਦੀਪ ਕੌਰ, ਚਰਨਜੀਤ ਕੌਰ, ਅਮਰਦੀਪ ਕੌਰ, ਅਮਨਜੋਤ ਕੌਰ, ਹਰਪ੍ਰੀਤ ਕੌਰ, ਸੁਖਬੀਰ ਕੌਰ, ਅਮਨਦੀਪ ਕੌਰ, ਗਗਨਦੀਪ ਕੌਰ, ਹਰਵਿੰਦਰ ਕੌਰ, ਗੁਰਵਿੰਦਰ ਕੌਰ, ਹਰਕਰਨ ਸਿੰਘ ਸਮੇਤ ਸਕੂਲ ਦੇ ਬੱਚੇ ਅਤੇ ਬੱਚਿਆਂ ਦੇ ਮਾਪੇ ਹਾਜ਼ਰ ਸਨ।

### ਸਕੂਲ ਸਟਾਫ਼ ਅਤੇ ਮੈਨੇਜਮੈਂਟ ਵੱਲੋਂ ਜੇਤੂ ਬੱਚਿਆਂ ਨੂੰ ਕੀਤਾ ਸਨਮਾਨਿਤ

ਆਵਾਜ਼ਿ ਕੌਮ AWAZE QAUM International Newspaper & WEB TV

## ਹਰਜਿੰਦਰ ਸਿੰਘ ਕਾਂਝਲਾ ਅੱਜ ਆਪਣੇ ਕਾਫ਼ਲੇ ਸਮੇਤ ਕਾਗਜ਼ ਦਾਖਲ ਕਰਨਗੇ



**ਧੂਰੀ (ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਸ੍. ਭਗਵੰਤ ਸਿੰਘ ਮਾਨ ਦੇ ਹਲਕੇ ਵਿੱਚ ਪੈਂਦੇ ਜਿਲਾ ਪਰਿਸ਼ਦ ਜੋਨ ਬਾਲੀਆ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਹਰਜਿੰਦਰ ਸਿੰਘ ਅੱਜ ਆਪਣੇ ਕਾਫਲੇ ਸਮੇਤ ਕਾਗਜ਼ ਦਾਖਲ ਕਰਨਗੇ। ਇਸ ਮੌਕੇ ਚੋਣਵੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹਰਜਿੰਦਰ ਸਿੰਘ ਕਾਂਝਲਾ ਨੇ ਕਿਹਾ ਕਿ ਉਹ ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ, ਸੁਖਵੀਰ ਸਿੰਘ ਓਐਸਡੀ ਮੁੱਖ ਮੰਤਰੀ, ਓਐਸਡੀ ਰਾਜਵੀਰ ਸਿੰਘ, ਦਫਤਰ ਇੰਚਾਰਜ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਅਤੇ ਦਫਤਰ ਇੰਚਾਰਜ ਸ, ਦਲਬੀਰ ਸਿੰਘ ਢਿੱਲੋ ਚੇਅਰਮੈਨ ਲਘੂ ਉਦਯੋਗ ਪੰਜਾਬ ਦਾ ਦਿਲ ਦੀਆਂ ਗਹਿਰਾਈਆਂ ਚੋਂ ਧੰਨਵਾਦ ਕਰਦੇ ਹਨ, ਜਿਨਾਂ ਨੇ ਉਹਨਾਂ ਤੇ ਵਿਸ਼ਵਾਸ ਪ੍ਰਗਟ ਕਰਕੇ ਜਿਲ੍ਹਾ ਪਰਿਸ਼ਦ ਜੋਨ ਬਾਲੀਆ ਤੋਂ ਸੇਵਾ ਕਰਨ ਦਾ ਮੌਕਾ ਦਿੱਤਾ ਹੈ। ਇਸ ਮੌਕੇ ਉਹਨਾਂ ਦੇ ਨਾਲ ਪਰਮਜੀਤ ਸਿੰਘ ਕਾਂਝਲਾ ਠੇਕੇਦਾਰ ਹਰਜਿੰਦਰ ਸਿੰਘ ਕਾਂਝਲਾ, ਸੁਖਜੀਤ ਸਿੰਘ, ਜਸਪਾਲ ਸਿੰਘ ਨੰਬਰਦਾਰ ਪ੍ਰਗਟ ਸਿੰਘ ਜਗਤਾਰ ਸਿੰਘ, ਬਿੰਦਰ ਸਿੰਘ ਨੰਬਰਦਾਰ ,ਬਸੰਤ ,ਜਗਸੀਰ ਸਿੰਘ, ਸੁਖਵਿੰਦਰ ਸਿੰਘ ਮਾਂਗੂ, ਬਲਵਿੰਦਰ ਸਿੰਘ ਰੂਸੀ,ਪਾਲੀ ਗਰੇਵਾਲ, ਜਗਦੀਪ ਸਿੰਘ ਪੰਚ, ਸੰਦੀਪ ਸਿੰਘ ਪੰਚ, ਬਲਜੀਤ ਸਿੰਘ ਫੌਜੀ, ਅਵਤਾਰ ਸਿੰਘ ਪ੍ਰਧਾਨ,ਗੁਰਦੀਪ ਸਿੰਘ, ਰਾਣਾ ਸਿੰਘ, ਬਿਕਰ ਸਿੰਘ ,ਗੁਰਚਰਨ ਸਿੰਘ, ਨੰਬਰਦਾਰ ਕੇਵਲ ਸਿੰਘ ,ਜਗਪਾਲ ਸਿੰਘ,ਸੋਹਣ ਸਿੰਘ ਸਾਬਕਾ ਸਰਪੰਚ ਹਸਨਪੁਰ, ਦਰਸ਼ਨ ਸਿੰਘ, ਰਿੰਪਾ ਸਿੰਘ, ਕਰਮਜੀਤ ਸਿੰਘ ਕਰਮੀ ਹਾਜਰ ਸਨ ।

ਆਵਾਜ਼ਿ ਕੌਮ AWAZE QAUM International Newspaper & WEB TV

## ਦੇਸ਼ ਵਿਚ 2019-23 ਦੌਰਾਨ ਯੂਏਪੀਏ ਤਹਿਤ ਦਸ ਹਜਾਰ ਤੋਂ ਵੱਧ ਗ੍ਰਿਫ਼ਤਾਰੀਆਂ, ਸਜ਼ਾ ਸਿਰਫ਼ 335 ਨੂੰ




**ਨਵੀਂ ਦਿੱਲੀ 3 ਦਸੰਬਰ (ਮਨਪ੍ਰੀਤ ਸਿੰਘ ਖਾਲਸਾ)**:-ਕੇਂਦਰੀ ਗ੍ਰਹਿ ਮੰਤਰਾਲੇ ਵੱਲੋਂ ਮੰਗਲਵਾਰ (2 ਦਸੰਬਰ) ਨੂੰ ਲੋਕ ਸਭਾ ਵਿੱਚ ਪੇਸ਼ ਕੀਤੇ ਗਏ ਅੰਕੜਿਆਂ ਤੋਂ ਪਤਾ ਲੱਗਿਆ ਹੈ ਕਿ 2019-2023 ਦੌਰਾਨ ਸਿਰਫ਼ 335 ਵਿਅਕਤੀਆਂ ਨੂੰ ਹੀ ਗੈ਼ਰ-ਕਾਨੂੰਨੀ ਗਤੀਵਿਧੀਆਂ (ਰੋਕਥਾਮ) ਐਕਟ (ਯੂਏਪੀਏ) ਤਹਿਤ ਦੋਸ਼ੀ ਠਹਿਰਾਇਆ ਗਿਆ ਹੈ, ਜਦੋਂ ਕਿ ਇਸ ਸਮੇਂ ਦੌਰਾਨ 10,440 ਗ੍ਰਿਫ਼ਤਾਰੀਆਂ ਹੋਈਆਂ ਸਨ। ਗ੍ਰਹਿ ਰਾਜ ਮੰਤਰੀ ਨਿਤਿਆਨੰਦ ਰਾਏ ਨੇ ਸੰਸਦ ਦੇ ਚੱਲ ਰਹੇ ਸਰਦ ਰੁੱਤ ਸੈਸ਼ਨ ਦੌਰਾਨ ਲੋਕ ਸਭਾ ਵਿੱਚ ਕਾਂਗਰਸ ਸੰਸਦ ਮੈਂਬਰ ਸ਼ਫੀ ਪਰਮਬਿਲ ਦੇ ਇੱਕ ਸਵਾਲ ਦੇ ਲਿਖਤੀ ਜਵਾਬ ਵਿੱਚ ਇਹ ਅੰਕੜਾ ਪੇਸ਼ ਕੀਤਾ, ਜਦੋਂ ਕਿ ਇਹ ਨੋਟ ਕੀਤਾ ਕਿ ਯੂਏਪੀਏ ਅਧੀਨ ਜੇਲ੍ਹਾਂ ਵਿੱਚ ਬੰਦ ਵਿਅਕਤੀਆਂ ਦੀ ਸੂਚੀ ਨਾਲ ਸਬੰਧਤ ਅੰਕੜਾ ਰਾਜ-ਵਾਰ ਉਪਲਬਧ ਨਹੀਂ ਹੈ। ਪੇਸ਼ ਕੀਤਾ ਗਿਆ ਡੇਟਾ ਨੈਸ਼ਨਲ ਕ੍ਰਾਈਮ ਰਿਕਾਰਡ ਬਿਊਰੋ ਦੁਆਰਾ ਸੰਕਲਿਤ ਕੀਤਾ ਗਿਆ ਹੈ, ਜੋ ਇਸਨੂੰ ਆਪਣੇ ਸਾਲਾਨਾ ਪ੍ਰਕਾਸ਼ਨ 'ਕ੍ਰਾਈਮ ਇਨ ਇੰਡੀਆ' ਵਿੱਚ ਪ੍ਰਕਾਸ਼ਤ ਕਰਦਾ ਹੈ। ਜੰਮੂ ਅਤੇ ਕਸ਼ਮੀਰ ਵਿੱਚ ਸਾਰੇ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਵਿੱਚੋਂ ਯੂਏਪੀਏ ਅਧੀਨ ਸਭ ਤੋਂ ਵੱਧ 3,662 ਗ੍ਰਿਫ਼ਤਾਰੀਆਂ ਹੋਈਆਂ, ਹਾਲਾਂਕਿ 2019-23 ਦੀ ਮਿਆਦ ਵਿੱਚ ਇਸ ਵਿੱਚ ਸਿਰਫ਼ 23 ਸਜ਼ਾਵਾਂ ਹੋਈਆਂ ਸਨ। ਇਸ ਦੌਰਾਨ, ਉੱਤਰ ਪ੍ਰਦੇਸ਼, ਜਿਸ ਤੋਂ ਬਾਅਦ 2,805 ਗ੍ਰਿਫ਼ਤਾਰੀਆਂ ਹੋਈਆਂ, ਵਿੱਚ ਇਸੇ ਸਮੇਂ ਦੌਰਾਨ ਸਭ ਤੋਂ ਵੱਧ 222 ਸਜ਼ਾਵਾਂ ਹੋਈਆਂ। ਹੋਰ ਰਾਜਾਂ ਵਿੱਚ ਅਸਾਮ, ਮਨੀਪੁਰ ਅਤੇ ਝਾਰਖੰਡ ਸ਼ਾਮਲ ਹਨ ਜਿੱਥੇ ਗ੍ਰਿਫ਼ਤਾਰੀਆਂ ਦੀ ਦਰ ਜ਼ਿਆਦਾ ਹੈ। ਇਸ ਤੋਂ ਪਹਿਲਾਂ ਜੁਲਾਈ ਵਿੱਚ, ਗ੍ਰਹਿ ਮੰਤਰਾਲੇ ਨੇ ਸੰਸਦ ਵਿੱਚ ਪੇਸ਼ ਕੀਤਾ ਸੀ ਕਿ 2018-2022 ਦੇ ਵਿਚਕਾਰ ਯੂਏਪੀਏ ਅਧੀਨ ਦਾਇਰ ਸਿਰਫ਼ ਦੋ ਮਾਮਲਿਆਂ ਨੂੰ ਅਦਾਲਤਾਂ ਦੁਆਰਾ ਰੱਦ ਕੀਤਾ ਗਿਆ ਸੀ। ਬਹੁਤ ਸਾਰੇ ਕਾਰਕੁਨਾਂ ਨੇ ਚਿੰਤਾਵਾਂ ਜ਼ਾਹਰ ਕੀਤੀਆਂ ਹਨ ਕਿ ਕਿਵੇਂ ਯੂਏਪੀਏ, ਜੋ 1967 ਵਿੱਚ ਲਾਗੂ ਕੀਤਾ ਗਿਆ ਸੀ ਅਤੇ ਬਾਅਦ ਵਿੱਚ ਇਸਦੇ ਦਾਇਰੇ ਨੂੰ ਵਧਾਉਣ ਲਈ ਸੋਧਿਆ ਗਿਆ ਸੀ, ਸਰਕਾਰ ਲਈ ਵਿਰੋਧੀ ਧਿਰ ਨੂੰ ਦਬਾਉਣ ਦਾ ਇੱਕ ਸਾਧਨ ਬਣ ਗਿਆ ਹੈ। ਕਈ ਪੱਤਰਕਾਰਾਂ ਨੂੰ ਅੱਤਵਾਦ ਵਿਰੋਧੀ ਕਾਨੂੰਨ ਦੇ ਤਹਿਤ ਗ੍ਰਿਫਤਾਰ ਵੀ ਕੀਤਾ ਗਿਆ ਹੈ ।2019 ਦੀ ਸੋਧ, ਖਾਸ ਤੌਰ 'ਤੇ, ਜਿਸ ਨੇ ਵਿਅਕਤੀਆਂ ਨੂੰ ਬਿਨਾਂ ਕਿਸੇ ਢੁਕਵੀਂ ਪ੍ਰਕਿਰਿਆ ਦੇ ਅੱਤਵਾਦੀ ਨਾਮਜ਼ਦ ਕਰਨ ਦੀ ਇਜਾਜ਼ਤ ਦਿੱਤੀ, ਨੇ ਇਸਦੀ ਦੁਰਵਰਤੋਂ ਦੀ ਸੰਭਾਵਨਾ 'ਤੇ ਡੂੰਘੀਆਂ ਚਿੰਤਾਵਾਂ ਪੈਦਾ ਕੀਤੀਆਂ। ਪੰਜਾਬ ਵਿਚ ਹੋਈਆਂ ਗ੍ਰਿਫਤਾਰੀਆਂ ਬਾਰੇ ਡਾਟਾ ਉਪਲਬੱਧ ਨਹੀਂ ਕਰਵਾਏ ਜਾਣ ਕਰਕੇ ਇਥੇ ਕਿੰਨੀਆ ਗ੍ਰਿਫਤਾਰੀਆਂ ਅਤੇ ਸਜ਼ਾਵਾਂ ਹੋਈਆਂ ਨਹੀਂ ਪਤਾ ਲਗ ਸਕਿਆ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

## ਪੰਜਾਬ ਸਰਕਾਰ ਵੱਲੋਂ 'ਵੀਰ ਬਾਲ ਦਿਵਸ' ਤਹਿਤ ਸਮਾਗਮ ਕਰਵਾਉਣੇ ਸਿੱਖ ਪ੍ਰੰਪਰਾਵਾਂ ਤੇ ਭਾਵਨਾਵਾਂ ਦੇ ਵਿਰੁੱਧ- ਐਡਵੋਕੇਟ ਧਾਮੀ



**ਨਵੀਂ ਦਿੱਲੀ, 3 ਦਸੰਬਰ (ਮਨਪ੍ਰੀਤ ਸਿੰਘ ਖਾਲਸਾ)**:- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਪੰਜਾਬ ਸਰਕਾਰ ਵੱਲੋਂ 12 ਦਸੰਬਰ 2025 ਨੂੰ ਲੁਧਿਆਣਾ ਵਿਖੇ ਆਯੋਜਤ ਕੀਤੇ ਜਾ ਰਹੇ ਰਾਜ ਪੱਧਰੀ 'ਵੀਰ ਬਾਲ ਦਿਵਸ' 'ਤੇ ਸਖ਼ਤ ਇਤਰਾਜ਼ ਪ੍ਰਗਟ ਕਰਦਿਆਂ ਇਸ ਨੂੰ ਸਿੱਖ ਸਿਧਾਂਤਾਂ ਤੇ ਪ੍ਰੰਪਰਾਵਾਂ ਵਿਰੁੱਧ ਕਰਾਰ ਦਿੱਤਾ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਸਿੱਖ ਸਿਧਾਂਤਾਂ, ਰਵਾਇਤਾਂ, ਪਰੰਪਰਾਵਾਂ ਅਤੇ ਕਦਰਾਂ ਕੀਮਤਾਂ ਦੇ ਵਿਰੁੱਧ ਕੋਈ ਵੀ ਕਾਰਵਾਈ ਸਿੱਖ ਮਾਨਸਿਕਤਾ ਨੂੰ ਸੱਟ ਮਾਰਦੀ ਹੈ ਅਤੇ ਪੰਜਾਬ ਸਰਕਾਰ ਵੱਲੋਂ ਵੀਰ ਬਾਲ ਦਿਵਸ ਸਬੰਧੀ ਕੀਤੇ ਨਿਰਦੇਸ਼ ਮਾਤਾ ਗੁਜਰੀ ਜੀ ਅਤੇ ਛੋਟੇ ਸਾਹਿਬਜ਼ਾਦਿਆਂ ਦੀ ਅਦੁੱਤੀ ਸ਼ਹਾਦਤ ਦੀ ਪਵਿੱਤਰਤਾ ਨੂੰ ਠੇਸ ਪਹੁੰਚਾਉਣ ਅਤੇ ਘੱਟ ਕਰਨ ਵਾਲੇ ਹਨ। ਛੋਟੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਬਾਲ ਸੰਗਿਆ ਨਾਲ ਜੋੜ ਕੇ ਵੀਰ ਬਾਲ ਦਿਵਸ ਤੱਕ ਸੀਮਤ ਰੱਖਣਾ ਸ਼ਹਾਦਤਾਂ ਦੀ ਭਾਵਨਾ ਤੇ ਸਿੱਖ ਰਵਾਇਤਾਂ ਦੇ ਵਿਰੁੱਧ ਹੈ। ਸਿੱਖ ਇਤਿਹਾਸ ਅਤੇ ਪ੍ਰੰਪਰਾਵਾਂ ਦੇ ਮੱਦੇਨਜ਼ਰ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸਾਹਿਬਜ਼ਾਦਿਆਂ ਦੀਆਂ ਲਾਸਾਨੀ ਕੁਰਬਾਨੀਆਂ ਵੱਡੇ ਯੋਧਿਆਂ ਵਰਗੀਆਂ ਹਨ, ਇਸੇ ਲਈ ਸਾਹਿਬਜ਼ਾਦਿਆਂ ਨੂੰ ਸੰਬੋਧਨ ਸਮੇਂ ਬਾਬਾ ਸ਼ਬਦ ਨਾਲ ਸਤਿਕਾਰ ਦਿੱਤਾ ਜਾਂਦਾ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਸਮੇਂ ਕਰਵਾਏ ਕਈ ਧਾਰਮਿਕ ਸਮਾਗਮਾਂ 'ਚ ਵੀ ਮਰਯਾਦਾ ਅਤੇ ਪ੍ਰੰਪਰਾਵਾਂ ਦਾ ਉਲੰਘਣ ਕੀਤਾ ਗਿਆ, ਜਿਸ ਨੇ ਸਿੱਖ ਭਾਵਨਾਵਾਂ ਨੂੰ ਸੱਟ ਮਾਰੀ ਹੈ। ਸਰਕਾਰ ਨੇ ਗੁਰਮਤਿ ਸਮਾਗਮਾਂ ਨੂੰ ਕੇਵਲ ਇਕ ਸਰਕਾਰੀ ਪ੍ਰੋਗਰਾਮ ਬਣਾ ਕੇ ਪੰਜਾਬ ਦੇ ਖ਼ਜ਼ਾਨੇ ਦਾ ਫਾਇਦਾ ਬਾਹਰੀ ਕੰਪਨੀਆਂ ਨੂੰ ਪਹੁੰਚਾਇਆ। ਉਨ੍ਹਾਂ ਕਿਹਾ ਕਿ ਹੁਣ 'ਵੀਰ ਬਾਲ ਦਿਵਸ' ਦੇ ਪ੍ਰੋਗਰਾਮ ਤਹਿਤ ਫੈਸੀ ਡਰੈੱਸ ਮੁਕਾਬਲੇ ਦੇ ਨਾਂ 'ਤੇ ਮਾਤਾ ਗੁਜਰੀ ਜੀ, ਛੋਟੇ ਸਾਹਿਬਜ਼ਾਦਿਆਂ ਅਤੇ ਸ਼ਹੀਦ ਸਿੰਘਾਂ ਦੀ ਡਰੈੱਸ ਪਵਾ ਕੇ ਸਕੂਲਾਂ ਵਿਚ ਮੁਕਾਬਲੇ ਕਰਵਾਉਣ ਦਾ ਅਮਲ ਸਿੱਖ ਮਰਯਾਦਾ ਦੇ ਖਿਲਾਫ਼ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਵੀਰ ਬਾਲ ਦਿਵਸ ਸਬੰਧੀ ਪਹਿਲਾਂ ਹੀ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ ਅਨੁਸਾਰ ਕੇਂਦਰ ਸਰਕਾਰ ਨੂੰ ਇਸ ਦਾ ਨਾਮ ਬਦਲਣ ਲਈ ਲਿਖਿਆ ਗਿਆ ਸੀ, ਪਰ ਸਰਕਾਰ ਨੇ ਇਸ ਨੂੰ ਅੱਜ ਤੱਕ ਗੰਭੀਰਤਾ ਨਾਲ ਨਹੀਂ ਲਿਆ। ਇਸ ਸਬੰਧ ਵਿੱਚ ਸ਼੍ਰੋਮਣੀ ਕਮੇਟੀ ਅਤੇ ਸਿੱਖ ਸੰਗਤ ਦਾ ਜੋ ਖਦਸ਼ਾ ਸੀ ਉਸੇ ਦਾ ਹੀ ਨਤੀਜਾ ਹੈ ਕਿ ਸਿੱਖ ਪਰੰਪਰਾਵਾਂ ਦੇ ਵਿਰੁੱਧ ਜਾ ਕੇ ਹੁਣ ਸਾਹਿਬਜ਼ਾਦਿਆਂ ਦੇ ਕਿਰਦਾਰ ਬੱਚਿਆਂ ਪਾਸੋਂ ਕਰਵਾਉਣ ਦੀਆਂ ਹਰਕਤਾਂ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਇਸ ਸਿੱਖ ਵਿਰੋਧੀ ਵਰਤਾਰੇ ਦੀ ਜਿੰਮੇਵਾਰੀ ਸਿੱਧੇ ਤੌਰ 'ਤੇ ਕੇਂਦਰ ਸਰਕਾਰ ਅਤੇ ਸਬੰਧਤ ਸੂਬਾ ਸਰਕਾਰਾਂ ਦੀ ਬਣਦੀ ਹੈ। ਅਜਿਹੀਆਂ ਕਾਰਵਾਈਆਂ ਨੂੰ ਸਿੱਖ ਜਗਤ ਕਦੇ ਵੀ ਪ੍ਰਵਾਨ ਨਹੀਂ ਕਰ ਸਕਦਾ। ਉਨ੍ਹਾਂ ਸੰਗਤ ਨੂੰ ਅਪੀਲ ਕੀਤੀ ਕਿ ਅਜਿਹੇ ਸਿੱਖ ਵਿਰੋਧੀ ਪ੍ਰਗਟਾਵੇ ਵਾਲੇ ਸਮਾਗਮਾਂ ਵਿਚ ਆਪਣੇ ਬੱਚਿਆਂ ਨੂੰ ਸ਼ਮੂਲੀਅਤ ਤੋਂ ਰੋਕੇ, ਤਾਂ ਜੋ ਸਿੱਖ ਪ੍ਰੰਪਰਾਵਾਂ ਤੇ ਕਦਰਾਂ ਕੀਮਤਾਂ ਦੀ ਮੌਲਿਕਤਾ ਬਣੀ ਰਹੇ।

ਆਵਾਜ਼ਿ ਕੌਮ AWAZE QAUM International Newspaper & WEB TV

ਭਾਈ ਅੰਮ੍ਰਿਤਪਾਲ ਸਿੰਘ ਨੂੰ ਸੰਸਦ ਵਿੱਚ ਨਾਂ ਬੋਲਣ ਦੇਣਾ

# ਲੋਕਤੰਤਰਿਕ ਅਧਿਕਾਰਾਂ ਦਾ ਘਾਣ : ਬਾਪੂ ਤਰਸੇਮ ਸਿੰਘ






**ਅੰਮ੍ਰਿਤਸਰ, 3 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਅੱਜ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਦੀ ਪੰਜਾਬ ਸਰਕਾਰ ਵੱਲੋਂ ਪੈਰੌਲ ਰੱਦ ਕਰ ਦਿੱਤੇ ਜਾਣ ਦੇ ਵਿਰੋਧ ਵਿੱਚ ਰਣਜੀਤ ਐਵਨਿਊ ਤੋਂ ਅੰਮ੍ਰਿਤਸਰ ਡੀ ਸੀ ਦਫ਼ਤਰ ਤੱਕ ਗਲਾਂ ਵਿੱਚ ਸੰਗਲੀਆਂ ਪਾਕੇ ਅਤੇ ਪੱਗਾਂ ’ਤੇ ਕਾਲੇ ਰੀਬਨ ਬੰਨ੍ਹ ਕੇ ਵਿਸ਼ਾਲ ਰੋਸ ਮਾਰਚ ਕੀਤਾ ਗਿਆ ਅਤੇ ਧਰਨਾਂ ਲਗਾਇਆ ਗਿਆ, ਜਿਸਦੀ ਅਗਵਾਈ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਜੀ ਦੇ ਪਿਤਾ ਬਾਪੂ ਤਰਸੇਮ ਸਿੰਘ ਜੀ ਵੱਲੋਂ ਕੀਤੀ ਗਈ। ਡੀ ਸੀ ਦਫ਼ਤਰ ਦੇ ਬਾਹਰ ਦਿੱਤੇ ਗਏ ਧਰਨੇ ਵਿੱਚ ਅਕਾਲੀ ਦਲ ਵਾਰਿਸ ਪੰਜਾਬ ਦੇ ਦੀ ਸਮੁੱਚੀ ਲੀਡਰਸ਼ਿਪ, ਕਿਸਾਨ ਜਥੇਬੰਦੀਆਂ, ਸਿੱਖ ਜਥੇਬੰਦੀਆਂ ਅਤੇ ਸੈਂਕੜੇ ਵਰਕਰ ਵੱਡੀ ਗਿਣਤੀ ਵਿੱਚ ਸ਼ਾਮਲ ਹੋਏ। ਧਰਨੇ ਦੌਰਾਨ ਪੰਜਾਬ ਸਰਕਾਰ ਦੀ ਰਾਜਨੀਤਿਕ ਧੱਕੇਸ਼ਾਹੀ ਤੇ ਪੈਰੌਲ ਰੱਦ ਕਰਨ ਦੇ ਫ਼ੈਸਲੇ ਦਾ ਤਿੱਖਾ ਵਿਰੋਧ ਕੀਤਾ ਗਿਆ ਅਤੇ ਡੀ ਸੀ ਅੰਮ੍ਰਿਤਸਰ ਨੂੰ ਦਿੱਤੇ ਮੰਗ ਪੱਤਰ ਦੇ ਰਾਹੀਂ ਭਾਰਤ ਦੇ ਰਾਸ਼ਟਰਪਤੀ, ਸਪੀਕਰ ਲੋਕ ਸਭਾ ਅਤੇ ਪੰਜਾਬ ਦੇ ਗਵਰਨਰ ਤੋਂ ਤੁਰੰਤ ਦਖ਼ਲ ਦੇਕੇ ਨਿਆਂ ਦੀ ਮੰਗ ਕੀਤੀ ਗਈ। ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ, ਜੋ ਪਿਛਲੇ ਦੋ ਸਾਲ ਤੋਂ ਵੱਧ ਸਮੇਂ ਤੋਂ ਡਿਬਰੂਗੜ੍ਹ ਜੇਲ ਵਿੱਚ ਨਜ਼ਰਬੰਦ ਹਨ, ਨੂੰ ਭਾਰੀ ਬਹੁਮਤ ਨਾਲ ਜਿੱਤਣ ਦੇ ਬਾਵਜੂਦ ਨਾਂ ਤਾਂ ਰਿਹਾਅ ਕੀਤਾ ਜਾ ਰਿਹਾ ਹੈ ਅਤੇ ਨਾਂ ਹੀ ਬਤੌਰ ਮੈਂਬਰ ਪਾਰਲੀਮੈਂਟ ਸੰਸਦ ਵਿੱਚ ਬੋਲਣ ਦੀ ਇਜਾਜ਼ਤ ਦਿੱਤੀ ਜਾ ਰਹੀ ਹੈ। ਨਾਜਾਇਜ ਤੌਰ ’ਤੇ ਪਹਿਲਾਂ ਐਨ ਐਸ ਏ ਲਗਾ ਕੇ ਉਹਨਾਂ ਨੂੰ ਪੰਜਾਬ ਤੋਂ ਦੂਰ ਭੇਜਿਆ ਗਿਆ, ਫਿਰ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਤਿੰਨ ਵਾਰ ਲਗਾਤਾਰ ਐਨ ਐਸ ਏ ਵਧਾ ਕੇ ਰਾਜਨੀਤਿਕ ਬਦਲਾਖੋਰੀ ਨੂੰ ਕਾਨੂੰਨੀ ਜਾਮਾ ਪਾਇਆ ਗਿਆ। ਇਹ ਕਹਿਣਾ ਕਿ ਅੰਮ੍ਰਿਤਪਾਲ ਦੇ ਆਉਣ ਨਾਲ ਪੰਜਾਬ ਦਾ ਮਾਹੌਲ ਖਰਾਬ ਹੋ ਜਾਵੇਗਾ, ਸਰਕਾਰ ਦੀ ਉਹ ਮਨੋਵਿਰਤੀ ਹੈ ਜੋ ਲੋਕਤੰਤਰਿਕ ਅਧਿਕਾਰਾਂ ਨੂੰ ਕੁਚਲਣਾਂ ਚਾਹੁੰਦੀ ਹੈ। ਸਭ ਤੋਂ ਗੰਭੀਰ ਗੱਲ ਇਹ ਹੈ ਕਿ ਦਿੱਲੀ ਸੰਸਦ ਵਿੱਚ ਬੋਲਣ ਲਈ ਅਦਾਲਤ ਵਿੱਚ ਦਾਇਰ ਕੀਤੀ ਗਈ ਪੈਰੌਲ ਅਰਜ਼ੀ ਨੂੰ ਵੀ ਪੰਜਾਬ ਸਰਕਾਰ ਨੇ ਇਹ ਕਹਿ ਕੇ ਰੱਦ ਕਰਵਾ ਦਿੱਤਾ ਕਿ ਜੇਕਰ ਅੰਮ੍ਰਿਤਪਾਲ ਜੇਲ ਤੋਂ ਬਾਹਰ ਆਇਆ ਤਾਂ ਪੰਜਾਬ ਦਾ ਮਹੌਲ ਖਰਾਬ ਹੋ ਜਾਵੇਗਾ। ਸਰਕਾਰ ਪੱਖ ਦੇ ਵਕੀਲਾਂ ਵੱਲੋਂ ਇੱਥੋਂ ਤੱਕ ਬਿਆਨ ਦਿੱਤਾ ਗਿਆ ਕਿ ਜੇ ਉਹ ਸੰਸਦ ਵਿੱਚ ਬੋਲੇ ਤਾਂ “ਪੰਜਾਬ ਦੇ ਪੰਜ ਦਰਿਆਵਾਂ ਨੂੰ ਅੱਗ ਲੱਗ ਜਾਵੇਗੀ।” ਇਹ ਬਿਆਨ ਸਿਰਫ ਰਾਜਨੀਤਿਕ ਦੁਸ਼ਮਣੀ ਨਹੀਂ ਸਗੋਂ ਸੰਸਦੀ ਮਰਿਆਦਾ ਅਤੇ ਸੰਵਿਧਾਨਿਕ ਅਧਿਕਾਰਾਂ ਦੀ ਸਿੱਧੀ ਤੌਹੀਨ ਹੈ। ਇਸ ਮੌਕੇ ਤੇ ਬਾਪੂ ਤਰਸੇਮ ਸਿੰਘ ਜੀ ਨੇ ਬੋਲਦਿਆਂ ਹੋਇਆਂ ਕਿਹਾ ਕਿ ਇਕ ਚੁਣੇਂ ਹੋਏ ਨੁਮਾਇੰਦੇ ਨੂੰ ਸੰਸਦ ਵਿੱਚ ਨਾਂ ਬੋਲਣ ਦੇਣਾਂ ਲੋਕਤੰਤਰਿਕ ਅਧਿਕਾਰਾਂ ਦਾ ਘਾਣ ਹੈ ਅਤੇ ਅੱਜ ਦਾ ਰੋਸ ਮਾਰਚ ਅਤੇ ਧਰਨਾਂ ਪੰਜਾਬ ਸਰਕਾਰ ਨੂੰ ਸੂਚਿਤ ਕਰਨ ਲਈ ਹੈ ਕਿ ਲੋਕਾਂ ਦੀ ਆਵਾਜ਼ ਨੂੰ ਨਾਂ ਤਾਂ ਦਬਾਇਆ ਜਾ ਸਕਦਾ ਹੈ ਅਤੇ ਨਾਂ ਹੀ ਮਿਟਾਇਆ ਜਾ ਸਕਦਾ ਹੈ ਅਤੇ ਇਹ ਸੰਘਰਸ਼ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਦੀ ਰਿਹਾਈ ਅਤੇ ਸੰਵਿਧਾਨਿਕ ਹੱਕਾਂ ਦੀ ਬਹਾਲੀ ਤੱਕ ਜਾਰੀ ਰਹੇਗਾ।

**ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਗਲਾਂ ਵਿੱਚ ਸੰਗਲ ਪਾਕੇ ਪੈਰੌਲ ਰੱਦ ਕਰਨ ਦੇ ਵਿਰੋਧ ਵਿੱਚ ਵਿਸ਼ਾਲ ਰੋਸ ਮਾਰਚ ਅਤੇ ਧਰਨਾ**

ਆਵਾਜ਼ਿ ਕੌਮ AWAZE QAUM International Newspaper & WEB TV

# ਧੁਰੰਧਰ ਫਿਲਮ ਤੇ ਰੋਕ ਲਾਉਣ ਅਤੇ ਫਿਲਮ ਪੰਜਾਬ—95 ਤੁਰੰਤ ਰੀਲੀਜ ਕਰਨ ਸਬੰਧੀ ਮੰਗ ਪੱਤਰ—ਭੁੱਲਰ, ਦਿਉਲ

ਫ਼ਿਰੋਜ਼ਪੁਰ, 03 ਦਸੰਬਰ (ਮਨੋਹਰ ਲਾਲ) :— ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਨੂੰ ਭੇਜਿਆ ਜਾਣ ਵਾਲਾ ਇਕ ਮੰਗ ਪੱਤਰ ਡਿਪਟੀ ਕਮਿਸ਼ਨਰ ਫਿਰੋਜ਼ਪੁਰ ਨੂੰ ਗੁਰਚਰਨ ਸਿੰਘ ਭੁੱਲਰ ਜ਼ਿਲਾ ਪ੍ਰਧਾਨ ਸ੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਫਿਰੋਜਪੁਰ ਅਤੇ ਤੇਜਿੰਦਰ ਸਿੰਘ ਦਿਉਲ ਯੂਥ ਪ੍ਰਧਾਨ ਪੰਜਾਬ ਵੱਲੋਂ ਦਿੱਤਾ ਗਿਆ। ਗੱਲਬਾਤ ਕਰਦਿਆਂ ਆਗੂਆਂ ਨੇ ਦੱਸਿਆ ਕਿ ਇਸ ਮੰਗ ਪੱਤਰ ਰਾਹੀਂ ਮੰਗ ਕੀਤੀ ਕਿ ਜ਼ਾਬਰ ਮੁਨੱਖਤਾ ਵਿਰੋਧੀ ਨੀਤੀਆਂ ਦੇ ਚਰਿੱਤਰ ਨੂੰ ਪੇਸ਼ ਕਰਨ ਵਾਲੀ 5 ਦਸੰਬਰ ਨੂੰ ਨਵੀਂ ਰਲੀਜ ਕੀਤੀ ਫਿਲਮ ਧੁਰੰਧਰ ਜਿਸ ਵਿੱਚ ਜਾਬਰ ਔਰੰਗਜੇਬ ਵਰਗੇ ਕਿਰਦਾਰ ਨੂੰ ਉਭਾਰਦੇ ਹੋਏ ਮੌਜੂਦਾ ਇੰਡੀਆ ਹਕੂਮਤ ਵਿੱਚ ਬਤੌਰ ਸੁਰੱਖਿਆ ਸਲਾਹਕਾਰ ਦੇ ਕੰਮ ਕਰਨ ਵਾਲੇ ਸ੍ਰੀ ਅਜੀਤ ਡੋਵਾਲ ਵਰਗੇ ਉਸ ਕਿਰਦਾਰ ਨੂੰ ਉਭਾਰਿਆ ਗਿਆ ਅਤੇ ਜਬਰਜ਼ੁਲਮ ਢਾਉਣ ਵਾਲਿਆਂ ਦੀ ਪਿੱਠ ਥਾਪੜੀ ਗਈ ਹੈ। ਸ੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਅਤੇ ਸਿੱਖ ਕੌਮ ਇਹ ਮਹਿਸੂਸ ਕਰਦੀ ਹੈ ਕਿ ਉਪਰੋਕਤ ਸ੍ਰੀ ਡੋਵਾਲ ਹੀ ਪੰਜਾਬ ਵਿੱਚ ਬੀਤੇ ਸਮੇ ਦੇ ਹੋਏ ਸਿੱਖ ਕਤਲੇਆਮ ਜਬਰਜ਼ੁਲਮ ਝੂਠੇ ਪੁਲਿਸ ਮੁਕਾਬਲੇ ਲਈ ਜਿਮੇਵਾਰ ਹੈ। ਜਿਸ ਵਿੱਚ ਕੇ ਪੀ ਐਸ ਗਿੱਲ, ਸਮੇਧ ਸੈਣੀ, ਇਜਹਾਰ ਆਲਮ ਵਰਗੇ ਪੁਲੀਸ ਅਫਸਰਾਂ ਰਾਹੀ ਪੁਲਿਸ, ਫੋਜ਼ ਅਤੇ ਅਰਧ ਸੈਨਿਕ ਬਲਾਂ ਦਾ ਪ੍ਰਯੋਗ ਕਰਕੇ ਪੰਜਾਬ ਵਿੱਚ ਅਣਮਨੁੱਖੀ ਕਾਰਵਾਈਆ ਕੀਤੀਆਂ ਅਤੇ ਪੰਜਾਬੀਆ ਦਾ ਘਾਣ ਕੀਤਾ ਹੈ। ਇਸ ਲਈ ਫਿਲਮੋ ਧੁਰੰਤਰੋ ਉਤੇ ਤੁਰੰਤ ਰੋਕ ਲਗਾਉਣ ਅਤੇ ਸਹੀ ਕਿਰਦਾਰ ਪੇਸ਼ ਕਰਨ ਵਾਲੀ ਪੰਜਾਬ—95 ਨੂੰ ਤੁਰੰਤ ਰੀਲੀਜ ਕਰਨ ਦੀ ਮੰਗ ਕੀਤੀ ਗਈ। ਇਸ ਸਮੇ ਹਾਜਰ ਬੂਟਾ ਸਿੰਘ ਕਰੀ ਕਲਾਂ ਸਰਕਲ ਪ੍ਰਧਾਨ ਗੁਰੂਹਰਸਾਏ, ਸੂਰਤ ਸਿੰਘ, ਮੇਹਰ ਸਿੰਘ, ਗੁਰਪ੍ਰੀਤ ਸਿੰਘ, ਜਸਵੰਤ ਸਿੰਘ, ਗੁਰਵਿੰਦਰ ਸਿੰਘ ਮੁਹਾਲਮ, ਪਰਗਟ ਸਿੰਘ ਵਾਹਕੇ, ਸੁੱਚਾ ਸਿੰਘ, ਜੋਗਿੰਦਰ ਸਿੰਘ ਜਰਨਲ ਸਕੱਤਰ, ਲਖਵਿੰਦਰ ਸਿੰਘ ਸੁਪਰ, ਕੁੰਦਨ ਸਿੰਘ, ਪੂਰਨ ਸਿੰਘ ਧੰਜੂ, ਯਾਦਵਿੰਦਰ ਸਿੰਘ ਚਾਬ, ਦਵਿੰਦਰ ਸਿੰਘ ਚੂਰੀਆ, ਬਲਕਾਰ ਸਿੰਘ ਜੋਗੇਵਾਲ, ਸੁਖਜੀਤ ਸਿੰਘ, ਚਮਕੋਰ ਸਿੰਘ ਵਰਕਿੰਗ ਕਮੇਟੀ ਮੈਬਰ, ਇਕਬਾਲ ਸਿੰਘ ਗੁਰੂਹਰਸਹਾਏ, ਸੁਖਦੇਵ ਸਿੰਘ ਵੇਹੜੀ, ਹਰਭਜਨ ਸਿੰਘ ਆਦਿ ਨੇ ਵੀ ਧੁਰੰਧਰ ਫਿਲਮ ਤੇ ਰੋਕ ਅਤੇ ਪੰਜਾਬ—95 ਰਲੀਜ ਕਰਨ ਦੀ ਮੰਗ ਕੀਤੀ।



ਆਵਾਜ਼ਿ ਕੌਮ AWAZE QAUM International Newspaper & WEB TV

## ਮਨਪ੍ਰੀਤ ਸਿੰਘ ਜਨਰਲ ਸਕੱਤਰ ਪੰਜਾਬ ਬੀ.ਕੇ.ਯੂ ਨੂੰ ਗਹਿਰਾ ਸਦਮਾ ਲੱਗਾ, ਜਦੋਂ ਉਨ੍ਹਾਂ ਦੀ ਸਤਿਕਾਰਯੋਗ ਮਾਤਾ ਕਸ਼ਮੀਰ ਕੌਰ 28 ਨਵੰਬਰ ਨੂੰ ਅਕਾਲ ਚਲਾਣਾ ਕਰ ਗਏ

### ਉਨ੍ਹਾਂ ਦਾ ਭੋਗ ਅਤੇ ਅੰਤਿਮ ਅਰਦਾਸ 7 ਦਸੰਬਰ ਨੂੰ ਪਾਏ ਜਾਣਗੇ



ਫ਼ਿਰੋਜ਼ਪੁਰ, 03 ਦਸੰਬਰ (ਮਨੋਹਰ ਲਾਲ) :— ਮਨਪ੍ਰੀਤ ਸਿੰਘ ਜਨਰਲ ਸਕੱਤਰ ਪੰਜਾਬ ਬੀ.ਕੇ.ਯੂ ਨੂੰ ਉਦੋਂ ਗਹਿਰਾ ਸਦਮਾ ਲੱਗਾ, ਜਦੋਂ ਉਨ੍ਹਾਂ ਦੀ ਸਤਿਕਾਰਯੋਗ ਮਾਤਾ ਸ੍ਰੀਮਤੀ ਕਸ਼ਮੀਰ ਕੌਰ ਜੀ 28 ਨਵੰਬਰ ਨੂੰ ਅਕਾਲ ਚਲਾਣਾ ਕਰ ਗਏ। ਮਾਤਾ ਕਸ਼ਮੀਰ ਕੌਰ ਜੀ ਦੀ ਅੰਤਿਮ ਅਰਦਾਸ ਅਤੇ ਪਾਠ ਦੇ ਭੋਗ 7 ਦਸੰਬਰ ਦਿਨ ਐਤਵਾਰ ਨੂੰ ਦੁਪਹਿਰ 12 ਤੋਂ ਇਕ ਵਜੇ ਗੁਰਦੁਆਰਾ ਸਾਹਿਬ ਪਿੰਡ ਮੋਹਰੇ ਵਾਲਾ ਫ਼ਿਰੋਜ਼ਪੁਰ ਵਿਖੇ ਪਾਇਆ ਜਾਵੇਗਾ। ਇਸ ਦੁੱਖ ਦੀ ਘੜੀ ਵਿਚ ਮਨਪ੍ਰੀਤ ਕੌਰ ਨਾਲ ਵੱਖ—ਵੱਖ ਜਥੇਬੰਦੀਆਂ ਦੇ ਆਗੂਆਂ ਨੇ ਦੁੱਖ ਦਾ ਪ੍ਰਗਟਾਵਾ ਕੀਤਾ। ਉਧਰ ਭਾਈ ਕਰਨਵੀਰ ਸਿੰਘ ਵਾਰਿਸ ਪੰਜਾਬ ਦੇ ਨਾਨੀ ਜੀ ਸਨ, ਇਸ ਮੌਕੇ ਤੇ ਵੱਖ—ਵੱਖ ਆਗੂਆਂ ਨੇ ਦੁੱਖ ਦਾ ਪ੍ਰਗਟਾਵਾ ਕੀਤਾ ਅਤੇ ਵਾਹਿਗੁਰੂ ਜੀ ਦੇ ਚਰਨਾਂ ਵਿਚ ਅਰਦਾਸ ਬੇਨਤੀ ਕੀਤੀ ਕਿ ਵਾਹਿਗੁਰੂ ਮਾਤਾ ਕਸ਼ਮੀਰ ਕੌਰ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ, ਪਿਛੇ ਪਰਿਵਾਰ, ਰਿਸ਼ਤੇਦਾਰ, ਸਾਕ ਸਬੰਧੀਆਂ ਨੂੰ ਭਾਣਾ ਮੰਨਣ ਦਾ ਬੱਲ ਬਖਸ਼ਣ। ਇਸ ਮੌਕੇ ਤੇ ਉਨ੍ਹਾਂ ਦੇ ਸਪੁੱਤਰ ਪਰਵਿੰਦਰ ਸਪੁੱਤਰ ਮਨਪ੍ਰੀਤ ਸਿੰਘ ਜਰਨਲ ਸਕੱਤਰ ਪੰਜਾਬ ਬੀ.ਕੇ.ਯੂ ਦੋਹਤਾ ਕਰਨਵੀਰ ਸਿੰਘ ਵਾਰਿਸ ਪੰਜਾਬ ਦੇ ਜਵਾਈ ਗੁਰਮੁੱਖ ਸਿੰਘ, ਜਵਾਈ ਮਹਿੰਦਰ ਸਿੰਘ ਕੁਲਦੀਪ ਕੌਰ, ਦਵਿਦੰਦਰ ਕੌਰ, ਸੁਖਬੀਰ ਕੌਰ, ਪਰਮਜੀਤ ਕੌਰ, ਜ਼ਸਕਰਨਬੀਰ ਸਿੰਘ ਜਪਨਾਮਵੀਰ ਸਿੰਘ ਪੋਤਰੀ ਜ਼ਸ਼ਨਪ੍ਰਤ ਕੌਰ ਕੈਨੇਡਾ ਦੋਹਤੀਆਂ ਹਰਮਨਪ੍ਰੀਤ ਕੌਰ, ਕਿਰਨਪ੍ਰੀਤ ਕੌਰ, ਦੋਹਤਾ ਕਰਨਵੀਰ ਸਿੰਘ, ਸਹਿਬਾਜ ਸਿੰਘ ਨਾਲ ਵੱਖ—ਵੱਖ ਰਿਸ਼ਤੇਦਾਰਾਂ, ਮਿੱਤਰਾਂ, ਸਾਕ—ਸਬੰਧੀਆਂ ਨੇ ਦੁੱਖ ਦਾ ਪ੍ਰਗਟਾਵਾ ਕਰ ਰਹੇ ਹਨ। ਮਾਤਾ ਕਸ਼ਮੀਰ ਕੌਰ ਜੀ ਦੀ ਅੰਤਿਮ ਅਰਦਾਸ ਅਤੇ ਪਾਠ ਦਾ ਭੋਗ 7 ਦਸੰਬਰ ਦਿਨ ਐਤਵਾਰ ਨੂੰ ਗੁਰਦੁਆਰਾ ਸਾਹਿਬ ਪਿੰਡ ਮੋਹਰੇਵਾਲਾ ਫ਼ਿਰੋਜ਼ਪੁਰ ਵਿਖੇ ਦੁਪਹਿਰ ਇਕ ਤੋਂ ਦੋ ਵਜੇ ਤੱਕ ਪਾਇਆ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

## ਗੁਰਦੁਆਰਾ ਸਿਮਰਨਸਰ ਸਾਹਿਬ ਡਰੋਲੀ ਭਾਈ (ਮੋਗਾ) ਦੀਵਾਨ ਸਥਾਨ ਪਾਤਸ਼ਾਹੀ ਛੇਵੀਂ, ਸੱਤਵੀਂ, ਨੌਵੀਂ ਵਿਖੇ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਦਿਵਸ ਤੇ ਸਾਢੇ ਤ੍ਰੈ ਸ਼ਤਾਬਦੀ ਸਮਾਗਮ 7 ਦਸੰਬਰ ਨੂੰ—ਡਾਕਟਰ ਸੰਤ ਬਾਬਾ ਗੁਰਨਾਮ ਸਿੰਘ

**ਫ਼ਿਰੋਜ਼ਪੁਰ, 03 ਦਸੰਬਰ (ਮਨੋਹਰ ਲਾਲ)** :— ਕੌਮੀ ਸ਼ਹੀਦ ਸ੍ਰੀਮਾਨ ਸੰਤ ਬਾਬਾ ਚਰਨ ਸਿੰਘ ਜੀ ਬੀੜ ਸਾਹਿਬ ਵਾਲਿਆਂ ਜੀ ਦੀ ਪ੍ਰੇਰਣਾ ਸਰੋਤ, ਡਾਕਟਰ ਸ੍ਰੀਮਾਨ ਸੰਤ ਬਾਬਾ ਗੁਰਨਾਮ ਸਿੰਘ ਜੀ ਦੀ ਦੇਖ—ਰੇਖ ਹੇਠ ਇਹ ਸ਼ਤਾਬਦੀ ਸਮਾਗਮ ਡਰੋਲੀ ਭਾਈ ਗੁਰਦੁਆਰਾ ਸਿਮਰਨਸਰ ਸਾਹਿਬ (ਮੋਗਾ) ਵਿਖੇ 7 ਦਸੰਬਰ ਨੂੰ ਕਰਵਾਏ ਜਾ ਰਹੇ ਹਨ। ਗੁਰਦੁਆਰਾ ਸਿਮਰਨਸਰ ਸਾਹਿਬ ਡਰੋਲੀ ਭਾਈ (ਮੋਗਾ) ਦੀਵਾਨ ਸਥਾਨ ਪਾਤਸ਼ਾਹੀ ਛੇਵੀਂ, ਸੱਤਵੀਂ, ਨੌਵੀਂ ਵਿਖੇ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਦਿਵਸ ਤੇ ਸਾਢੇ ਤ੍ਰੈ ਸ਼ਤਾਬਦੀ ਸਮਾਗਮ 7 ਦਸੰਬਰ ਦਿਨ ਐਤਵਾਰ ਨੂੰ ਬੜੀ ਸ਼ਰਧਾ ਭਾਵਨਾ ਨਾਲ ਮਨਾਈ ਜਾਵੇਗੀ। ਇਹ ਜਾਣਕਾਰੀ ਡਾਕਟਰ ਸ੍ਰੀਮਾਨ ਸੰਤ ਬਾਬਾ ਗੁਰਨਾਮ ਸਿੰਘ ਡਰੋਲੀ ਭਾਈ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸੰਗਤਾਂ ਦੇ ਸਹਿਯੋਗ ਨਾਲ ਧੰਨ—ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਅਤੇ ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ, ਭਾਈ ਦਿਆਲ ਦਾਸ ਜੀ ਦੇ 350 ਸਾਲਾ ਸ਼ਹੀਦੀ ਦਿਵਸ ਤੇ ਸਾਢੇ ਤ੍ਰੈ ਸ਼ਤਾਬਦੀ ਨੂੰ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ। ਡਾ: ਸ੍ਰੀਮਾਨ ਸੰਤ ਬਾਬਾ ਗੁਰਨਾਮ ਸਿੰਘ ਨੇ ਅੱਗੇ ਦੱਸਿਆ ਕਿ ਇਸ ਸਬੰਧ ਵਿਚ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ, ਭੋਗ ਉਪਰੰਤ ਦੀਵਾਨ ਸਜਾਏ ਜਾਣਗੇ, ਜਿਸ ਵਿਚ ਸਿੱਖ ਪੰਥ ਦੇ ਰਾਗੀ, ਢਾਡੀ, ਕਥਾਵਾਚਕ ਜਥਿਆਂ ਵੱਲੋਂ ਆਪਣੀ ਮਧੁਰ ਬਾਣੀ ਨਾਲ ਗੁਰਇਤਿਹਾਸ ਸੁਣਾ ਕੇ ਨਿਹਾਲ ਰਨਗੇ। ਇਸ ਮੌਕੇ ਤੇ ਭਾਰੀ ਗਿਣਤੀ ਵਿਚ ਸੰਤਾਂ ਮਹਾਂਪੁਰਸ਼ਾਂ ਤੋਂ ਇਲਾਵਾ ਗੁਣੀ ਗਿਆਨੀ, ਵਿਦਵਾਨ ਅਤੇ ਪੰਜਾਬ ਤੋਂ ਇਲਾਵਾ ਦੂਰ—ਦੂਰ ਤੋਂ ਸੰਗਤਾਂ ਪਹੁੰਚ ਕੇ ਗੁਰੂ ਸਾਹਿਬ ਅੱਗੇ ਆਪਣੀ ਹਾਜ਼ਰੀ ਲੁਆਉਣ ਗਈਆਂ। ਡਾਕਟਰ ਸ੍ਰੀਮਾਨ ਸੰਤ ਬਾਬਾ ਗੁਰਨਾਮ ਸਿੰਘ ਡਰੋਲੀ ਭਾਈ ਨੇ ਸਮੂਹ ਸੰਗਤਾਂ ਨੂੰ ਬੇਨਤੀ ਕੀਤੀ ਕਿ ਉਹ ਭਾਰੀ ਗਿਣਤੀ ਵਿਚ ਪਹੁੰਚ ਕੇ ਆਏ ਹੋਏ ਸੰਤਾਂ ਮਹਾਂਪੁਰਸ਼ਾਂ ਦੇ ਵਿਚਾਰ ਸੁਣ ਕੇ ਆਪਣਾ ਜੀਵਨ ਸਫਲਾ ਬਣਾਓ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ।



ਆਵਾਜ਼ਿ ਕੌਮ AWAZE QAUM International Newspaper & WEB TV

## ਵਿਦਿਆ ਜਿਸ ਨੂੰ ਪਰਉਪਕਾਰੀ, ਸਰਵਹਿੱਤਕਾਰੀ ਕਿਹਾ ਜਾਂਦਾ ਸੀ, ਉਹ ਵੀ ਹੁਣ ਬਨ ਗਈ ਦੁਕਾਨਦਾਰੀ—ਪੀ.ਸੀ ਕੁਮਾਰ




**ਫ਼ਿਰੋਜ਼ਪੁਰ, 03 ਦਸੰਬਰ (ਮਨੋਹਰ ਲਾਲ)** :— ਵਿਦਿਆ ਜਿਸ ਨੂੰ ਪਰਉਪਕਾਰੀ, ਸਰਵਹਿੱਤਕਾਰੀ ਕਿਹਾ ਜਾਂਦਾ ਸੀ, ਉਹ ਵੀ ਹੁਣ ਬਨ ਗਈ ਦੁਕਾਨਦਾਰੀ। ਇਹ ਵਿਚਾਰ ਸ੍ਰੀ ਪੀ.ਸੀ ਕੁਮਾਰ ਉੱਘੇ ਸਮਾਜ ਸੇਵਕ ਹੀ ਨਹੀਂ ਸੁਧਾਰਕ ਸੇਵਾ ਮੁਕਤ ਮਾਸ ਮੀਡੀਆ ਅਫਸਰ, ਸਿਹਤ ਵਿਭਾਗ ਸੀਨੀਅਰ ਸਿਟੀਜਨ ਵੱਖ—ਵੱਖ ਜ਼ਿਲ੍ਹਾ ਤੇ ਸਟੇਟ ਪੱਧਰ ਤੇ ਸਮਾਜ ਸੇਵੀ ਸੰਸਥਾਵਾਂ ਖਾਸ ਤੌਰ ਸਿਰ ਕੱਢ ਸਮਾਜ ਸੇਵਾ ਨਾਲ ਹੀ ਨਹੀਂ ਹਰ ਖੇਤਰ ਹਰ ਦਾਇਰੇ ਹਰ ਵਰਗ ਹਰ ਮੁਸ਼ਿਕਲ ਚਾਹੇ ਉਹ ਸਰੀਰਕ, ਮਾਨਸਿਕ, ਸਮਾਜਿਕ, ਆਰਥਿਕ ਤੌਰ ਆਦਿ ਵਿਚ 1914 ਤੋਂ ਕੁਦਰਤੀ ਗੈਰ ਕੁਦਰਤੀ ਆਫਤਾਂ ਵਿਚ ਸਿਰ ਕੱਢ ਖੁਦ ਆਪਣੇ ਬਲਬੁਤੇ ਤੇ ਹਰ ਮਹੀਨੇ ਸੈਂਕੜੇ ਪਰਿਵਾਰਾਂ ਨੂੰ ਉਨ੍ਹਾਂ ਦੀਆਂ ਲੋੜਾਂ ਮੁਸ਼ਿਕਲਾਂ ਇਥੋਂ ਤੱਕ ਬੱਚਿਆਂ ਨੂੰ ਜਿਥੇ ਵਿਦਿਆ ਦੇ ਖੇਤਰ ਉਥੇ ਮਾਲੀ ਮੱਦਦ ਨਾਲ ਸੇਵਾ ਕਰ ਰਹੀ ਸਦਾ ਵਰਤ ਪੰਚਾਇਤੀ ਸੰਸਥਾ ਦੇ ਮੁੱਖ ਕਾਰਜਕਰਤਾ ਵੱਲੋਂ ਪੰਜਾਹ ਸਾਲਾਂ ਤੋਂ ਸਿਹਤ ਤੇ ਸਿੱਖਿਆ ਦੇ ਖੇਤਰ ਵਿਚ ਕੰਮ ਕਰਕੇ ਇਸ ਨਤੀਜੇ ਤੇ ਪਹੁੰਚੀ।

ਆਵਾਜ਼ਿ ਕੌਮ AWAZE QAUM International Newspaper & WEB TV

### ਸਵ. ਜਸਵਿੰਦਰ ਸਿੰਘ ਜੀ ਦੀ ਅੰਤਿਮ ਅਰਦਾਸ ਗੁਰਦੁਆਰਾ ਮੰਜੀ ਸਾਹਿਬ ਪਾਤਸ਼ਾਹੀ ਨੌਵੀਂ ਜੀਂਦ ਵਿਖੇ ਸੰਪੰਨ

# ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਹੋਰ ਪੰਥਕ ਸ਼ਖਸੀਅਤਾਂ ਨੇ ਸ਼ਰਧਾਂਜਲੀ ਭੇਂਟ ਕੀਤੀ


















ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਬੀਬੀ ਪਰਮਿੰਦਰ ਕੌਰ ਜੀਂਦ ਅੰਤਰਿੰਗ ਮੈਂਬਰ ਸਾਬਕਾ ਜਥੇਦਾਰ ਗੁਰਜਿੰਦਰ ਸਿੰਘ ਜੀਂਦ ਦੇ ਚਾਚਾ ਜਸਵਿੰਦਰ ਸਿੰਘ ਜੀ ਦੀ ਅੰਤਿਮ ਅਰਦਾਸ ਅੱਜ ਗੁਰਦੁਆਰਾ ਮੰਜੀ ਸਾਹਿਬ ਪਾਤਸ਼ਾਹੀ ਨੌਵੀਂ ਜੀਂਦ ਵਿਖੇ ਹੋਈ ਜਿਸ ਵਿੱਚ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸ਼ਰਧਾਂਜਲੀ ਭੇਂਟ ਕੀਤੀ ਇਸ ਮੌਕੇ ਸਰਦਾਰ ਕਰਨੈਲ ਸਿੰਘ ਨਿੰਮਨਾਬਾਦ ਅੰਤਰਿੰਗ ਮੈਂਬਰ,ਸਰਦਾਰ ਸਤਿੰਦਰ ਸਿੰਘ ਮੰਟਾ ਸਾਬਕਾ ਮੈਂਬਰ,ਸਰਦਾਰ ਅਜਾਇਬ ਸਿੰਘ ਨਿੰਮਨਾਬਾਦ ਸਾਬਕਾ ਮੈਂਬਰ, ਸਰਦਾਰ ਮਾਲਕ ਸਿੰਘ ਚੀਮਾਂ,ਸਰਦਾਰ ਕਸ਼ਮੀਰ ਸਿੰਘ ਬਾਉਲੀ, ਸਰਦਾਰ ਜਗਰੂਪ ਸਿੰਘ ਰੋਡ,ਸਰਦਾਰ ਜਤਿੰਦਰ ਸਿੰਘ ਪਾਹਵਾ,ਹੌਬੀ ਧਾਲੀਵਾਲ ਸਮੇਤ ਵੱਡੀ ਗਿਣਤੀ ਵਿੱਚ ਸਿੱਖ ਸੰਗਤਾਂ ਹਾਜ਼ਰ ਸਨ।

(ਫੋਟੋ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਬਾਬਾ ਸਤਨਾਮ ਸਿੰਘ ਜੀ ਸਪੁੱਤਰ ਗਿਆਨੀ ਕਰਤਾਰ ਸਿੰਘ ਜੀ ਅਲਗੋਂ ਖੁਰਦ ਵਾਲਿਆਂ ਦੇ ਗ੍ਰਹਿ ਵਿਖੇ

# ਸਮੂਹ ਸੰਤ ਮਹਾਂਪੁਰਖ ਵਿਸ਼ੇਸ਼ ਤੌਰ 'ਤੇ ਪਹੁੰਚੇ









ਤਰਨਤਾਰਨ (ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ) ਜਿਲਾ ਤਰਨਤਾਰਨ ਹਲਕਾ ਖੇਮਕਰਨ ਅਧੀਨ ਪੈਂਦੇ ਪਿੰਡ ਅਲਗੋਂ ਖੁਰਦ ਵਿਖੇ ਬਾਬਾ ਸਤਨਾਮ ਸਿੰਘ ਜੀ ਸਪੁੱਤਰ ਗਿਆਨੀ ਕਰਤਾਰ ਸਿੰਘ ਜੀ ਦੇ ਗ੍ਰਹਿ ਵਿਖੇ ਦਲ ਪੰਥ ਬਾਬਾ ਬਿਧੀ ਚੰਦ ਸਾਹਿਬ ਜੀ ਦੇ ਮੌਜੂਦਾ ਮੁੱਖੀ ਸ਼੍ਰੀਮਾਨ ਸੰਤ ਬਾਬਾ ਅਵਤਾਰ ਸਿੰਘ ਜੀ ਸੁਰ ਸਿੰਘ ਵਾਲੇ, ਸੰਤ ਬਾਬਾ ਬਲਕਾਰ ਸਿੰਘ ਜੀ ਦਰਾਜਕੇ ਵਾਲੇ, ਸੰਤ ਬਾਬਾ ਜਸਵੰਤ ਸਿੰਘ ਜੀ ਸੋਢੀ ਆਸਲ ਉਤਾੜ ਵਾਲੇ ਵਿਸ਼ੇਸ਼ ਤੌਰ ਤੇ ਪਹੁੰਚੇ। ਪਹੁੰਚੇ ਸਮੂਹ ਸੰਤ ਮਹਾਂਪੁਰਖਾਂ ਨੇ ਸੰਗਤਾਂ ਨੂੰ ਨਾਮ ਬਾਣੀ ਸਿਮਰਨ ਨਾਲ ਜੋੜਿਆ। ਇੰਟਰਨੈਸ਼ਨਲ ਪੰਥਕ ਦਲ ਦੇ ਚੀਫ ਐਡਵਾਈਜ਼ਰ ਪੰਜਾਬ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲੇ ਵਿਸ਼ੇਸ਼ ਤੌਰ ਤੇ ਪਹੁੰਚੇ ਸਮੂਹ ਸੰਤ ਮਹਾਂਪੁਰਖਾਂ ਨੂੰ ਜੀ ਆਇਆ ਕਿਹਾ ਤੇ ਧੰਨਵਾਦ ਕੀਤਾ। ਬਾਬਾ ਸਤਨਾਮ ਸਿੰਘ ਜੀ ਦੇ ਪਰਿਵਾਰ ਵੱਲੋਂ ਪਹੁੰਚੇ ਸਮੂਹ ਸੰਤ ਮਹਾਂਪੁਰਖ ਅਤੇ ਸੰਗਤਾਂ ਦੀ ਜਲ ਪ੍ਰਸਾਦੇ ਨਾਲ ਸ਼ਰਧਾ ਭਾਵਨਾ ਨਾਲ ਸੇਵਾ ਕੀਤੀ ਗਈ ਅਤੇ ਸਾਰਿਆਂ ਦਾ ਸਿਰਪਾਓ ਦੇ ਕੇ ਸਨਮਾਨ ਕੀਤਾ ਗਿਆ।ਇਸ ਮੌਕੇ ਕ੍ਰਿਪਾਲ ਸਿੰਘ ਸਰਪੰਚ ਅਲਗੋਂ ਖੁਰਦ, ਰਾਣਾ ਭੁੱਲਰ ਸਰਪੰਚ ਪਿੰਡ ਮੱਦਰ, ਗੱਬਰ ਸਿੰਘ ਮੈਂਬਰ ਪੰਚਾਇਤ ਅਲਗੋਂ ਖੁਰਦ, ਰਣਜੀਤ ਸਿੰਘ ਅਲਗੋਂ ਖੁਰਦ, ਗੁਰਪ੍ਰੀਤ ਸਿੰਘ ਸਾਬਕਾ ਸਰਪੰਚ ਅਲਗੋਂ ਖੁਰਦ, ਜਰਨੈਲ ਸਿੰਘ ਅਲਗੋਂ ਖੁਰਦ, ਕੁਲਵੰਤ ਸਿੰਘ ਅਲਗੋ ਖੁਰਦ, ਗੁਰਪ੍ਰੀਤ ਸਿੰਘ (ਗੋਰਾ )ਅਲਗੋਂ ਖੁਰਦ,ਰਾਗੀ ਭਾਈ ਕਿਰਪਾਲ ਸਿੰਘ ਜੀ ਵਾੜਾ ਸ਼ੇਰ ਸਿੰਘ ਭਾਈ ਸਲਵਿੰਦਰ ਸਿੰਘ ਛੰਨਾ ਵਾਲੇ, ਸੁਬੇਗ ਸਿੰਘ ਅਲਗੋ ਖੁਰਦ, ਭਾਈ ਬਲਵਿੰਦਰ ਸਿੰਘ ਫੌਜੀ ਅਲਗੋ ਖੁਰਦ, ਭਾਈ ਸਵਰਨ ਸਿੰਘ ਸਿੱਧੂ ਅਲਗੋਂ ਖੁਰਦ,(ਵਿਸ਼ੇਸ਼ ਤੌਰ ਤੇ ਹਾਜਰੀ ਭਰੀ ਭਾਈ ਰਣਜੀਤ ਸਿੰਘ ਬੱਲ ਲੋਪੋਕੇ ਚੁਗਾਵਾਂ ਅੰਮ੍ਰਿਤਸਰ, ਭਾਈ ਰਣਜੀਤ ਸਿੰਘ ਗਿੱਲ ਤੇ ਭਾਈ ਸੁਰਜੀਤ ਸਿੰਘ ਗਿੱਲ ਪਿੰਡ ਦੋਧੇ ਝਬਾਲ ),ਅੰਮ੍ਰਿਤਪਾਲ ਸਿੰਘ ਅਲਗੋਂ ਖੁਰਦ ਹਾਜ਼ਰ ਸਨ।

## ਲਖਵੀਰ ਕੌਰ ਐਸ,ਸੀ ਜੋਨ ਫਰਵਾਹੀ ਤੋਂ ਆਪ ਨੇ ਉਮੀਦਵਾਰ ਐਲਾਨਿਆ

**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਹਲਕੇ ਦੇ ਵਿੱਚ ਪੈਂਦੇ ਪਿੰਡ ਫਰਵਾਹੀ ਬਲਾਕ ਸੰਮਤੀ ਐਸੀ ਜੋਨ ਤੋਂ ਉਕੀ ਸਮਾਜ ਸੇਵੀ ਲਖਵੀਰ ਕੌਰ ਨੂੰ ਉਮੀਦਵਾਰ ਐਲਾਨਿਆ। ਉਨ੍ਹਾਂ ਵੱਲੋਂ ਆਪਣੇ ਜੋਨ ਵਿੱਚ ਸਰਗਰਮੀਆਂ ਤੇਜ਼ ਕੀਤੀਆਂ ਗਈਆਂ ਹਨ। ਇਸ ਮੌਕੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਲਖਵੀਰ ਕੌਰ ਨੇ ਕਿਹਾ ਕਿਕਿਹਾ ਕਿ ਉਹ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਓਐਸਡੀ ਸ, ਰਾਜਵੀਰ ਸਿੰਘ ਓਐਸਡੀ ਸ, ਸੁਖਬੀਰ ਸਿੰਘ ਦਫਤਰ ਇੰਚਾਰਜ ਰਾਜਵੰਤ ਸਿੰਘ ਘੁੱਲੀ, ਦਫ਼ਤਰ ਇੰਚਾਰਜ ਦਲਵੀਰ ਸਿੰਘ ਢਿੱਲੋ ਦਾ ਦਿਲ ਦੀਆਂ ਗਹਿਰਾਈਆਂ ਚੋਂ ਧੰਨਵਾਦ ਕਰਦੀ ਹਾਂ ਜਿਨਾਂ ਨੇ ਮੇਰੇ ਤੇ ਵਿਸ਼ਵਾਸ ਪ੍ਰਗਟ ਕਰਕੇ ਮੈਨੂੰ ਸੇਵਾ ਕਰਨ ਦਾ ਮੌਕਾ ਦਿੱਤਾ ਮੈਂ ਉਹਨਾਂ ਨੂੰ ਵਿਸ਼ਵਾਸ ਦਵਾਉਂਦੀ ਹਾਂ ਕਿ ਇਹ ਸੀਟ ਵੱਡੇ ਮਾਰਜਨ ਨਾਲ ਜਿੱਤ ਕੇ ਉਹ ਪਾਰਟੀ ਦੀ ਝੋਲੀ ਪਾਉਣਗੇ।



## ਧੂਰੀ ਹਲਕੇ ਤੋਂ ਜਿਲ੍ਹਾ ਪਰਿਸ਼ਦ, ਬਲਾਕ ਸੰਮਤੀ ਦੇ ਉਮੀਦਵਾਰ ਅੱਜ ਭਰਨਗੇ ਕਾਗਜ਼: ਰਣਜੀਤ ਸਿੰਘ ਰੰਧਾਵਾ

**ਧੂਰੀ ( ਰਣਜੀਤ ਸਿੰਘ ਪੇਧਨੀ )**-ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਪ੍ਰਧਾਨ ਸ, ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਪੰਜਾਬ ਦੀਆਂ ਜ਼ਿਲਾ ਪ੍ਰੀਸ਼ਦ ਪਰਿਸ਼ਦ ਅਤੇ ਬਲਾਕ ਸੰਮਤੀ ਦੀਆਂ ਚੋਣਾਂ ਬੜੇ ਹੀ ਧੜੱਲੇ ਨਾਲ ਲੜੀਆਂ ਜਾ ਰਹੀਆਂ ਹਨ। ਇਸੇ ਹੀ ਤਹਿਤ ਧੂਰੀ ਵਿਧਾਨ ਸਭਾ ਹਲਕੇ ਦੇ ਜਿਲ੍ਹਾ ਪਰਿਸ਼ਦ ਅਤੇ ਬਲਾਕ ਸੰਮਤੀ ਦੇ ਉਮੀਦਵਾਰਾਂ ਦੇ ਕਾਗਜ਼ ਅੱਜ ਕਾਫਲਿਆਂ ਦੇ ਰੂਪ ਵਿਚ ਭਰੇ ਜਾਣਗੇ ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਕਾਤਰੋਂ ਨੇ ਕੀਤਾ। ਉਹਨਾਂ ਕਿਹਾ ਕਿ ਪੰਜਾਬ ਦੀ ਮੌਜੂਦਾ ਸਰਕਾਰ ਅਤੇ ਕਾਂਗਰਸ ਪਾਰਟੀ ਤੋਂ ਸਾਰੇ ਹੀ ਲੋਕਾਂ ਦਾ ਮੋਹ ਭੰਗ ਹੋ ਚੁੱਕਿਆ ਇਸ ਵਾਰ ਜਿਨਾਂ ਪਰੀਸ਼ਦ ਬਲਾਕ ਸੰਮਤੀ ਦੀਆਂ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਉਮੀਦਵਾਰ ਵੱਡੇ ਮਾਰਜਨ ਨਾਲ ਜਿੱਤ ਪ੍ਰਾਪਤ ਕਰਕੇ 2027 ਦੀਆਂ ਵਿਧਾਨ ਸਭਾ ਚੋਣਾਂ ਮੁੱਢ ਬੰਨਣਗੇ। ਇਸ ਮੌਕੇ ਜਗਰੂਪ ਸਿੰਘ ਲੱਡਾ, ਨਿਰਭੈ ਸਿੰਘ, ਬਿਰਜ ਲਾਲ ਕਾਂਝਲਾ, ਦਰਸਨ ਸਿੰਘ ਕਾਂਝਲਾ, ਸਰਵਨ ਸਿੰਘ ਮੱਲੂਮਾਜਰਾ , ਡਾਕਟਰ ਜਗਜੀਤ ਸਿੰਘ ਘਨੌਰੀ, ਜਗਰੂਪ ਸਿੰਘ,ਗੋਲਡੀ ਧੂਰੀ, ਜਗਜੀਤ ਸਿੰਘ ਲੱਡਾ, ਕਰਮਜੀਤ ਸਿੰਘ ਪਲਾਸੌਰ, ਸਰਬਜੀਤ ਸਿੰਘ ਕਾਤਰੋਂ, ਦਰਸਨ ਸਿੰਘ ਵਿਰਦੀ, ਠੇਕੇਦਾਰ ਜੱਸਾ ਧੂਰੀ, ਜਗਜੀਤ ਸਿੰਘ ਲੀਲਾ ਬੁੱਗਰਾ, ਹੈਪੀ ਘਨੌਰੀ, ਗੁਰਬਖ਼ਸ਼ ਸਿੰਘ ਰੰਧਾਵਾ, ਸੂਬੇਦਾਰ ਮਣੀ ਸਿੰਘ, ਗੁਰਦਿਆਲ ਸਿੰਘ ਕਾਂਝਲਾ ਹਾਜ਼ਰ ਸਨ।



ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਸਰਦਾਰ ਜੋਰਾਵਰ ਸਿੰਘ ਜੋਹਲ ਦੇ ਪਰਿਵਾਰ ਨੂੰ ਗਹਿਰਾ ਸਦਮਾ

# ਵੱਡੇ ਲੜਕੇ ਸਰਦਾਰ ਬਲਵੀਰ ਸਿੰਘ ਲਾਡੀ ਅਕਾਲ ਚਲਾਣਾ ਕਰ ਗਏ

## ਅੰਤਿਮ ਸਸਕਾਰ 4 ਦਸੰਬਰ ਨੂੰ



ਆਪ ਜੀ ਨੂੰ ਇਹ ਖਬਰ ਬੜੇ ਦੁਖਦਾਈ ਹਿਰਦੇ ਨਾਲ ਦੇ ਰਹੇ ਹਾਂ ।ਬਹੁਤ ਹੀ ਸਤਿਕਾਰਯੋਗ ਸਰਦਾਰ ਜੋਰਾਵਰ ਸਿੰਘ ਦੇ ਵੱਡੇ ਲੜਕੇ ਸਰਦਾਰ ਬਲਵੀਰ ਸਿੰਘ ਲਾਡੀ ਦੀ ਇਟਲੀ ਵਿਖੇ ਪਿਛਲੇ ਦਿਨੀ ਮੌਤ ਹੋ ਗਈ ਹੈ ਸਰਦਾਰ ਬਲਵੀਰ ਸਿੰਘ ਲਾਡੀ ਕੁਝ ਸਮੇਂ ਤੋਂ ਬਿਮਾਰ ਸਨ ਅਤੇ ਹਸਪਤਾਲ ਜੇਰੇ ਇਲਾਜ ਸਨ। ਪਰ ਅਕਾਲ ਪੁਰਖ ਵੱਲੋਂ ਬਖਸ਼ੇ ਹੋਏ ਸਵਾਸਾਂ ਦੀ ਪੂੰਜੀ ਪੂਰੀ ਹੋਣ ਤੇ ਆਪ ਜੀ ਪਰਲੋਕ ਸੁਧਾਰ ਗਏ ਹਨ ਬਹੁਤ ਹੀ ਮਿਲਣ ਸਾਰ ਅਤੇ ਪੰਥਕ ਸੇਵਾਦਾਰ ਸਨ ਅਤੇ ਅੰਮ੍ਰਿਤਧਾਰੀ ਸਿੱਖ ਸਨ ।ਦੱਸਦੇ ਹਨ ਕਿ ਪਿਛਲੇ ਅਰਸੇ ਦੌਰਾਨ ਵਿਆਹ ਤੇ ਕਿਤੇ ਖਾਣਾ ਖਾਧਾ ਸੀ ਅਤੇ ਉਸ ਤੋਂ ਬਾਅਦ ਉਹਨਾਂ ਨੂੰ ਪੇਟ ਵਿੱਚ ਦਰਦ ਹੋਣੀ ਸ਼ੁਰੂ ਹੋ ਗਈ ਜਿਸ ਦੇ ਇਲਾਜ ਵਾਸਤੇ ਉਹਨਾਂ ਨੂੰ ਹਸਪਤਾਲ ਦਾਖਲ ਕਰਾਇਆ ਗਿਆ ਪਰ 2 ਦਸੰਬਰ 2025 ਵਾਲੇ ਦਿਨ ਆਪ ਸਦੀਵੀ ਵਿਛੋੜਾ ਦੇ ਗਏ ਹਨ ਅਕਾਲ ਪੁਰਖ ਦੇ ਚਰਨਾਂ ਵਿੱਚ ਅਰਦਾਸ ਕਰਦੇ ਹਾਂ ਪਰਮਾਤਮਾ ਸਰਦਾਰ ਬਲਵੀਰ ਸਿੰਘ ਲਾਡੀ ਦੀ ਆਤਮਾ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ੇ ਅਤੇ ਪਿੱਛੇ ਪਰਿਵਾਰ ਨੂੰ ਅਤੇ ਰਿਸ਼ਤੇਦਾਰਾਂ ਨੂੰ ਭਾਣਾ ਮੰਨਣ ਦਾ ਬਲ ਬਖਸ਼ੇ ਸਰਦਾਰ ਜੋਰਾਵਰ ਸਿੰਘ ਪਿੰਡ ਸਲੇਮਪੁਰ ਮਸੰਦਾਂ ਦੇ ਨਿਵਾਸੀ ਹਨ ਅਤੇ ਅੱਜ ਕੱਲ ਆਪਣੇ ਲੜਕੇ ਲਖਵਿੰਦਰ ਸਿੰਘ ਕੋਲ ਇੰਗਲੈਂਡ ਵਿੱਚ ਆਏ ਹੋਏ ਹਨ ਸੋ ਅਗਰ ਕਿਸੇ ਨੇ ਉਹਨਾਂ ਦੇ ਨਾਲ ਦੁੱਖ ਸਾਂਝਾ ਕਰਨਾ ਹੈ ਤਾਂ ਹੇਠਾਂ ਸਰਦਾਰ ਲਖਵਿੰਦਰ ਸਿੰਘ ਜੋਹਲ ਦਾ ਨੰਬਰ ਦੇ ਰਹੇ ਹਾਂ ਉਸ ਨੰਬਰ ਤੇ ਆਪ ਸੰਪਰਕ ਕਰ ਸਕਦੇ ਹੋ ।ਸਵਰਗਵਾਸੀ ਸਰਦਾਰ ਬਲਵੀਰ ਸਿੰਘ ਲਾਡੀ ਦਾ ਅੰਤਿਮ ਸੰਸਕਾਰ ਇਟਲੀ ਵਿਖੇ ਚਾਰ ਦਸੰਬਰ ਹੋ ਰਿਹਾ ਹੈ ਜਿਸ ਦਾ ਪੂਰਾ ਵੇਰਵਾ ਨਾਲ ਦਿੱਤੇ ਹੋਏ ਅੰਗਰੇਜ਼ੀ ਦੇ ਵਿੱਚ ਇਸ਼ਿਤਹਾਰ ਵਿੱਚੋਂ ਲੈ ਸਕਦੇ।

**ਸਰਦਾਰ ਲਖਵਿੰਦਰ ਸਿੰਘ ਦਾ ਨੰਬਰ**
**+447312246925**

### ਅਦਾਰਾ 'ਆਵਾਜ਼ਿ ਕੌਮ' ਦੇ ਮੁੱਖ ਸੰਪਾਦਕ ਭਾਈ ਰਘਵੀਰ ਸਿੰਘ ਵਾਲਸਾਲ ਵੱਲੋਂ ਗਹਿਰੇ ਦੁੱਖ ਦਾ ਪ੍ਰਗਟਾਵਾ

ਇਸ ਦੌਰਾਨ ਭਾਈ ਰਘਵੀਰ ਸਿੰਘ ਵਾਲਸਾਲ ਐਡੀਟਰ-ਇਨ-ਚੀਫ਼ ਆਵਾਜ਼ਿ-ਕੌਮ ਅੰਤਰ-ਰਾਸ਼ਟਰੀ ਅਖ਼ਬਾਰ ਤੇ ਵੈਬ ਚੈਨਲ ਤੇ ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ, ਯੂ. ਕੇ. ਨੇ ਜੌਹਡ ਪਰਿਵਾਰ ਨਾਲ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਵਾਹਿਗੁਰੂ ਜੀ ਅੱਗੇ ਅਰਦਾਸ ਕੀਤੀ ਕਿ ਵਾਹਿਗੁਰੂ ਭਾਈ ਬਲਵੀਰ ਸਿੰਘ ਲਾਡੀ ਜੀ ਦੀ ਵਿਛੜੀ ਆਤਮਾ ਨੂੰ ਆਪਣੇ ਪਵਿੱਤਰ ਚਰਨਾਂ 'ਚ ਨਿਵਾਸ ਬਖਸ਼ਣ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ।



350 ਸਾਲਾ ਸ਼ਹੀਦੀ ਦਿਵਸ ਸ੍ਰੀ ਗੁਰੂ ਤੇਗ ਬਹਾਦੁਰ ਮਹਾਰਾਜ ਭਾਈ ਮਤੀ ਦਾਸ ਭਾਈ ਸਤੀ ਦਾਸ ਭਾਈ ਦਿਆਲਾ ਜੀ ਅਤੇ ਸੰਤ ਸੁਖਦੇਵ ਸਿੰਘ ਜੀ ਅਲਹੌਰਾਂ ਵਾਲਿਆਂ ਦੀ ਯਾਦ ਨੂੰ ਸਮਰਪਿਤ

# 'ਮਹਾਨ ਗੁਰਮਤਿ ਸਮਾਗਮ' ਪਿੰਡ ਕਾਦਰਾਬਾਦ ਪਟਿਆਲਾ ਵਿਖੇ ਆਯੋਜਿਤ

## ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ




350 ਸਾਲਾ ਸ਼ਹੀਦੀ ਦਿਵਸ ਸ੍ਰੀ ਗੁਰੂ ਤੇਗ ਬਹਾਦੁਰ ਮਹਾਰਾਜ ਭਾਈ ਮਤੀ ਦਾਸ ਭਾਈ ਸਤੀ ਦਾਸ ਭਾਈ ਦਿਆਲਾ ਜੀ ਅਤੇ ਸੰਤ ਸੁਖਦੇਵ ਸਿੰਘ ਜੀ ਅਲਹੌਰਾਂ ਵਾਲਿਆਂ ਦੀ ਯਾਦ ਨੂੰ ਸਮਰਪਿਤ "ਮਹਾਨ ਗੁਰਮਤਿ ਸਮਾਗਮ" ਪਿੰਡ ਕਾਦਰਾਬਾਦ ਪਟਿਆਲਾ ਵਿਖੇ ਅੱਜ ਗੁਰਮਤਿ ਵਿਚਾਰ ਸਾਂਝੇ ਕਰਦੇ ਹੋਏ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ, ਸਨਮਾਨਿਤ ਕਰਦੇ ਬਾਬਾ ਜਗਤਾਰ ਸਿੰਘ ਕਾਦਰਾਬਾਦ,ਬਾਬਾ ਦਰਸ਼ਨ ਸਿੰਘ ਮੂਲੇਪੁਰ ਅਤੇ ਹਾਜ਼ਰ ਸਿੱਖ ਸੰਗਤਾਂ,ਖ਼ੂਨ ਦਾਨ ਕੈਂਪ ਅਤੇ ਦਸਤਾਰ ਸਜਾਉਣ ਮੁਕਾਬਲੇ ਵੀ ਹੋਏ।

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

# ਸ੍ਰੀ ਅੰਮ੍ਰਿਤਸਰ, ਸ੍ਰੀ ਅਨੰਦਪੁਰ ਸਾਹਿਬ ਤੇ ਤਲਵੰਡੀ ਸਾਬੋ ਪਵਿੱਤਰ ਸ਼ਹਿਰ ਤਾਂ ਐਲਾਨ ਦਿੱਤੇ ਪਰ ਅਮਲ ਕਦੋਂ ਹੋਵੇਗਾ ?

**ਗੁਰੂ ਨਗਰੀ** ਸ੍ਰੀ ਅੰਮ੍ਰਿਤਸਰ ਸਾਹਿਬ ਨੂੰ ਪਵਿੱਤਰ ਸ਼ਹਿਰ ਦਾ ਦਰਜਾ ਦੇਣ ਦੀ ਸਿੱਖ ਕੌਮ ਵੱਲੋਂ ਲੰਬੇ ਸਮੇਂ ਤੋਂ ਮੰਗ ਕੀਤੀ ਜਾ ਰਹੀ ਸੀ, ਇਸ ਦੇ ਨਾਲ-ਨਾਲ ਹੀ ਸਮੇਂ-ਸਮੇਂ ਉੱਤੇ ਸ੍ਰੀ ਅਨੰਦਪੁਰ ਸਾਹਿਬ, ਤਲਵੰਡੀ ਸਾਬੋ, ਸ੍ਰੀ ਚਮਕੌਰ ਸਾਹਿਬ, ਸ੍ਰੀ ਫ਼ਤਹਿਗੜ੍ਹ ਸਾਹਿਬ, ਸੁਲਤਾਨਪੁਰ ਲੋਧੀ, ਸ੍ਰੀ ਤਰਨ ਤਾਰਨ ਸਾਹਿਬ ਅਤੇ ਸ੍ਰੀ ਮੁਕਤਸਰ ਸਾਹਿਬ ਨੂੰ ਪਵਿੱਤਰ ਸ਼ਹਿਰਾਂ ਦਾ ਦਰਜਾ ਦੇਣ ਦੀ ਮੰਗ ਉੱਠਦੀ ਰਹੀ। ਪਰ ਕੇਂਦਰ ਸਰਕਾਰਾਂ ਅਤੇ ਸੂਬਾ ਸਰਕਾਰਾਂ ਨੇ ਇਸ ਵੱਲ ਕਦੇ ਵੀ ਧਿਆਨ ਨਾ ਦਿੱਤਾ ਸਗੋਂ ਇਸ ਮੰਗ ਨੂੰ ਹਮੇਸ਼ਾਂ ਗਲਤ ਰੰਗਤ ਦਿੱਤੀ ਗਈ ਤੇ ਸਿੱਖ ਹਿਰਦਿਆਂ ਨੂੰ ਭਾਰੀ ਠੇਸ ਪਹੁੰਚਾਈ ਗਈ। ਹੁਣ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਮਹਾਰਾਜ ਦੇ 350 ਸਾਲਾ ਸ਼ਹੀਦੀ ਸ਼ਤਾਬਦੀ ਸਮੇਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਇਹ ਐਲਾਨ ਕੀਤਾ ਕਿ "ਸ੍ਰੀ ਅੰਮ੍ਰਿਤਸਰ ਸਾਹਿਬ, ਸ੍ਰੀ ਅਨੰਦਪੁਰ ਸਾਹਿਬ ਅਤੇ ਤਲਵੰਡੀ ਸਾਬੋ ਨੂੰ ਪਵਿੱਤਰ ਸ਼ਹਿਰਾਂ ਦਾ ਦਰਜਾ ਦਿੱਤਾ ਜਾਏਗਾ ਅਤੇ ਮੀਟ, ਸ਼ਰਾਬ ਤੇ ਤੰਬਾਕੂ ਦੀਆਂ ਦੁਕਾਨਾਂ ਬਾਹਰ ਕੱਢੀਆਂ ਜਾਣਗੀਆਂ। ਸੱਚਖੰਡ ਸ੍ਰੀ ਦਰਬਾਰ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਰਘਬੀਰ ਸਿੰਘ ਜੀ ਨੇ ਇਸ ਫ਼ੈਸਲੇ ਦਾ ਸਵਾਗਤ ਕੀਤਾ ਹੈ ਪਰ ਬਹੁਤਾਂਤ ਜਥੇਬੰਦੀਆਂ ਨੇ ਇਸ ਮਾਮਲੇ ਉੱਤੇ ਚੁੱਪੀ ਧਾਰਨ ਕੀਤੀ ਹੋਈ ਹੈ ਕਿਉਂਕਿ ਸਭ ਨੂੰ ਖਦਸ਼ਾ ਹੈ ਕਿ ਕੀ ਇਹ ਐਲਾਨ ਇਕੱਲਾ ਬਿਆਨਾਂ ਜਾਂ ਕਾਨੂੰਨ ਦੀਆਂ ਫਾਈਲਾਂ ਤੱਕ ਹੀ ਸੀਮਤ ਰਹੇਗਾ ਜਾਂ ਫਿਰ ਲਾਗੂ ਵੀ ਹੋਵੇਗਾ !ਸਿੱਖ ਸੰਗਤਾਂ ਬੜੀ ਬੇਸਬਰੀ ਨਾਲ ਉਡੀਕ ਕਰ ਰਹੀਆਂ ਹਨ ਕਿ ਹੁਣ ਇਸ ਫੈਸਲੇ ਉੱਤੇ ਪੰਜਾਬ ਸਰਕਾਰ ਅਮਲ ਕਦੋਂ ਕਰੇਗੀ ! ਭਗਵੰਤ ਮਾਨ ਤੇ ਕੇਜਰੀਵਾਲ ਨੇ ਸਰਕਾਰ ਬਣਨ ਤੋਂ ਪਹਿਲਾਂ ਅਤੇ ਬਾਅਦ ਵਿੱਚ ਬਥੇਰੇ ਐਲਾਨ ਕੀਤੇ ਹਨ, ਪਰ ਉਹਨਾਂ ਨੂੰ ਲਾਗੂ ਕਰਨ ਲਈ ਕੱਖ ਨਹੀਂ ਕੀਤਾ ਗਿਆ। ਹੁਣ ਜਿੰਨਾ ਚਿਰ ਤਕ ਇਹਨਾਂ ਤਿੰਨਾਂ ਸ਼ਹਿਰਾਂ ਵਿੱਚੋਂ ਮੀਟ, ਸ਼ਰਾਬ ਅਤੇ ਤੰਬਾਕੂ ਦੀਆਂ ਦੁਕਾਨਾਂ ਬੰਦ ਨਹੀਂ ਕਰਵਾ ਦਿੱਤੀਆਂ ਜਾਂਦੀਆਂ ਓਨਾ ਚਿਰ ਤੱਕ ਸਰਕਾਰ ਦੀ ਪਿੱਠ ਨਹੀਂ ਥਾਪੜਨੀ ਚਾਹੀਦੀ ਸਗੋਂ ਵਾਰ-ਵਾਰ ਸਰਕਾਰ ਨੂੰ ਇਹ ਯਾਦ ਕਰਵਾਉਣਾ ਚਾਹੀਦਾ ਹੈ ਕਿ ਸਰਕਾਰ ਇਸ ਮਾਮਲੇ ਉੱਤੇ ਕੰਮ ਕਰੇ। ਇਹ ਵੀ ਚਰਚਾ ਚੱਲ ਰਹੀ ਹੈ ਕਿ ਪਹਿਲੀਆਂ ਸਰਕਾਰਾਂ ਦੇ ਕੁਝ ਮੁੱਖ ਮੰਤਰੀਆਂ ਨੇ ਵੀ ਕੁਝ ਖ਼ਾਸ ਮੌਕਿਆਂ 'ਤੇ ਸ੍ਰੀ ਅੰਮ੍ਰਿਤਸਰ ਅਤੇ ਸ੍ਰੀ ਅਨੰਦਪੁਰ ਸਾਹਿਬ ਨੂੰ ਪਵਿੱਤਰ ਸ਼ਹਿਰ ਦਾ ਦਰਜਾ ਦੇਣ ਦੇ ਐਲਾਨ ਕੀਤੇ ਸਨ ਜੋ ਅਖ਼ਬਾਰੀ ਬਿਆਨਾਂ ਤੱਕ ਹੀ ਸੀਮਤ ਹੋ ਕੇ ਰਹਿ ਗਏ। ਹੁਣ ਵੇਖਣਾ ਇਹ ਹੋਵੇਗਾ ਕਿ ਭਗਵੰਤ ਮਾਨ ਸਰਕਾਰ ਕੁਝ ਕਰਦੀ ਵੀ ਹੈ ਜਾਂ ਫਿਰ ਵਾਹ-ਵਾਹ ਖੱਟਣ ਲਈ ਸਿਆਸੀ ਪੱਤਾ ਹੀ ਖੇਡਿਆ ਗਿਆ ਹੈ। ਜੇਕਰ ਭਗਵੰਤ ਮਾਨ ਇਸ ਫ਼ੈਸਲੇ ਨੂੰ ਲਾਗੂ ਕਰਵਾ ਜਾਂਦਾ ਹੈ ਤਾਂ ਉਸਦੇ ਇਸ ਇਤਿਹਾਸਿਕ ਕਾਰਜ ਨੂੰ ਹਮੇਸ਼ਾਂ ਯਾਦ ਰੱਖਿਆ ਜਾਏਗਾ ਤੇ ਪਹਿਲੀਆਂ ਸਰਕਾਰਾਂ ਉੱਤੇ ਕਲੰਕ ਲੱਗੇਗਾ।ਸ੍ਰੀ ਅੰਮ੍ਰਿਤਸਰ ਸਾਹਿਬ ਵਿੱਚ ਨੌਂ ਗੁਰੂ ਸਾਹਿਬਾਨਾਂ ਨੇ ਸਰੀਰਕ ਰੂਪ ਵਿੱਚ ਆਪਣੇ ਮੁਬਾਰਕ ਚਰਨ ਪਾਏ ਹਨ, ਚੌਥੇ ਪਾਤਸ਼ਾਹ ਸ੍ਰੀ ਗੁਰੂ ਰਾਮਦਾਸ ਜੀ ਨੇ ਇਹ ਨਗਰ ਵਸਾਇਆ, ਇੱਥੇ ਹੀ ਸਿੱਖ ਕੌਮ ਦਾ ਕੇਂਦਰੀ ਅਸਥਾਨ ਸ੍ਰੀ ਦਰਬਾਰ ਸਾਹਿਬ ਅਤੇ ਸਰਵਉੱਚ ਤਖ਼ਤ ਸ੍ਰੀ ਅਕਾਲ ਤਖ਼ਤ ਸਾਹਿਬ ਮੌਜੂਦ ਹੈ। ਇੱਥੇ ਹੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਦੀ ਸੰਪਾਦਨਾ ਹੋਈ ਤੇ ਇੱਥੇ ਹੀ ਛੇਵੇਂ ਪਾਤਸ਼ਾਹ ਨੇ ਪਹਿਲੀ ਜੰਗ ਲੜੀ। ਸ੍ਰੀ ਅੰਮ੍ਰਿਤਸਰ ਨੂੰ ਪਵਿੱਤਰ ਸ਼ਹਿਰ ਦਾ ਦਰਜਾ ਦਿਵਾਉਣ ਲਈ ਦਮਦਮੀ ਟਕਸਾਲ ਦੇ ਚੌਦ੍ਹਵੇਂ ਮੁਖੀ ਅਮਰ ਸ਼ਹੀਦ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ,





ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਪ੍ਰਧਾਨ ਅਮਰ ਸ਼ਹੀਦ ਭਾਈ ਸਾਹਿਬ ਭਾਈ ਅਮਰੀਕ ਸਿੰਘ ਜੀ ਖ਼ਾਲਸਾ, ਦਲ ਖ਼ਾਲਸਾ ਦੇ ਪ੍ਰਧਾਨ ਭਾਈ ਗਜਿੰਦਰ ਸਿੰਘ ਹਾਈਜੈਕਰ ਅਤੇ ਸ਼੍ਰੋਮਣੀ ਅਕਾਲੀ ਦਲ ਨੇ ਲੰਬਾ ਸੰਘਰਸ਼ ਕੀਤਾ ਸੀ। ਧਰਮ ਯੁੱਧ ਮੋਰਚੇ ਵਿੱਚ ਵੀ ਇਹ ਮੰਗ ਸ਼ਾਮਲ ਸੀ ਜਿਸ ਨੂੰ ਭਾਰਤ ਦੀ ਕਾਂਗਰਸ ਸਰਕਾਰ ਨੇ ਅੱਤਵਾਦ ਤੇ ਵੱਖਵਾਦ ਨਾਲ ਜੋੜ ਦਿੱਤਾ ਤੇ ਭਾਜਪਾ ਦੇ ਵਿਧਾਇਕ ਹਰਬੰਸ ਲਾਲ ਖੰਨਾ ਨੇ ਇਸ ਮੰਗ ਦੇ ਵਿਰੁੱਧ ਸ੍ਰੀ ਅੰਮ੍ਰਿਤਸਰ ਵਿੱਚ ਮਾਰਚ ਕੱਢਿਆ ਤੇ ਤਲਵਾਰਾਂ ਅਤੇ ਤ੍ਰਿਸ਼ੂਲਾਂ ਉੱਤੇ ਬੀੜੀਆਂ-ਸਿਗਰਟਾਂ ਬੰਨ੍ਹ ਕੇ ਨਾਹਰੇ ਲਗਾਏ ਗਏ ਕਿ "ਬੀੜੀ-ਸਿਗਰਟ ਪੀਏਂਗੇ, ਬੜੀ ਸ਼ਾਨ ਸੇ ਜੀਏਂਗੇ। ਕੱਛ, ਕੜਾ-ਕਿਰਪਾਨ, ਭੇਜ ਦਿਆਂਗੇ ਪਾਕਿਸਤਾਨ।ਦੁੱਕੀ-ਤਿੱਕੀ ਖਹਿਣ ਨ੍ਹੀਂ ਦੇਣੀ, ਸਿਰ 'ਤੇ ਪਗੜੀ ਰਹਿਣ ਨ੍ਹੀਂ ਦੇਣੀ।" ਫਿਰ ਸ੍ਰੀ ਅੰਮ੍ਰਿਤਸਰ ਦੇ ਰੇਲਵੇ ਸਟੇਸ਼ਨ ਉੱਤੇ ਲੱਗੀ ਸ੍ਰੀ ਗੁਰੂ ਰਾਮਦਾਸ ਜੀ ਦੀ ਤਸਵੀਰ ਅਤੇ ਸ੍ਰੀ ਦਰਬਾਰ ਸਾਹਿਬ ਦੇ ਮਾਡਲ ਨੂੰ ਫ਼ਿਰਕੂ ਹਿੰਦੂਤਵੀਆਂ ਵੱਲੋਂ ਤੋੜਿਆ ਗਿਆ ਤੇ ਉਸ ਉੱਤੇ ਸਿਗਰਟਾਂ ਸੁੱਟੀਆਂ ਗਈਆਂ। ਇਸ ਦੇ ਨਾਲ ਹੀ ਇਨ੍ਹਾਂ ਹਿੰਦੂਵਾਦੀਆਂ ਨੇ ਸ੍ਰੀ ਦਰਬਾਰ ਸਾਹਿਬ ਦੀ ਪ੍ਰਕਰਮਾ ਵਿੱਚ ਵੀ ਸਿਗਰਟਾਂ ਸੁੱਟੀਆਂ ਤੇ ਭਾਜਪਾ ਦੇ ਸੀਨੀਅਰ ਆਗੂ ਐਲ ਕੇ ਅਡਵਾਨੀ ਅਤੇ ਲਕਸ਼ਮੀ ਕਾਂਤਾ ਚਾਵਲਾ ਨੇ ਪੰਜਾਬ ਨੂੰ ਫ਼ੌਜ ਦੇ ਹਵਾਲੇ ਕਰਨ ਲਈ ਮਾਰਚ ਕੱਢੇ। ਹਿੰਦੂਤਵੀਆਂ ਨੇ ਇੱਕ ਸ਼ਰਾਰਤ ਤਹਿਤ ਸ੍ਰੀ ਦਰਬਾਰ ਸਾਹਿਬ ਦੇ ਆਸ-ਪਾਸ ਅਨੇਕਾਂ ਮੀਟ, ਸ਼ਰਾਬ ਅਤੇ ਤੰਬਾਕੂ ਦੀਆਂ ਦੁਕਾਨਾਂ ਖੋਲ੍ਹ ਦਿੱਤੀਆਂ ਅਤੇ ਸ੍ਰੀ ਦਰਬਾਰ ਸਾਹਿਬ ਨੂੰ ਆਉਣ ਵਾਲੇ ਹਰ ਰਸਤੇ ਵਿੱਚ ਛੋਟੇ-ਛੋਟੇ ਮੰਦਰ ਬਣਾ ਦਿੱਤੇ ਤੇ ਸ੍ਰੀ ਦਰਬਾਰ ਸਾਹਿਬ ਨੂੰ ਸਵਰਨ ਮੰਦਰ ਤੇ ਵਿਸ਼ਨੂੰ ਮੰਦਰ ਵਜੋਂ ਪ੍ਰਚਾਰਿਆ। ਸਰਕਾਰ ਨੇ ਸ੍ਰੀ ਅੰਮ੍ਰਿਤਸਰ ਨੂੰ ਪਵਿੱਤਰ ਸ਼ਹਿਰ ਦਾ ਦਰਜਾ ਨਹੀਂ ਸੀ ਦਿੱਤਾ, ਸਗੋਂ ਸ੍ਰੀ ਦਰਬਾਰ ਸਾਹਿਬ ਉੱਤੇ ਫ਼ੌਜੀ ਹਮਲਾ ਕਰਕੇ ਸ੍ਰੀ ਅਕਾਲ ਤਖਤ ਸਾਹਿਬ ਨੂੰ ਢਹਿ-ਢੇਰੀ ਕਰ ਦਿੱਤਾ ਅਤੇ ਸ੍ਰੀ ਅੰਮ੍ਰਿਤਸਰ ਸਮੇਤ ਸਮੁੱਚੇ ਪੰਜਾਬ ਨੂੰ ਸਿੱਖਾਂ ਦੇ ਖ਼ੂਨ ਨਾਲ ਰੰਗ ਦਿੱਤਾ ਜਿਸ ਤੋਂ ਬਾਅਦ ਅਣਖੀ ਸਿੱਖਾਂ ਨੇ ਹਥਿਆਰਬੰਦ ਹੋ ਕੇ ਦਸ ਸਾਲ ਲੜਾਈ ਲੜੀ ਜਿਸ ਦੌਰਾਨ ਅਨੇਕਾਂ ਸਿੱਖਾਂ ਨੂੰ ਤਸੀਹੇ ਝੱਲਣੇ ਪਏ ਤੇ ਬੇਅੰਤ ਸ਼ਹਾਦਤਾਂ ਹੋਈਆਂ। ਪਰ ਐਨਾ ਕੁਝ ਵਾਪਰਨ ਦੇ ਬਾਵਜੂਦ ਵੀ ਕੇਂਦਰ ਅਤੇ ਸੂਬਾ ਸਰਕਾਰਾਂ ਨੇ ਸ੍ਰੀ ਅੰਮ੍ਰਿਤਸਰ ਨੂੰ ਪਵਿੱਤਰ ਸ਼ਹਿਰ ਦਾ ਦਰਜਾ ਨਹੀਂ ਦਿੱਤਾ, ਹਾਲਾਂਕਿ ਹਿੰਦੂ ਧਰਮ ਨਾਲ ਸੰਬੰਧਤ ਕਈ ਸ਼ਹਿਰਾਂ ਨੂੰ ਬਿਨਾਂ ਕੋਈ ਸੰਘਰਸ਼ ਕੀਤਿਆਂ ਜਾਂ ਮੰਗ ਉਠਾਏ ਬਿਨਾਂ ਹੀ ਪਵਿੱਤਰ ਸ਼ਹਿਰ ਐਲਾਨਿਆ ਗਿਆ ਪਰ ਸਿੱਖ ਕੌਮ ਦੇ ਨਾਲ ਵਿਤਕਰਾ ਜਿਉਂ ਦਾ ਤਿਉਂ ਕਾਇਮ ਰਿਹਾ। ਸ੍ਰੀ ਅੰਮ੍ਰਿਤਸਰ ਸਾਹਿਬ ਅਤੇ ਸ੍ਰੀ ਅਨੰਦਪੁਰ ਸਾਹਿਬ ਨੂੰ ਪਵਿੱਤਰ ਸ਼ਹਿਰਾਂ ਦਾ ਦਰਜਾ ਦਿਵਾਉਣ ਲਈ ਜਥੇਦਾਰ ਜਗਤਾਰ ਸਿੰਘ ਹਵਾਰਾ ਕਮੇਟੀ, ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਅਤੇ ਹੋਰ ਕਈ ਜਥੇਬੰਦੀਆਂ ਵੱਲੋਂ ਵੀ ਸਮੇਂ-ਸਮੇਂ ਉੱਤੇ ਮਾਰਚ-ਪ੍ਰਦਰਸ਼ਨ ਕਰਕੇ ਇਹ ਮੰਗ ਉਠਾਈ ਗਈ। ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਤਿਕਾਰ ਕਮੇਟੀ ਦੇ ਸਿੰਘਾਂ ਨੇ ਤਾਂ ਕਈ ਵਾਰ ਸੰਘਰਸ਼ ਕਰਕੇ ਸ੍ਰੀ ਦਰਬਾਰ ਸਾਹਿਬ ਦੇ ਬਾਹਰਵਾਰ ਚੌਗਿਰਦੇ ਵਿੱਚੋਂ ਦੁਕਾਨਾਂ ਅਤੇ ਹੋਟਲਾਂ ਉੱਤੇ ਛਾਪੇ ਮਾਰ ਕੇ ਤੰਬਾਕੂ ਦੀਆਂ ਪੁੜੀਆਂ ਅਤੇ ਹੋਰ ਨਸ਼ੇ ਚੁਕਵਾਏ, ਠੇਕੇ ਬੰਦ ਕਰਵਾਏ ਤੇ ਮੀਟ ਦੀਆਂ ਦੁਕਾਨਾਂ ਦਾ ਵੀ ਭਾਰੀ ਵਿਰੋਧ ਕੀਤਾ। ਦੋ ਵਾਰ ਤਾਂ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ ਸਿੰਘਾਂ ਨੇ ਤੰਬਾਕੂ ਦੇ ਖੋਖਿਆਂ ਨੂੰ ਅੱਗਾਂ ਵੀ ਲਾਈਆਂ ਅਤੇ ਸ਼ਰਾਬ ਦੇ ਠੇਕੇ ਤੋੜੇ। ਸ੍ਰੀ ਅੰਮ੍ਰਿਤਸਰ-ਜਲੰਧਰ ਰੋਡ 'ਤੇ ਬਣੇ ਸਵਾਗਤੀ ਗੇਟ ਨੇੜਿਓਂ ਵੀ ਅਸੀਂ ਦੋ ਵਾਰ ਸ਼ਰਾਬ ਦਾ ਠੇਕਾ ਬੰਦ ਕਰਵਾਇਆ। ਦੂਜੀਆਂ ਸਰਕਾਰਾਂ ਨੇ ਤਾਂ ਇਸ ਮਾਮਲੇ ਉੱਤੇ ਕੀ ਕਰਨਾ ਸੀ ਸਗੋਂ ਅਖੌਤੀ ਪੰਥਕ ਬਾਦਲ ਸਰਕਾਰ ਨੇ ਵੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਪਵਿੱਤਰਤਾ ਨੂੰ ਮੁੱਖ ਰੱਖਦਿਆਂ ਮੀਟ, ਸ਼ਰਾਬ ਅਤੇ ਤੰਬਾਕੂ ਦੀਆਂ ਦੁਕਾਨਾਂ ਬੰਦ ਨਾ ਕਰਵਾਈਆਂ ਤੇ ਜਿਹੜੇ ਸਿੰਘ ਇਸ ਖ਼ਿਲਾਫ਼ ਸੰਘਰਸ਼ ਕਰਦੇ ਰਹੇ ਉਹਨਾਂ ਉੱਤੇ ਕੇਸ ਦਰਜ ਹੁੰਦੇ ਰਹੇ। ਭਾਈ ਬਲਦੇਵ ਸਿੰਘ ਵਡਾਲਾ ਨੇ ਵੀ ਪਿਛਲੇ ਸਮੇਂ ਵਿੱਚ ਸ੍ਰੀ ਅੰਮ੍ਰਿਤਸਰ ਸਾਹਿਬ ਨੂੰ ਪਵਿੱਤਰ ਸ਼ਹਿਰ ਦਾ ਦਰਜਾ ਦਿਵਾਉਣ ਲਈ ਕਾਫ਼ੀ ਆਵਾਜ਼ ਚੁੱਕੀ ਸੀ, ਉਸ ਸਮੇਂ ਬਾਦਲਾਂ ਦੀ ਸਰਕਾਰ ਸੀ ਜਿਨ੍ਹਾਂ ਦੇ ਕੰਨ ਉੱਤੇ ਜੂੰ ਨਹੀਂ ਸਰਕੀ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਭਾਜਪਾ ਸਰਕਾਰ ਵੀ ਸਿੱਖਾਂ ਦੀ ਹਮਾਇਤੀ ਹੋਣ ਦਾ ਢਕਵੰਜ ਰਚਦੀ ਹੈ ਪਰ ਇਸ ਕੇਂਦਰ ਸਰਕਾਰ ਨੇ ਵੀ ਸ੍ਰੀ ਅੰਮ੍ਰਿਤਸਰ ਸਾਹਿਬ ਅਤੇ ਹੋਰ ਸ਼ਹਿਰਾਂ ਨੂੰ ਪਵਿੱਤਰ ਸ਼ਹਿਰਾਂ ਦਾ ਦਰਜਾ ਨਹੀਂ ਦਿੱਤਾ। ਹੁਣ ਤਾਂ ਭਾਜਪਾ ਦਾ ਇੱਕ ਆਗੂ ਜਗਮੋਹਨ ਸਿੰਘ ਰਾਜੂ ਵੀ ਪਿਛਲੇ ਕੁਝ ਮਹੀਨਿਆਂ ਤੋਂ ਸ੍ਰੀ ਅੰਮ੍ਰਿਤਸਰ ਨੂੰ ਪਵਿੱਤਰ ਸ਼ਹਿਰ ਦਾ ਦਰਜਾ ਦਿਵਾਉਣ ਦੀ ਮੰਗ ਕਰ ਰਿਹਾ ਹੈ, ਜਿਸ ਬਾਰੇ ਚਰਚਾ ਹੈ ਕਿ ਇਹ ਸਿਰਫ ਭਾਜਪਾ ਦੀ ਵੋਟ ਸਿਆਸਤ ਹੈ ਕਿਉਂਕਿ ਇਸੇ ਭਾਜਪਾ ਨੇ ਹੀ ਇਸ ਮੰਗ ਦਾ ਸਭ ਤੋਂ ਪਹਿਲਾਂ ਵਿਰੋਧ ਕੀਤਾ ਸੀ ਤੇ ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਵਿਰੁੱਧ ਕਾਰਵਾਈ ਤੇ ਸ੍ਰੀ ਦਰਬਾਰ ਸਾਹਿਬ ਉੱਤੇ ਹਮਲਾ ਕਰਵਾਉਣ ਲਈ ਪਿੜ ਬੰਨ੍ਹਿਆ ਸੀ। ਹੁਣ ਵੇਖਣਾ ਇਹ ਹੋਵੇਗਾ ਕਿ ਭਗਵੰਤ ਮਾਨ ਸਰਕਾਰ ਜੋ ਇਹਨਾਂ ਤਿੰਨਾਂ ਪਵਿੱਤਰ ਸ਼ਹਿਰਾਂ ਵਿੱਚੋਂ ਸ਼ਰਾਬ, ਮੀਟ ਤੇ ਤੰਬਾਕੂ ਦੀਆਂ ਦੁਕਾਨਾਂ ਬਾਹਰ ਕੱਢਦੀ ਵੀ ਹੈ ਜਾਂ ਫਿਰ ਪਹਿਲੀਆਂ ਸਰਕਾਰਾਂ ਵਾਂਗ ਜੁਮਲੇ ਹੀ ਛੱਡਦੀ ਹੈ। ਵੈਸੇ ਭਗਵੰਤ ਮਾਨ ਦੇ ਇਸ ਐਲਾਨ ਨਾਲ ਸਭ ਤੋਂ ਵੱਧ ਤਕਲੀਫ ਸੁਖਬੀਰ ਸਿੰਘ ਬਾਦਲ ਤੇ ਉਸ ਦੀ ਜੁੰਡਲੀ ਨੂੰ ਹੋ ਰਹੀ ਹੈ ਕਿਉਂਕਿ ਸਿੱਖ ਸੰਗਤਾਂ ਸਭ ਤੋਂ ਵੱਧ ਲਾਹਣਤਾਂ ਇਸ ਗਦਾਰ ਟੋਲੇ ਨੂੰ ਹੀ ਪਾ ਰਹੀਆਂ ਹਨ। ਇੱਕ ਗੱਲ ਉੱਤੇ ਹੋਰ ਵੀ ਧਿਆਨ ਦੇਣ ਦੀ ਲੋੜ ਹੈ ਕਿ ਭਗਵੰਤ ਮਾਨ ਸਰਕਾਰ ਨੇ ਇਸ ਐਲਾਨ ਦੌਰਾਨ ਸਿਰਫ ਸ੍ਰੀ ਦਰਬਾਰ ਸਾਹਿਬ ਦੇ ਗਲਿਆਰੇ ਨੂੰ ਹੀ ਪਵਿੱਤਰ ਕਰਨ ਦੀ ਗੱਲ ਕੀਤੀ ਹੈ। ਜਦ ਕਿ ਗਲਿਆਰੇ ਵਿੱਚੋਂ ਤਾਂ ਸਿੱਖ ਜਥੇਬੰਦੀਆਂ ਪਹਿਲਾਂ ਹੀ ਮੀਟ, ਸ਼ਰਾਬ ਤੇ ਤੰਬਾਕੂ ਦੀਆਂ ਦੁਕਾਨਾਂ ਬੰਦ ਕਰਵਾ ਚੁੱਕੀਆਂ ਹਨ। ਇਸ ਐਲਾਨ ਮੁਤਾਬਕ ਗਲਿਆਰੇ ਦਾ ਦਾਇਰਾ ਕਿੰਨਾ ਕੁ ਹੈ ? ਆਮ ਆਦਮੀ ਪਾਰਟੀ ਦੇ ਆਗੂ ਸਰਦਾਰ ਕੁਲਤਾਰ ਸਿੰਘ ਸੰਧਵਾ ਸਪੱਸ਼ਟੀਕਰਨ ਦਿੰਦੇ ਹਨ ਕਿ ਕੀ ਇਹ ਫੈਸਲਾ ਚਾਰ ਦੀਵਾਰੀ ਤੱਕ ਲਾਗੂ ਹੋਵੇਗਾ। ਹੁਣ ਇਹ ਚਾਰ ਦੀਵਾਰੀ ਦਾ ਘੇਰਾ ਵੀ ਕਿੰਨਾ ਕੁ ਹੈ ? ਕੀ ਸਰਕਾਰ ਸ੍ਰੀ ਅੰਮ੍ਰਿਤਸਰ ਦੇ ਸਿੱਖ ਰਾਜ ਸਮੇਂ ਬਣੇ 12 ਦਰਵਾਜ਼ਿਆਂ ਵਿੱਚੋਂ ਇਹ ਦੁਕਾਨਾਂ ਬੰਦ ਕਰਵਾਉਣ ਦੀ ਗੱਲ ਕਰ ਰਹੀ ਹੈ ਜਾਂ ਫਿਰ ਚਾਰ ਦੀਵਾਰੀ ਵੀ ਬਹੁਤ ਘੱਟ ਜਗ੍ਹਾ ਤੱਕ ਸੀਮਤ ਰੱਖੀ ਹੈ।ਸੋ ਸਰਕਾਰ ਨੇ ਇਹ ਭੰਬਲਭੂਸਾ ਕਿਉਂ ਪੈਦਾ ਕੀਤਾ ਹੈ ? ਸੋ ਸਿੱਖ ਸੰਗਤਾਂ ਦਾ ਕਹਿਣਾ ਹੈ ਕਿ ਗਲਿਆਰੇ ਜਾਂ ਚਾਰ ਦਿਵਾਰੀ ਤੱਕ ਸੀਮਤ ਨਾ ਰਹੋ, ਬਲਕਿ ਪੂਰੇ ਸ੍ਰੀ ਅੰਮ੍ਰਿਤਸਰ ਸਾਹਿਬ ਵਿੱਚੋਂ ਮੀਟ, ਸ਼ਰਾਬ ਅਤੇ ਤੰਬਾਕੂ ਦੀਆਂ ਦੁਕਾਨਾਂ ਪੱਕੇ ਤੌਰ ਉੱਤੇ ਬੰਦ ਕਰੋ।



**- ਰਣਜੀਤ ਸਿੰਘ**
**ਦਮਦਮੀ ਟਕਸਾਲ (ਪ੍ਰਧਾਨ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ)**
ਮੋ : 88722-93883.

ਆਵਾਜ਼ਿ ਕੌਮ AWAZE QAUM International Newspaper & WEB TV

**ਖ਼ਾਲਿਸਤਾਨੀ ਸੰਘਰਸ਼ ਦੇ ਤਿੰਨ ਸਕੇ ਜੁਝਾਰੂ ਭਰਾਵਾਂ ਭਾਈ ਪੈਂਟਾ, ਭਾਈ ਕਾਲਾ ਤੇ ਭਾਈ ਰਾਜਾ ਦੀ ਯਾਦ 'ਚ**

# ਮਹਾਨ ਸ਼ਹੀਦੀ ਸਮਾਗਮ 6 ਨੂੰ ਛੱਜਲਵੱਡੀ ਵਿਖੇ ਹੋਵੇਗਾ : ਭਾਈ ਰਣਜੀਤ ਸਿੰਘ ਦਮਦਮੀ ਟਕਸਾਲ



Surjit Singh Painta



Rajwinder Singh Raja



Paramjit Singh Kala



**ਅੰਮ੍ਰਿਤਸਰ, 3 ਦਸੰਬਰ (ਆਵਾਜ਼ਿ ਕੌਮ ਬਿਊਰੋ)-** ਵੀਹਵੀਂ ਸਦੀ ਦੇ ਮਹਾਨ, ਜਰਨੈਲਾਂ ਦੇ ਜਰਨੈਲ ਅਤੇ ਦਮਦਮੀ ਟਕਸਾਲ ਦੇ ਚੌਦ੍ਹਵੇਂ ਮੁਖੀ ਅਮਰ ਸ਼ਹੀਦ ਸੰਤ ਗਿਆਨੀ ਜਰਨੈਲ ਸਿੰਘ ਜੀ ਖ਼ਾਲਸਾ ਭਿੰਡਰਾਂਵਾਲ਼ਿਆਂ ਵੱਲੋਂ ਕੌਮੀ ਘਰ ਖ਼ਾਲਿਸਤਾਨ ਦੇ ਅਰੰਭੇ ਹਥਿਆਰਬੰਦ ਸੰਘਰਸ਼ ਵਿੱਚ ਜੂਝ ਕੇ ਸ਼ਹਾਦਤ ਦਾ ਜਾਮ ਪੀਣ ਵਾਲ਼ੇ ਤਿੰਨ ਸਕੇ ਭਰਾਵਾਂ ਅਮਰ ਸ਼ਹੀਦ ਭਾਈ ਸੁਰਜੀਤ ਸਿੰਘ ਪੈਂਟਾ (ਡਿਪਟੀ ਚੀਫ ਭਿੰਡਰਾਂਵਾਲਾ ਟਾਈਗਰ ਫੋਰਸ ਆਫ ਖਾਲਿਸਤਾਨ), ਲੈਫਟੀਨੈਂਟ ਜਨਰਲ ਸ਼ਹੀਦ ਭਾਈ ਪਰਮਜੀਤ ਸਿੰਘ ਕਾਲਾ, ਲੈਫਟੀਨੈਂਟ ਜਨਰਲ ਸ਼ਹੀਦ ਭਾਈ ਰਾਜਵਿੰਦਰ ਸਿੰਘ ਰਾਜਾ (ਛੋਟਾ ਪੈਂਟਾ) ਅਤੇ ਉਹਨਾਂ ਦੇ ਜੀਜਾ ਜੀ ਸ਼ਹੀਦ ਭਾਈ ਚੈਂਚਲ ਸਿੰਘ ਉਦੋਕੇ ਤੇ ਸਮੂਹ ਪੁਰਾਤਨ ਅਤੇ ਵਰਤਮਾਨ ਸ਼ਹੀਦ ਸਿੰਘਾਂ ਸਿੰਘਣੀਆਂ ਦੀ ਯਾਦ ਵਿੱਚ ਮਹਾਨ ਸ਼ਹੀਦੀ ਸਮਾਗਮ ਗੁਰਦੁਆਰਾ ਬਾਬਾ ਸਾਵਣ ਮੱਲ, ਪਿੰਡ ਛੱਜਲਵੱਡੀ, ਨੇੜੇ ਟਾਂਗਰਾ, ਜ਼ਿਲ੍ਹਾ ਸ੍ਰੀ ਅੰਮ੍ਰਿਤਸਰ ਵਿਖੇ 6 ਦਸੰਬਰ ਨੂੰ ਖ਼ਾਲਸਾਈ ਸ਼ਾਨੋ-ਸ਼ੌਕਤ ਨਾਲ਼ ਮਨਾਇਆ ਜਾਵੇਗਾ। ਇਹ ਜਾਣਕਾਰੀ ਸਾਂਝੀ ਕਰਦਿਆਂ ਸ਼ਹੀਦ ਭਾਈ ਸੁਰਜੀਤ ਸਿੰਘ ਪੈਂਟਾ ਦੇ ਭਰਾਤਾ ਜੁਝਾਰੂ ਗਿਆਨੀ ਹਰਚਰਨ ਸਿੰਘ ਛੱਜਲਵੱਡੀ ਅਤੇ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਸੰਗਤਾਂ ਨੂੰ ਸ਼ਹੀਦੀ ਸਮਾਗਮ ਵਿੱਚ ਪੁੱਜਣ ਦੀ ਅਪੀਲ ਕੀਤੀ ਅਤੇ ਕਿਹਾ ਕਿ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਰਾਗੀ, ਢਾਡੀ, ਕਵੀਸ਼ਰ, ਕਥਾਵਾਚਕ ਤੇ ਪ੍ਰਚਾਰਕ ਹਰ ਜਸ ਅਤੇ ਸ਼ਹੀਦਾਂ ਦਾ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕਰਨਗੇ ਤੇ ਪੰਥਕ ਜਥੇਬੰਦੀਆਂ ਦੇ ਆਗੂ ਸਿੱਖ ਸੰਘਰਸ਼ ਅਤੇ ਅਜੋਕੇ ਹਲਾਤਾਂ ਸੰਬੰਧੀ ਵਿਚਾਰ ਸਾਂਝੇ ਕਰਨਗੇ। ਫੈਡਰੇਸ਼ਨ ਪ੍ਰਧਾਨ ਅਤੇ ਪੰਥਕ ਲੇਖਕ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਦੱਸਿਆ ਕਿ ਜੁਝਾਰੂ ਗਿਆਨੀ ਹਰਚਰਨ ਸਿੰਘ ਛਜਲਵੱਡੀ ਦੇ ਪਰਿਵਾਰ ਦੀ ਵੱਡੀ ਕੁਰਬਾਨੀ ਹੈ, ਉਹਨਾਂ ਦੇ ਤਿੰਨ ਸਕੇ ਭਰਾ ਸ਼ਹੀਦ ਭਾਈ ਸੁਰਜੀਤ ਸਿੰਘ ਪੈਂਟਾ, ਸ਼ਹੀਦ ਭਾਈ ਪਰਮਜੀਤ ਸਿੰਘ ਕਾਲਾ ਅਤੇ ਸ਼ਹੀਦ ਭਾਈ ਰਾਜਵਿੰਦਰ ਸਿੰਘ ਰਾਜਾ ਸਿੱਖ ਸੰਘਰਸ਼ ਵਿੱਚ ਜੂਝ ਕੇ ਸ਼ਹੀਦ ਹੋਏ ਹਨ, ਅਤੇ ਉਹਨਾਂ ਦੇ ਜੀਜਾ ਜੀ ਭਾਈ ਚੈਂਚਲ ਸਿੰਘ ਉਦੋਕੇ ਤੇ ਉਹਨਾਂ ਦਾ ਸਪੁੱਤਰ ਅਤੇ ਭਰਾ ਵੀ ਸੰਘਰਸ਼ ਵਿੱਚ ਲੇਖੇ ਲੱਗੇ ਹਨ।ਸ਼ਹੀਦ ਭਾਈ ਸੁਰਜੀਤ ਸਿੰਘ ਪੈਂਟਾ ਦੇ ਮਾਤਾ-ਪਿਤਾ ਜੀ ਨੇ ਵੀ ਜੇਲ੍ਹ ਕੱਟੀ ਹੈ, ਜੁਝਾਰੂ ਗਿਆਨੀ ਹਰਚਰਨ ਸਿੰਘ ਛੱਜਲਵੱਡੀ ਨੇ ਵੀ ਜੇਲ੍ਹ ਕੱਟੀ ਹੈ ਅਤੇ ਉਹਨਾਂ ਦੀ ਭੈਣ ਬੀਬੀ ਸਰਬਜੀਤ ਕੌਰ ਗੁੱਡੀ ਦੀ ਵੀ ਵੱਡੀ ਕੁਰਬਾਨੀ ਹੈ ਅਤੇ ਸ਼ਹੀਦ ਭਾਈ ਹਰਜਿੰਦਰ ਸਿੰਘ ਜਿੰਦਾ, ਸ਼ਹੀਦ ਭਾਈ ਸੁਖਦੇਵ ਸਿੰਘ ਸੁੱਖਾ ਅਤੇ ਸ਼ਹੀਦ ਭਾਈ ਬਲਜਿੰਦਰ ਸਿੰਘ ਰਾਜੂ ਵੀ ਇਸੇ ਪਰਿਵਾਰ ਨਾਲ ਸੰਬੰਧਿਤ ਸਨ। ਇਸ ਪਰਿਵਾਰ ਦੇ 20 ਦੇ ਕਰੀਬ ਸਿੰਘਾਂ ਨੇ ਸ਼ਹਾਦਤਾਂ ਪਾਈਆਂ ਹਨ। ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਦੱਸਿਆ ਕਿ ਉਹਨਾਂ ਵੱਲੋਂ ਲਿਖੀ ਤਵਾਰੀਖ ਸ਼ਹੀਦ ਏ ਖਾਲਿਸਤਾਨ (ਭਾਗ ਪਹਿਲਾ) ਕਿਤਾਬ ਵਿੱਚ ਇਹਨਾ ਸੂਰਮਿਆਂ ਦਾ ਇਤਿਹਾਸ ਵੀ ਛਾਪਿਆ ਗਿਆ ਹੈ ਜੋ ਗਿਆਨੀ ਹਰਚਰਨ ਸਿੰਘ ਛੱਜਲਵੱਡੀ ਨੂੰ ਸਤਿਕਾਰ ਸਹਿਤ ਭੇਟ ਕੀਤੀ ਗਈ ਹੈ।

ਆਵਾਜ਼ਿ ਕੌਮ AWAZE QAUM International Newspaper & WEB TV